@Qpatrika
@qaumipatrika punjabi
instagram.com/ qaumipatrika
Largest Circulated

विश्व भर में सबसे ज्यादा पढ़ा जाने वाला
Punjabi National Daily

ਕੌਮੀ ਪਤ੍ਰਿਕਾ
Qaumi Patrika NO.1

ਦਿਲ੍ਲੀ, ਹਿਮਾਚਲ, ਹਰਿਯਾਣਾ, ਪੰਜਾਬ, ਉੱਤਰ ਪ੍ਰਦੇਸ਼, ਉੱਤਰਾਖਣ੍ਡ ਸੇ ਪ੍ਰਸਾਰਿਤ।
Thursday, 19 November 2026

VISIT:
www.qaumipatrika.org
Email: qpatrika@gmail.com

ਨਵੀਂ ਦਿੱਲੀ: ਵੀਰਵਾਰ 19 ਨਵੰਬਰ 2026, 6 ਮੱਘਰ ਨਾਨਕਸ਼ਾਹੀ ਸੰਮਤ 555 (ਸਫ਼ੇ-12) ਮੁੱਲ 3.00 ਰੁਪਏ

R.N.I. No. 39272/81— ਸੰਪਾਦਕ — ਗੁਰਚਰਨ ਸਿੰਘ ਬੱਬਰ — ਸਾਲ — 45, ਅੰਕ 11, qpatrika@gmail.com ਫੋਨ : 9971359517 www.qaumipatrika.org

ਨਕਸਲੀ ਹਿੰਸਾ ਦੀ ਸਭ ਤੋਂ ਵੱਡੀ ਕੀਮਤ ਆਦਿਵਾਸੀਆਂ ਨੇ ਚੁਕਾਈ : ਪ੍ਰਧਾਨ ਮੰਤਰੀ ਮੋਦੀ

ਕੌਮੀ ਪਤ੍ਰਿਕਾ
ਸਿਮੀ ਕੌਰ ਬੱਬਰ

ਨਵੀਂ ਦਿੱਲੀ 18 ਨਵੰਬਰ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਕਿ ਨਕਸਲੀ ਹਿੰਸਾ ਕਾਰਨ ਆਦਿਵਾਸੀ ਭਾਈਚਾਰਿਆਂ ਨੂੰ ਸਭ ਤੋਂ ਵੱਧ ਨੁਕਸਾਨ ਝੱਲਣਾ ਪਿਆ ਅਤੇ ਮਾਓਵਾਦੀ ਪ੍ਰਭਾਵਿਤ ਖੇਤਰਾਂ 'ਚ ਉਨ੍ਹਾਂ ਨੂੰ ਵੋਟ ਪਾਉਣ ਦੇ ਅਧਿਕਾਰ ਤੋਂ ਵੀ ਵਾਂਝਾ ਰੱਖਿਆ ਗਿਆ। ਉਨ੍ਹਾਂ ਦੋਸ਼ ਲਾਇਆ ਕਿ ਪਿਛਲੀਆਂ ਸਰਕਾਰਾਂ ਨੇ ਆਦਿਵਾਸੀ ਭਾਈਚਾਰਿਆਂ ਨੂੰ ਉਨ੍ਹਾਂ ਦੇ ਭਵਿੱਖ 'ਤੇ ਛੱਡ ਦਿੱਤਾ ਸੀ। ਪ੍ਰਧਾਨ ਮੰਤਰੀ ਨੇ ਆਦਿਵਾਸੀ ਆਜ਼ਾਦੀ ਘੁਲਾਟੀਏ ਬਿਰਸਾ ਮੁੰਡਾ ਦੀ 151ਵੀਂ ਜਯੰਤੀ ਮੌਕੇ 'ਤੇ ਮਹਾਰਾਸ਼ਟਰ ਦੇ ਗੜ੍ਹਚਿਰੌਲੀ 'ਚ ਆਯੋਜਿਤ ਆਦਿਵਾਸੀ ਮਾਣ ਦਿਵਸ ਪ੍ਰੋਗਰਾਮ ਨੂੰ ਡਿਜੀਟਲ ਮਾਧਿਅਮ ਨਾਲ ਸੰਬੋਧਨ ਕਰਦਿਆਂ ਕਿਹਾ ਕਿ ਪਿਛਲੀਆਂ ਸਰਕਾਰਾਂ ਉਦੋਂ ਵੀ ਚੁੱਪ ਰਹੀਆਂ, ਜਦੋਂ ਮਾਓਵਾਦੀਆਂ ਨੇ ਬੱਚਿਆਂ ਅਤੇ



ਆਦਿਵਾਸੀ ਕੁੜੀਆਂ ਨੂੰ ਜ਼ਬਰਦਸਤੀ ਅਗਵਾ ਕਰਦੇ ਸਨ। ਪੀਐੱਮ ਮੋਦੀ ਨੇ ਕਿਹਾ,ਨਕਸਲੀਆਂ ਨੇ ਆਦਿਵਾਸੀ ਭਾਈਚਾਰਿਆਂ ਨੂੰ ਉਨ੍ਹਾਂ ਦੇ ਵੋਟ ਪਾਉਣ ਦੇ ਅਧਿਕਾਰ ਤੋਂ ਵਾਂਝਾ ਰੱਖਿਆ ਅਤੇ ਪਿਛਲੀਆਂ ਸਰਕਾਰਾਂ ਮੂਕ ਦਰਸ਼ਕ ਬਣੀਆਂ ਰਹੀਆਂ। ਨਰਿੰਦਰ ਮੋਦੀ ਨੇ ਕਿਹਾ ਕਿ ਹੁਣ ਸਥਿਤੀ ਬਦਲ ਗਈ ਹੈ ਕਿਉਂਕਿ ਮਾਓਵਾਦੀ ਹਿੰਸਾ ਖਤਮ ਹੋ ਗਈ ਹੈ। ਆਦਿਵਾਸੀ ਮਾਵਾਂ ਅਤੇ ਭੈਣਾਂ ਸੁਰੱਖਿਅਤ ਮਹਿਸੂਸ ਕਰਦੀਆਂ ਹਨ ਅਤੇ ਸਰਕਾਰ ਨੂੰ ਆਸ਼ੀਰਵਾਦ ਦੇ ਰਹੀਆਂ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਬੱਚਿਆਂ ਦਾ ਬਚਪਨ ਹਿੰਸਾ ਤੋਂ ਪ੍ਰਭਾਵਿਤ ਹੋਇਆ ਸੀ, ਉਨ੍ਹਾਂ ਨੂੰ ਹੁਣ ਸਿੱਖਿਆ ਅਤੇ ਰੁਜ਼ਗਾਰ ਦੇ ਮੌਕੇ ਮਿਲ ਰਹੇ ਹਨ। ਪ੍ਰਧਾਨ ਮੰਤਰੀ ਨੇ ਇਹ ਵੀ ਕਿਹਾ ਕਿ ਪਿਛਲੇ 12-13 ਸਾਲਾਂ 'ਚ ਲਗਭਗ 50 ਕਰੋੜ ਲੋਕ ਅਤਿ ਗਰੀਬੀ ਤੋਂ ਬਾਹਰ ਆਏ ਹਨ। ਉਨ੍ਹਾਂ ਨੇ ਇਸ ਨੂੰ ਆਜ਼ਾਦੀ ਤੋਂ ਬਾਅਦ ਭਾਰਤ ਦੀਆਂ ਸਭ ਤੋਂ ਵੱਡੀਆਂ ਪ੍ਰਾਪਤੀਆਂ 'ਚੋਂ ਇਕ ਦੱਸਿਆ। ਵਿਸ਼ਵ ਬੈਂਕ ਦੀ ਰਿਪੋਰਟ ਦਾ ਹਵਾਲਾ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਇਹ ਪ੍ਰਾਪਤੀ ਸਮਾਜ ਅਤੇ ਨਾਗਰਿਕਾਂ ਦੇ ਸਮੂਹਿਕ ਯਤਨਾਂ ਦਾ ਨਤੀਜਾ ਹੈ। ਸਰਕਾਰ ਦੀਆਂ ਭਲਾਈ ਯੋਜਨਾਵਾਂ ਨੇ ਵੀ ਇਸ 'ਚ ਮਹੱਤਵਪੂਰਨ ਭੂਮਿਕਾ ਨਿਭਾਈ ਹੈ। ਪੀਐੱਮ ਮੋਦੀ ਨੇ ਕਿਹਾ ਕਿ ਕੇਂਦਰ ਸਰਕਾਰ ਨੇ ਕਬਾਇਲੀ ਖੇਤਰਾਂ ਦੇ ਵਿਕਾਸ ਨੂੰ ਤੇਜ਼ ਕਰਨ ਲਈ 'ਪ੍ਰਧਾਨ ਮੰਤਰੀ-ਜਨਮਨ' ਯੋਜਨਾ ਅਤੇ ਧਰਤੀ ਆਬਾ ਜਨਜਾਤੀ ਗ੍ਰਾਮ ਉਤਕਰਸ਼ ਅਭਿਆਨ ਤਹਿਤ 1 ਲੱਖ ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਅਲਾਟ ਕੀਤੀ ਹੈ, ਜੋ ਲੰਬੇ ਸਮੇਂ ਤੋਂ ਬੁਨਿਆਦੀ ਸਹੂਲਤਾਂ ਤੋਂ ਵਾਂਝੇ ਹਨ। ਪ੍ਰਧਾਨ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਗਰੀਬ ਪਰਿਵਾਰਾਂ ਨੂੰ 4 ਕਰੋੜ ਤੋਂ ਵੱਧ ਪੱਕੇ ਘਰ ਪ੍ਰਦਾਨ ਕੀਤੇ ਹਨ, ਜਿਸ 'ਚ ਵਾਂਝੇ ਭਾਈਚਾਰਿਆਂ ਨੂੰ ਤਰਜੀਹ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਆਜ਼ਾਦੀ ਤੋਂ ਬਾਅਦ ਵੀ ਦਹਾਕਿਆਂ ਬਾਅਦ ਵੀ ਬਿਜਲੀ ਤੋਂ ਬਿਨਾਂ ਰਹੇ 18,000 ਪਿੰਡਾਂ ਨੂੰ ਬਿਜਲੀ ਪ੍ਰਦਾਨ ਕੀਤੀ ਗਈ ਹੈ ਅਤੇ ਆਯੁਸ਼ਮਾਨ ਭਾਰਤ ਯੋਜਨਾ ਤਹਿਤ, ਲੋਕਾਂ ਨੂੰ 5 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਲੱਦਾਖ ਦੇ ਉੱਪ ਰਾਜਪਾਲ ਨੇ ਅੰਮ੍ਰਿਤ ਸਰੋਵਰ ਪ੍ਰਾਜੈਕਟ ਦੇ ਅਧੀਨ 97 ਜਲ ਭੰਡਾਰਾਂ ਨੂੰ ਦਿੱਤੀ ਮਨਜ਼ੂਰੀ

ਕੌਮੀ ਪਤ੍ਰਿਕਾ

ਲੇਹ/ਜੰਮੂ 18 ਨਵੰਬਰ। ਲੱਦਾਖ ਦੇ ਉਪ ਰਾਜਪਾਲ ਵਿਨੈ ਕੁਮਾਰ ਸਕਸੈਨਾ ਨੇ ਅੰਮ੍ਰਿਤ ਸਰੋਵਰ ਪ੍ਰਾਜੈਕਟ ਤਹਿਤ 97 ਵਾਧੂ ਜਲ ਭੰਡਾਰਾਂ ਦੇ ਨਿਰਮਾਣ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਕ ਅਧਿਕਾਰੀ ਨੇ ਐਤਵਾਰ ਨੂੰ ਇਹ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਸ ਦੇ ਨਾਲ ਹੀ ਕੇਂਦਰ ਸ਼ਾਸਿਤ ਪ੍ਰਦੇਸ਼ 'ਚ ਅਗਲੇ ਸਾਲ ਜਨਵਰੀ ਤੱਕ ਕੁੱਲ 163 ਤਲਾਬਾਂ ਨੂੰ ਚਾਲੂ ਕਰਨ ਦੀ ਯੋਜਨਾ ਹੈ। ਅਧਿਕਾਰੀ ਨੇ ਕਿਹਾ ਕਿ ਉਚਾਈ ਵਾਲੇ ਠੰਡੇ ਮਾਰੂਥਲ ਖੇਤਰ ਲੱਦਾਖ 'ਚ ਸਰਦੀ ਸ਼ੁਰੂ ਹੋਣ ਦੇ ਨਾਲ ਹੀ ਪ੍ਰਸ਼ਾਸਨ ਇਸ ਮੁਸ਼ਕਲ ਮੌਸਮ ਨੂੰ ਪਾਣੀ ਸੰਭਾਲ ਦੇ ਯਤਨਾਂ ਨੂੰ ਤੇਜ਼ ਕਰਨ ਦੇ ਮੌਕੇ ਵਜੋਂ ਵਰਤ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਪਹਿਲ ਦਾ ਉਦੇਸ਼ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਪ੍ਰਤੀ ਲਚਕੀਲਾਪਣ ਨੂੰ ਮਜ਼ਬੂਤ ??ਕਰਨਾ, ਸਿੰਚਾਈ ਲਈ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਅਤੇ ਪੇਂਡੂ ਰੋਜ਼ੀ-ਰੋਟੀ ਦੀ ਰੱਖਿਆ ਕਰਨਾ ਹੈ। ਅਧਿਕਾਰੀ ਨੇ ਕਿਹਾ ਕਿ ਪ੍ਰਸ਼ਾਸਨ ਨੇ ਅੰਮ੍ਰਿਤ ਸਰੋਵਰ ਪ੍ਰਾਜੈਕਟ 'ਤੇ ਕੰਮ ਤੇਜ਼ ਕਰ ਦਿੱਤਾ ਹੈ, ਜਿਸ ਤਹਿਤ ਉਪ ਰਾਜਪਾਲ ਨੇ ਲੱਦਾਖ 'ਚ 97 ਨਵੇਂ ਜਲ ਭੰਡਾਰਾਂ ਦੇ ਨਿਰਮਾਣ ਨੂੰ



ਮਨਜ਼ੂਰੀ ਦਿੱਤੀ ਹੈ। ਉਨ੍ਹਾਂ ਦੱਸਿਆ,ਇਸ ਮਹੱਤਵਪੂਰਨ ਪਹਿਲ ਦਾ ਉਦੇਸ਼ ਕੜਾਕੇ ਦੀ ਸਰਦੀ ਦੌਰਾਨ ਮਿਸ਼ਨ ਮੋਡ 'ਚ ਜਲਵਾਯੂ ਪਰਿਵਰਤਨ ਦੇ ਪ੍ਰਭਾਵਾਂ ਨਾਲ ਨਜਿੱਠਣਾ, ਖੇਤੀਬਾੜੀ ਲਈ ਪਾਣੀ ਦੀ ਉਪਲਬਧਤਾ ਨੂੰ ਯਕੀਨੀ ਬਣਾਉਣਾ ਅਤੇ ਪੇਂਡੂ ਖੇਤਰਾਂ 'ਚ ਟਿਕਾਊ ਵਿਕਾਸ ਨੂੰ ਉਤਸ਼ਾਹਿਤ ਕਰਨਾ ਹੈ।" ਅਧਿਕਾਰੀ ਨੇ ਕਿਹਾ ਕਿ ਉਪ ਰਾਜਪਾਲ ਨੇ ਜਨ ਸਿਹਤ ਇੰਜੀਨੀਅਰਿਗ ਵਿਭਾਗ ਅਤੇ ਸਬੰਧਤ ਅਧਿਕਾਰੀਆਂ ਨੂੰ 31 ਜਨਵਰੀ 2027 ਤੱਕ ਮਿਸ਼ਨ ਮੋਡ 'ਚ ਇਨ੍ਹਾਂ ਕੰਮਾਂ ਨੂੰ ਪੂਰਾ ਕਰਨ ਦੇ ਨਿਰਦੇਸ਼ ਦਿੱਤਾ।

ਮੁੱਖ ਮੰਤਰੀ ਸੈਣੀ ਨਾਲ ਡੇਰਾ ਬਿਆਸ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਕੀਤੀ ਮੁਲਾਕਾਤ

ਚੰਡੀਗੜ੍ਹ 18 ਨਵੰਬਰ। ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨਾਲ ਚੰਡੀਗੜ੍ਹ 'ਚ ਡੇਰਾ ਰਾਧਾ ਸੁਆਮੀ ਸਤਿਸੰਗ ਬਿਆਸ ਦੇ ਮੁਖੀ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਸੋਮਵਾਰ ਨੂੰ ਮੁਲਾਕਾਤ ਕੀਤੀ। ਇਹ ਮੁਲਾਕਾਤ ਮੁੱਖ ਮੰਤਰੀ ਦੇ ਸਰਕਾਰੀ ਨਿਵਾਸ, ਸੰਤ ਕਬੀਰ ਕੁਟੀਰ, ਚੰਡੀਗੜ੍ਹ ਵਿਖੇ ਹੋਈ। ਪਰਿਵਾਰ ਸਮੇਤ ਮੁੱਖ ਮੰਤਰੀ ਨੇ ਬਾਬਾ ਗੁਰਿੰਦਰ ਸਿੰਘ ਢਿੱਲੋਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਸਨਮਾਨਿਤ ਕੀਤਾ। ਹਾਲਾਂਕਿ, ਉਨ੍ਹਾਂ ਵਿਚਾਲੇ ਹੋਈ ਗੱਲਬਾਤ ਦੇ ਵਿਸ਼ਿਆਂ ਨੂੰ ਲੈ ਕੇ ਕੋਈ ਅਧਿਕਾਰਤ ਜਾਣਕਾਰੀ ਸਾਹਮਣੇ ਨਹੀਂ ਆਈ ਹੈ। ਮੁੱਖ ਮੰਤਰੀ ਸੈਣੀ ਨੇ ਮੁਲਾਕਾਤ ਮਗਰੋਂ ਕਿਹਾ ਕਿ ਸੰਤਾਂ ਦਾ ਆਸ਼ੀਰਵਾਦ ਜੀਵਨ 'ਚ ਸਕਾਰਾਤਮਕਤਾ ਨਾਲ ਅੱਗੇ ਵਧਣ ਦੀ ਪ੍ਰੇਰਨਾ ਦਿੰਦਾ ਹੈ। ਉਨ੍ਹਾਂ ਨੇ ਬਾਬਾ ਗੁਰਿੰਦਰ ਸਿੰਘ ਢਿੱਲੋਂ ਦਾ ਸਵਾਗਤ ਕੀਤਾ ਅਤੇ ਉਨ੍ਹਾਂ ਦਾ ਪਿਆਰ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ। ਸੈਣੀ ਨੇ ਕਿਹਾ ਕਿ ਸਮਾਜ 'ਚ ਫੈਲੀਆਂ ਬੁਰਾਈਆਂ ਨੂੰ ਦੂਰ ਕਰਨ ਅਤੇ ਸਮਾਜਿਕ ਸਦਭਾਵਨਾ ਨੂੰ ਮਜ਼ਬੂਤ ਬਣਾਉਣ 'ਚ ਸੰਤਾਂ ਅਤੇ ਮਹਾਪੁਰਖਾਂ ਦਾ ਹਮੇਸ਼ਾ ਮਹੱਤਵਪੂਰਨ ਯੋਗਦਾਨ ਰਿਹਾ ਹੈ। ਸੇਵਾ ਅਤੇ ਸਮਾਜਿਕ ਸਦਭਾਵਨਾ ਦੇ ਖੇਤਰ 'ਚ ਰਾਧਾ ਸੁਆਮੀ ਸਤਿਸੰਗ ਬਿਆਸ ਦੀ ਭੂਮਿਕਾ ਸ਼ਲਾਘਾਯੋਗ ਅਤੇ ਪ੍ਰੇਰਨਾਦਾਇਕ ਹੈ। ਮੁੱਖ ਮੰਤਰੀ ਅਤੇ ਬਾਬਾ ਗੁਰਿੰਦਰ ਸਿੰਘ ਢਿੱਲੋਂ ਵਿਚਕਾਰ ਸਾਲ 2026 'ਚ ਨਵੰਬਰ ਤੱਕ ਇਹ ਤੀਜੀ ਮੁਲਾਕਾਤ ਹੈ। ਇਸ ਤੋਂ ਪਹਿਲਾਂ 27 ਮਾਰਚ ਨੂੰ ਬਾਬਾ ਗੁਰਿੰਦਰ ਸਿੰਘ ਢਿੱਲੋਂ ਨੇ ਚੰਡੀਗੜ੍ਹ ਸਥਿਤ ਸੰਤ ਕਬੀਰ ਕੁਟੀਰ ਵਿਖੇ ਮੁੱਖ ਮੰਤਰੀ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਸੀ।

ਦਿੱਲੀ ਗੁਰਦੁਆਰਾ ਕਮੇਟੀ ਵੱਲੋਂ ਉਪ ਰਾਜਪਾਲ ਨੂੰ ਬੇਅਦਬੀ ਦੇ ਦੋਸ਼ੀ ਖਿਲਾਫ ਸਖ਼ਤ ਕਾਰਵਾਈ ਦੇ ਹੁਕਮ ਦੇਣ ਦੀ ਅਪੀਲ

ਘਟਨਾ 'ਤੇ ਪਰਦਾ ਪਾਉਣ ਵਾਲੇ ਪ੍ਰਬੰਧਕਾਂ ਖਿਲਾਫ ਵੀ ਹੋਵੇ ਕਾਰਵਾਈ: ਕਾਲਕਾ, ਕਾਹਲੋਂ

ਕੌਮੀ ਪਤ੍ਰਿਕਾ
ਤੇਜਿੰਦਰ ਕੌਰ ਬੱਬਰ

ਨਵੀਂ ਦਿੱਲੀ, 18 ਨਵੰਬਰ: ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦਿੱਲੀ ਦੇ ਉਪ ਰਾਜਪਾਲ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਅਪੀਲ ਕੀਤੀ ਹੈ ਕਿ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਸਾਹਿਬਪੁਰਾ ਵਿਚ ਵਾਪਰੀ ਬੇਅਦਬੀ ਦੀ ਘਟਨਾ ਦੇ ਦੋਸ਼ੀ ਖਿਲਾਫ ਸਖ਼ਤ ਤੋਂ ਸਖ਼ਤ ਕਾਰਵਾਈ ਲਈ ਉਹ ਪੁਲਿਸ ਵਿਭਾਗ ਨੂੰ ਲੋੜੀਂਦੀਆਂ ਹਦਾਇਤਾਂ ਜਾਰੀ ਕਰਨ। ਉਹਨਾਂ ਨਾਲ ਹੀ ਇਹ ਵੀ ਮੰਗ ਕੀਤੀ ਕਿ ਘਟਨਾ 'ਤੇ ਪਰਦਾ ਪਾਉਣ ਦੇ ਯਤਨ ਕਰਨ ਵਾਲੇ ਪ੍ਰਬੰਧਕਾਂ ਦੇ ਖਿਲਾਫ ਵੀ ਕਾਰਵਾਈ ਕੀਤੀ ਜਾਵੇ। ਇਥੇ ਜਾਰੀ ਕੀਤੇ ਇਕ ਬਿਆਨ ਵਿਚ ਸਰਦਾਰ ਕਾਲਕਾ ਤੇ ਸਰਦਾਰ ਕਾਹਲੋਂ ਨੇ ਉਪ ਰਾਜਪਾਲ ਨੂੰ ਅਪੀਲ ਕੀਤੀ ਕਿ ਇਹ ਬੇਹੱਦ ਸੰਵੇਦਨਸ਼ੀਲ ਮਾਮਲਾ ਹੈ। ਖੁਦ ਇਕ ਸਿੱਖ ਹੋਣ ਦੇ ਨਾਅਤੇ ਉਪ ਰਾਜਪਾਲ ਮਹਿਸੂਸ ਕਰ ਸਕਦੇ ਹਨ ਕਿ ਅਜਿਹੀ ਘਟਨਾ ਨਾਲ ਸਾਰੀ ਦੁਨੀਆਂ ਵਿਚ ਬੈਠ ਸਿੱਖਾਂ ਦੇ ਹਿਰਦੇ ਵਲੂੰਧਰੇ ਗਏ ਹਨ। ਉਹਨਾਂ ਕਿਹਾ ਕਿ ਪੁਲਿਸ ਨੂੰ ਦੋਸ਼ੀ ਦੇ ਖਿਲਾਫ ਸਖ਼ਤ ਤੋਂ ਸਖ਼ਤ ਧਾਰਾਵਾਂ ਲਗਾਉਣੀਆਂ ਚਾਹੀਦੀਆਂ ਹਨ ਤਾਂ ਜੋ ਮੰਦਬੁੱਧੀ ਦਾ ਬਹਾਨਾ ਬਣਾ ਕੇ ਛੁੱਟ ਨਾ ਸਕੇ। ਉਹਨਾਂ ਕਿਹਾ ਕਿ ਅਜਿਹੀਆਂ ਘਟਨਾਵਾਂ



ਉਦੋਂ ਹੀ ਵਾਪਰਨੀਆਂ ਸ਼ੁਰੂ ਹੁੰਦੀਆਂ ਹਨ ਜਦੋਂ ਚੋਣਾਂ ਨੇੜੇ ਹੋਣ ਤੇ ਪੰਜਾਬ ਚੋਣਾਂ ਸਿਰ 'ਤੇ ਹਨ। ਉਹਨਾਂ ਕਿਹਾ ਕਿ ਕੁਝ ਲੋਕ ਇਹ ਮਹਿਸੂਸ ਕਰਦੇ ਹਨ ਕਿ 2015 ਵਿਚ ਵਾਪਰੀਆਂ ਬੇਅਦਬੀ ਦੀਆਂ ਘਟਨਾਵਾਂ ਵਿਚ ਕੋਈ ਕਾਰਵਾਈ ਨਹੀਂ ਹੋਈ ਤਾਂ ਹੁਣ ਵੀ ਨਹੀਂ ਹੋਵੇਗੀ ਪਰ ਉਹ ਭੁਲੇਖੇ ਵਿਚ ਹਨ ਕਿਉਂਕਿ ਇਹ ਦਿੱਲੀ ਹੈ। ਉਹਨਾਂ ਕਿਹਾ ਕਿ ਅਸੀਂ ਪੂਰੀ ਜ਼ਿੰਮੇਵਾਰੀ ਨਾਲ ਮਾਮਲੇ ਦੀ ਪੈਰਵੀ ਕਰ ਰਹੇ ਹਾਂ ਤੇ ਯਕੀਨੀ ਬਣਾਵਾਂਗੇ ਕਿ ਦੋਸ਼ੀ ਨੂੰ ਸਖ਼ਤ ਤੋਂ ਸਖ਼ਤ ਸਜ਼ਾ ਮਿਲੇ। ਉਹਨਾਂ ਇਹ ਵੀ ਕਿਹਾ ਕਿ ਇਸ ਘਟਨਾ ਨੂੰ ਲੁਕੋ ਕੇ ਰੱਖਣ ਲਈ ਪ੍ਰਬੰਧਕਾਂ ਦੇ ਖਿਲਾਫ ਵੀ ਕਾਰਵਾਈ ਹੋਣੀ ਚਾਹੀਦੀ ਹੈ। ਉਹਨਾਂ ਨੇ ਗੁਰੂ ਕੀ ਲਾਡਲੀ ਫੌਜ ਨਿਹੰਗ ਸਿੰਘਾਂ ਵੱਲੋਂ ਕੱਲ੍ਹ ਵਿਖਾਈ ਭਾਵੁਕਤਾ ਦੀ ਵੀ ਸ਼ਲਾਘਾ ਕੀਤੀ ਪਰ ਨਾਲ ਹੀ ਕਿਹਾ ਕਿ ਸਾਨੂੰ ਇਸ ਗੱਲ ਦਾ ਵੀ ਖਿਆਲ ਰੱਖਣਾ ਹੋਵੇ ਕਿ ਕਾਨੂੰਨ ਵਿਵਸਥਾ ਬਣੀ ਰਹੇ। ਉਹਨਾਂ ਨੇ ਸਮੁੱਚੀ ਦਿੱਲੀ ਦੇ ਗੁਰੂ ਘਰਾਂ ਦੇ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪ੍ਰਬੰਧਾਂ ਅਧੀਨ ਗੁਰੂ ਘਰਾਂ ਵਿਚ ਸੀ ਸੀ ਟੀ ਵੀ ਕੈਮਰੇ ਲੱਗਣੇ ਯਕੀਨੀ ਬਣਾਉਣ ਤੇ ਚੌਕਸੀ ਰੱਖਣ ਤਾਂ ਜੋ ਅਜਿਹੀਆਂ ਮੰਦਭਾਗੀਆਂ ਘਟਨਾਵਾਂ ਵਾਪਰਨ ਤੋਂ ਰੋਕੀਆਂ ਜਾ ਸਕਣ।

ਹੁਣ ਅਮਰੀਕਾ ਦਾ ਸਫ਼ਰ ਹੋਵੇਗਾ ਹੋਰ ਆਸਾਨ !

ਕੌਮੀ ਪਤ੍ਰਿਕਾ

ਨਵੀਂ ਦਿੱਲੀ 18 ਨਵੰਬਰ। ਏਅਰ ਇੰਡੀਆ ਨੇ ਹਵਾਈ ਖੇਤਰ ਦੀਆਂ ਪਾਬੰਦੀਆਂ ਹਟਾਏ ਜਾਣ ਤੋਂ ਬਾਅਦ ਦਿੱਲੀ ਤੇ ਮੁੰਬਈ ਤੋਂ ਨਿਊਯਾਰਕ ਅਤੇ ਨਿਊਯਾਰਕ ਲਈ ਸਿੱਧੀਆਂ ਉਡਾਣਾਂ ਮੁੜ ਸ਼ੁਰੂ ਕੀਤੀਆਂ। ਇਸ ਨਾਲ ਇਨ੍ਹਾਂ ਰੂਟਾਂ 'ਤੇ ਯਾਤਰਾ ਦਾ ਸਮਾਂ 17 ਘੰਟਿਆਂ ਤੋਂ ਲਗਭਗ ਪੰਜ ਘੰਟੇ ਘੱਟ ਗਿਆ ਹੈ। ਸੂਤਰਾਂ ਨੇ ਦੱਸਿਆ ਕਿ ਏਅਰ ਇੰਡੀਆ ਨੇ ਇਸ ਮਹੀਨੇ ਦੇ ਪਹਿਲੇ ਹਫ਼ਤੇ ਤੋਂ ਇਰਾਕੀ ਹਵਾਈ ਖੇਤਰ ਦੀ ਵਰਤੋਂ ਕਰਕੇ ਇਨ੍ਹਾਂ ਰੂਟਾਂ 'ਤੇ ਸਿੱਧੀਆਂ ਉਡਾਣਾਂ ਮੁੜ ਸ਼ੁਰੂ ਕੀਤੀਆਂ ਹਨ। ਏਅਰ ਇੰਡੀਆ ਦਿੱਲੀ ਤੋਂ ਨਿਊਯਾਰਕ ਲਈ ਇੱਕ ਰੋਜ਼ਾਨਾ ਉਡਾਣ ਅਤੇ ਨਿਊਯਾਰਕ ਲਈ ਚਾਰ ਹਫਤਾਵਾਰੀ ਉਡਾਣਾਂ ਚਲਾਉਂਦੀ ਹੈ। ਇਹ ਸਾਰੀਆਂ ਉਡਾਣਾਂ 1350-900 ਜਹਾਜ਼ਾਂ ਨਾਲ ਚਲਾਈਆਂ ਜਾਂਦੀਆਂ ਹਨ। ਮੁੰਬਈ ਤੋਂ ਏਅਰਲਾਈਨ ਨਿਊਯਾਰਕ ਲਈ ਰੋਜ਼ਾਨਾ ਉਡਾਣਾਂ ਅਤੇ ਨਿਊਯਾਰਕ ਲਈ ਤਿੰਨ ਹਫਤਾਵਾਰੀ ਉਡਾਣਾਂ ਚਲਾਉਂਦੀ ਹੈ। ਇਹ ਰੂਟ ਬੋਇੰਗ 777-3005R ਜਹਾਜ਼ਾਂ ਦੀ ਵਰਤੋਂ ਕਰਕੇ ਚਲਾਈਆਂ ਜਾਂਦੀਆਂ ਹਨ। ਏਅਰ ਇੰਡੀਆ ਨੇ ਐਤਵਾਰ ਨੂੰ ਕਿਹਾ ਕਿ ਹਵਾਈ ਖੇਤਰ ਦੀਆਂ ਪਾਬੰਦੀਆਂ ਨੂੰ ਢਿੱਲ ਦੇਣ ਤੋਂ ਬਾਅਦ ਦਿੱਲੀ ਅਤੇ ਮੁੰਬਈ ਤੋਂ ਨਿਊਯਾਰਕ ਅਤੇ ਨਿਊਯਾਰਕ ਲਈ ਉਡਾਣਾਂ ਲਈ ਯਾਤਰਾ ਦਾ ਸਮਾਂ ਲਗਭਗ ਪੰਜ ਘੰਟੇ ਘਟਾ ਕੇ 17 ਘੰਟੇ ਕਰ ਦਿੱਤਾ ਗਿਆ ਹੈ। ਪਹਿਲਾਂ, ਇਟਲੀ ਦੇ ਰੋਮ ਵਿੱਚ ਰਿਫਿਊਲਿੰਗ ਸਟਾਪ ਕਾਰਨ ਇਨ੍ਹਾਂ ਉਡਾਣਾਂ ਵਿੱਚ ਲਗਭਗ 22 ਘੰਟੇ ਲੱਗਦੇ ਸਨ। ਇਸ ਸਾਲ, ਖੇਤਰੀ ਟਕਰਾਵਾਂ ਦੇ ਵਿਚਕਾਰ ਪਾਕਿਸਤਾਨ ਦੇ ਹਵਾਈ ਖੇਤਰ ਅਤੇ ਪੱਛਮੀ ਏਸ਼ੀਆ ਦੇ ਕੁਝ ਹਿੱਸਿਆਂ ਵਿੱਚ ਹਵਾਈ ਖੇਤਰ ਦੀਆਂ ਪਾਬੰਦੀਆਂ ਦੇ ਬੰਦ ਹੋਣ ਨਾਲ ਭਾਰਤ ਅਤੇ ਉੱਤਰੀ ਅਮਰੀਕਾ

ਗੁਰਦਾਸਪੁਰ 'ਚ ਪੁਲਸ ਦਾ ਵੱਡਾ ਐਕਸ਼ਨ, 300 ਪੁਲਸ ਮੁਲਾਜ਼ਮਾਂ ਨੇ ਘੇਰੇ ਨਸ਼ਿਆਂ ਦੇ ਬਦਨਾਮ ਇਲਾਕੇ

ਕੌਮੀ ਪੜ੍ਹਿਕਾ

ਗੁਰਦਾਸਪੁਰ 18 ਨਵੰਬਰ। ਜ਼ਿਲ੍ਹੇ ਵਿੱਚ ਨਸ਼ਿਆਂ ਦੀ ਰੋਕਥਾਮ ਅਤੇ ਨਸ਼ਾ ਤਸਕਰੀ ਦੀਆਂ ਗਤੀਵਿਧੀਆਂ 'ਤੇ ਨਕੇਲ ਕੱਸਣ ਲਈ ਗੁਰਦਾਸਪੁਰ ਪੁਲਸ ਵੱਲੋਂ ਕਾਰਵਾਈ ਲਗਾਤਾਰ ਜਾਰੀ ਹੈ। ਇਸੇ ਲੜੀ ਤਹਿਤ ਅੱਜ ਸਵੇਰੇ ਤੜਕਸਾਰ ਪੁਲਿਸ ਨੇ ਜ਼ਿਲ੍ਹੇ ਭਰ ਵਿੱਚ ਵੱਡੇ ਪੱਧਰ 'ਤੇ ਤਲਾਸ਼ੀ ਮੁਹਿੰਮ ਚਲਾਈ। ਐੱਸਐੱਸਪੀ ਅਦਿੱਤਿਆ ਦੀ ਅਗਵਾਈ ਹੇਠ ਸਵੇਰੇ 6 ਵਜੇ ਸ਼ੁਰੂ ਕੀਤੀ ਗਈ ਇਸ ਮੁਹਿੰਮ ਦੌਰਾਨ ਪੁਲਿਸ ਦੀਆਂ 15 ਵੱਖ-ਵੱਖ ਟੀਮਾਂ ਨੇ ਨਸ਼ਿਆਂ ਲਈ ਬਦਨਾਮ ਇਲਾਕਿਆਂ ਨੂੰ ਘੇਰ ਕੇ ਸ਼ੱਕੀ ਥਾਵਾਂ ਦੀ ਬਾਰੀਕੀ ਨਾਲ ਜਾਂਚ ਕੀਤੀ। ਇਸ ਕਾਰਵਾਈ ਵਿੱਚ ਲਗਭਗ 300 ਪੁਲਸ ਮੁਲਾਜ਼ਮ ਸ਼ਾਮਲ ਹੋਏ। ਸਵੇਰ ਹੁੰਦਿਆਂ ਹੀ ਸ਼ੁਰੂ ਕੀਤੀ ਗਈ ਇਸ ਕਾਰਵਾਈ ਦਾ ਮਕਸਦ ਨਸ਼ਿਆਂ ਨਾਲ ਜੁੜੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣਾ, ਸ਼ੱਕੀ ਵਿਅਕਤੀਆਂ ਦੀ ਜਾਂਚ ਕਰਨਾ ਅਤੇ ਨਸ਼ੀਲੇ ਪਦਾਰਥਾਂ ਦੀ



ਸਪਲਾਈ ਤੇ ਵਿਕਰੀ ਨੂੰ ਰੋਕਣਾ ਸੀ। ਪੁਲਸ ਟੀਮਾਂ ਨੇ ਵੱਖ-ਵੱਖ ਥਾਵਾਂ 'ਤੇ ਪਹੁੰਚ ਕੇ ਜਾਂਚ ਕੀਤੀ ਅਤੇ ਸ਼ੱਕ ਦੇ ਆਧਾਰ 'ਤੇ ਵਿਅਕਤੀਆਂ ਦੀ ਤਲਾਸ਼ੀ ਲਈ। ਪੁਲਸ ਦੀ ਇਸ ਕਾਰਵਾਈ ਨਾਲ ਨਸ਼ਿਆਂ ਦੀ ਸਮੱਸਿਆ ਵਾਲੇ ਇਲਾਕਿਆਂ ਵਿੱਚ ਸਵੇਰ ਤੋਂ ਹੀ ਹਲਚਲ ਦੇਖਣ ਨੂੰ ਮਿਲੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸਐੱਸਪੀ ਅਦਿੱਤਿਆ ਨੇ ਦੱਸਿਆ ਕਿ ਗੁਰਦਾਸਪੁਰ ਪੁਲਿਸ ਵੱਲੋਂ ਨਸ਼ਿਆਂ ਖ਼?ਲਾਫ਼ ਲਗਾਤਾਰ ਮੁਹਿੰਮ ਚਲਾਈ ਜਾ ਰਹੀ ਹੈ ਅਤੇ ਇਸ ਤਹਿਤ ਸਮੇਂ-ਸਮੇਂ 'ਤੇ ਨਸ਼ਿਆਂ ਲਈ ਬਦਨਾਮ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਕੀਤੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਅੱਜ ਵੀ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਨੂੰ ਘੇਰ ਕੇ ਸ਼ੱਕੀ ਥਾਵਾਂ ਦੀ ਤਲਾਸ਼ੀ ਲਈ ਗਈ। ਇਸ ਦੌਰਾਨ ਪੁਲਿਸ ਵੱਲੋਂ ਕਈ ਵਿਅਕਤੀਆਂ ਨੂੰ ਕਾਬੂ ਕਰਨ ਦੇ ਨਾਲ-ਨਾਲ ਨਸ਼ੀਲੇ ਪਦਾਰਥ ਵੀ ਬਰਾਮਦ ਕੀਤੇ ਗਏ ਹਨ। ਐੱਸਐੱਸਪੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਕਾਰਵਾਈ ਨੂੰ ਲਗਾਤਾਰ ਜਾਰੀ ਰੱਖਿਆ ਜਾ ਰਿਹਾ ਹੈ ਅਤੇ ਇਸ ਮਾਮਲੇ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਨਹੀਂ ਵਰਤੀ ਜਾਵੇਗੀ। ਪੁਲਿਸ ਵੱਲੋਂ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਵਿਅਕਤੀਆਂ 'ਤੇ ਨਜ਼ਰ ਰੱਖਣ ਦੇ ਨਾਲ-ਨਾਲ ਸ਼ੱਕੀ ਗਤੀਵਿਧੀਆਂ ਦੀ ਜਾਂਚ ਵੀ ਕੀਤੀ ਜਾ ਰਹੀ ਹੈ। ਇਸੇ ਮੁਹਿੰਮ ਤਹਿਤ ਗੁਰਦਾਸਪੁਰ ਸ਼ਹਿਰ ਦੇ ਨੰਗਲ ਕੋਟਲੀ ਮੁਹੱਲੇ ਵਿੱਚ ਵੀ ਪੁਲਿਸ ਵੱਲੋਂ ਵਿਸ਼ੇਸ਼ ਚੈਕਿੰਗ ਕੀਤੀ ਗਈ। ਐੱਸਪੀ ਮਨਿੰਦਰਪਾਲ ਸਿੰਘ ਦੀ ਅਗਵਾਈ ਹੇਠ ਡੀਐੱਸਪੀ ਸਿਟੀ ਸ਼ਹਿਬਾਜ਼ ਸਿੰਘ ਅਤੇ ਹੋਰ ਪੁਲਸ ਮੁਲਾਜ਼ਮਾਂ ਨੇ ਇਲਾਕੇ ਵਿੱਚ ਪਹੁੰਚ ਕੇ ਜਾਂਚ ਕੀਤੀ। ਇਸ ਦੌਰਾਨ ਸ਼ੱਕੀ ਥਾਵਾਂ ਦੀ ਤਲਾਸ਼ੀ ਲੈਣ ਦੇ ਨਾਲ-ਨਾਲ ਇਲਾਕੇ ਵਿੱਚ ਨਸ਼ਿਆਂ ਨਾਲ ਸਬੰਧਤ ਗਤੀਵਿਧੀਆਂ ਬਾਰੇ ਵੀ ਜਾਂਚ ਕੀਤੀ ਗਈ। ਪੁਲਸ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਹਿੱਸਿਆਂ ਵਿੱਚ ਇੱਕੋ ਸਮੇਂ ਚਲਾਈ ਗਈ ਇਸ ਮੁਹਿੰਮ ਨੂੰ ਨਸ਼ਿਆਂ ਖ਼?ਲਾਫ਼ ਜਾਰੀ ਕਾਰਵਾਈ ਦਾ ਹਿੱਸਾ ਦੱਸਿਆ ਗਿਆ ਹੈ। ਪੁਲਿਸ ਅਧਿਕਾਰੀਆਂ ਅਨੁਸਾਰ ਨਸ਼ਿਆਂ ਦੀ ਰੋਕਥਾਮ ਲਈ ਅਜਿਹੀਆਂ ਚੈਕਿੰਗ ਮੁਹਿੰਮਾਂ ਜਾਰੀ ਰਹਿਣਗੀਆਂ।

22 ਸਾਲਾ ਨੌਜਵਾਨ ਦੀ ਡਰੇਨ 'ਚੋਂ ਲਾਸ਼ ਮਿਲਣ 'ਤੇ ਇਲਾਕੇ 'ਚ ਸਨਸਨੀ

ਕੌਮੀ ਪੜ੍ਹਿਕਾ

ਭਵਾਨੀਗੜ੍ਹ 18 ਨਵੰਬਰ। ਭਵਾਨੀਗੜ੍ਹ ਨੇੜਲੇ ਪਿੰਡ ਕਾਲਾਝਾੜ ਵਿਖੇ ਅੱਜ ਇਕ ਡਰੇਨ ਵਿਚੋਂ ਇਕ 22 ਸਾਲਾ ਨੌਜਵਾਨ ਦੀ ਲਾਸ਼ ਮਿਲਣ ਤੇ ਇਲਾਕੇ ਦੇ ਵਿਚ ਸਨਸਨੀ ਫੈਲ ਜਾਣ ਦਾ ਸਮਾਚਾਰ ਪ੍ਰਾਪਤ ਹੋਇਆ। ਇਸ ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਸਬ ਡਿਵੀਜ਼ਨ ਦੇ ਡੀਐਸਪੀ ਸਤਨਾਮ ਸਿੰਘ ਨੇ ਦੱਸਿਆ ਕਿ ਅੱਜ ਕਿਸੇ ਰਾਹਗੀਰ ਵੱਲੋਂ ਪੁਲਸ ਨੂੰ ਸੂਚਨਾ ਦਿੱਤੀ ਗਈ ਕਿ ਕਾਲਾਝਾੜ ਟੋਲ ਪਲਾਜ਼ਾ ਨੇੜਿਓਂ ਲੰਘਦੀ ਡਰੇਨ ਵਿਚ ਇਕ ਨੌਜਵਾਨ ਦੀ ਲਾਸ਼ ਪਈ ਹੈ ਤਾਂ ਮੌਕੇ 'ਤੇ ਪਹੁੰਚੀ ਪੁਲਸ ਪਾਰਟੀ ਨੇ ਤੁਰੰਤ ਘਟਨਾ ਸਥਾਨ 'ਤੇ ਪਹੁੰਚ ਕੇ ਇਸ ਲਾਸ਼ ਨੂੰ ਨਾਲੇ ਵਿੱਚੋਂ ਬਾਹਰ ਕੱਢਿਆ ਤੇ ਇਸ ਦੀ ਪਹਿਚਾਣ ਲਈ ਸ਼ੁਰੂ ਕੀਤੀ ਗਈ ਕਾਰਵਾਈ ਵਿਚ ਸਾਹਮਣੇ ਆਇਆ ਕਿ ਇਹ ਲਾਸ਼ ਨਵਾਬ ਖਾਂ ਪੁੱਤਰ ਲੇਟ ਦਰਸ਼ਨ ਖਾਨ ਵਾਸੀ ਪਿੰਡ ਡਕਾਲਾ ਦੀ ਹੈ। ਉਨ੍ਹਾਂ ਦੱਸਿਆ ਕਿ ਜਦੋਂ ਉਨ੍ਹਾਂ ਇਸ ਸਬੰਧੀ ਡਕਾਲਾ ਪੁਲਸ ਚੌਕੀ ਨੂੰ ਇਸ ਦੀ ਸੂਚਨਾ ਦਿੱਤੀ ਤਾਂ ਉਨ੍ਹਾਂ ਨੂੰ ਪਤਾ ਚੱਲਿਆ ਕਿ ਮ੍ਰਿਤਕ ਦੇ ਪਰਿਵਾਰ ਵੱਲੋਂ ਡਕਾਲਾ ਪੁਲਸ ਚੌਕੀ ਵਿਖੇ ਉਨ੍ਹਾਂ ਦੇ ਪੁੱਤਰ ਨੂੰ ਅਗਵਾ ਕਰਨ ਸਬੰਧੀ ਪਹਿਲਾਂ ਹੀ ਇਤਲਾਹ ਦਿੱਤੀ ਗਈ ਸੀ



ਅਤੇ ਇਸ ਸਬੰਧੀ ਇਕ ਵੀਡੀਓ ਵੀ ਵਾਇਰਲ ਹੋਈ ਸੀ। ਉਨ੍ਹਾਂ ਦੱਸਿਆ ਕਿ ਮੁਢਲੀ ਜਾਂਚ ਵਿਚ ਇਹ ਸਾਹਮਣੇ ਆਇਆ ਹੈ ਕਿ ਉਕਤ ਨੌਜਵਾਨ ਨੂੰ ਕਤਲ ਕਰਨ ਤੋਂ ਬਾਅਦ ਇਕ ਗੱਡੀ ਵਿਚ ਸਵਾਰ ਹੋ ਕੇ ਆਏ ਕੁਝ ਵਿਅਕਤੀ ਇਸ ਦੀ ਲਾਸ਼ ਇੱਥੇ ਡਰੇਨ ਵਿਚ ਸੁੱਟ ਕੇ ਫਰਾਰ ਹੋ ਗਏ। ਇਹ ਵਿਅਕਤੀ ਕੌਣ ਸਨ ਤੇ ਪੂਰੀ ਘਟਨਾ ਬਾਰੇ ਅਜੇ ਕੋਈ ਜਾਣਕਾਰੀ ਨਹੀਂ ਹੈ। ਉਨ੍ਹਾਂ ਦੱਸਿਆ ਕਿ ਉਕਤ ਨੌਜਵਾਨ ਦੀ ਲਾਸ਼ ਨੂੰ ਸਰਕਾਰੀ ਰਜਿੰਦਰਾ ਹਸਪਤਾਲ ਪਟਿਆਲਾ ਦੀ ਮੋਰਚਰੀ 'ਚ ਭੇਜ ਦਿੱਤਾ ਗਿਆ ਹੈ ਅਤੇ ਹੁਣ ਅਗਲੀ ਜਾਂਚ ਪਸਿਆਣਾ ਥਾਣੇ ਦੀ ਪੁਲਸ ਵੱਲੋਂ ਕੀਤੀ ਜਾ ਰਹੀ ਹੈ।

ਜਲੰਧਰ ਵਾਸੀਆਂ ਲਈ ਵੱਡੀ ਖ਼ਬਰ ! ਹੁਣ ਇਸ ਥਾਂ 'ਤੇ ਨਹੀਂ ਲੱਗੇਗੀ ਪਟਾਕਾ ਮਾਰਕਿਟ, ਕੋਰਟ ਨੇ ਲਾਈ ਰੋਕ

ਜਲੰਧਰ 18 ਨਵੰਬਰ। ਦੀਵਾਲੀ ਦੇ ਤਿਉਹਾਰ ਵਿਚਾਲੇ ਜਲੰਧਰ ਵਾਸੀਆਂ ਲਈ ਵੱਡੀ ਖ਼ਬਰ ਸਾਹਮਣੇ ਆਈ ਹੈ।



ਦਰਅਸਲ ਜਲੰਧਰ 'ਚ ਪਿੰਡ ਰਾਓਵਾਲੀ ਵਿਚ ਪਟਾਕਾ ਮਾਰਕਿਟ ਨਹੀਂ ਲੱਗੇਗੀ, ਜਿਸ ਨਾਲ ਪਟਾਕੇ ਖ਼ਰੀਦਣ ਵਾਲਿਆਂ ਲਈ ਇਕ ਨਵੀਂ ਮੁਸੀਬਤ ਖੜ੍ਹੀ ਹੋ ਗਈ ਹੈ। ਜਾਣਕਾਰੀ ਮੁਤਾਬਕ ਅਦਾਲਤ ਨੇ ਪਠਾਨਕੋਟ ਰੋਡ 'ਤੇ ਪਿੰਡ ਰਾਓਵਾਲੀ 'ਚ ਪਟਾਕਾ ਮਾਰਕਿਟ ਲਗਾਉਣ 'ਤੇ ਪਾਬੰਦੀ ਲਗਾ ਦਿੱਤੀ ਹੈ। ਇਹ ਧਿਆਨ ਦੇਣਯੋਗ ਹੈ ਕਿ ਲੰਬੇ ਸਮੇਂ ਤੋਂ ਬਰਲਟਨ ਪਾਰਕ 'ਚ ਇਕ ਪਟਾਕਾ ਮਾਰਕਿਟ ਲੱਗਦੀ ਆ ਰਹੀ ਹੈ। ਉਥੇ ਇਕ ਸਟੇਡੀਅਮ ਦੀ ਉਸਾਰੀ ਕਾਰਨ ਮਾਰਕਿਟ ਨੂੰ ਕਿਸੇ ਹੋਰ ਜਗ?ਹਾ ਨੂੰ ਕਿਸੇ ਹੋਰ ਥਾਂ 'ਤੇ ਸ਼ਿਫ਼ਟ ਕੀਤਾ ਗਿਆ। ਪਠਾਨਕੋਟ ਰੋਡ 'ਤੇ ਸਥਿਤ ਪਿੰਡ ਰਾਓਵਾਲੀ ਵਿੱਚ ਪਟਾਕਾ ਮਾਰਕਿਟ ਲਈ ਤਿਆਰੀਆਂ ਚੱਲ ਰਹੀਆਂ ਸਨ। ਇਸ ਦੌਰਾਨ ਪਿੰਡ ਵਾਸੀਆਂ ਨੇ ਪਟਾਕਾ ਮਾਰਕਿਟ ਲਗਾਉਣ ਨੂੰ ਲੈ ਕੇ ਅਦਾਲਤ 'ਚ ਪਟੀਸ਼ਨ ਦਾਇਰ ਕੀਤੀ, ਜਿਸ ਤੋਂ ਬਾਅਦ ਅਦਾਲਤ ਨੇ ਇਸ 'ਤੇ ਪਾਬੰਦੀ ਲਗਾ ਦਿੱਤੀ ਹੈ। ਅਦਾਲਤ ਦੇ ਹੁਕਮਾਂ ਤਹਿਤ ਪਿੰਡ ਰਾਓਵਾਲੀ ਵਿੱਚ ਪਟਾਕਾ ਮਾਰਕਿਟ ਨਹੀਂ ਲੱਗੇਗੀ। ਅਦਾਲਤ ਨੇ ਇਸ ਨੂੰ ਗੈਰ-ਕਾਨੂੰਨੀ ਐਲਾਨ ਦਿੱਤਾ ਹੈ। ਅਜਿਹੇ ਹਾਲਾਤ ਵਿਚ ਅਦਾਲਤ ਦੇ ਹੁਕਮਾਂ ਨੇ ਜਲੰਧਰ ਵਾਸੀਆਂ ਲਈ ਇਕ ਨਵੀਂ ਸਮੱਸਿਆ ਪੈਦਾ ਕਰ ਦਿੱਤੀ ਹੈ ਅਤੇ ਹਰ ਕੋਈ ਸੋਚ ਰਿਹਾ ਹੈ ਕਿ ਉਹ ਪਟਾਕੇ ਕਿੱਥੋਂ ਖ਼ਰੀਦਣਗੇ। ਹੁਣ ਇਹ ਵੇਖਣਾ ਬਾਕੀ ਹੈ ਕਿ ਕੀ ਪਟਾਕੇ ਵਿਕਰੇਤਾਵਾਂ ਨੂੰ ਹੋਰ ਥਾਵਾਂ 'ਤੇ ਤਬਦੀਲ ਕੀਤਾ ਜਾਵੇਗਾ ਜਾਂ ਕੀ ਇਸ ਵਾਰ ਜਲੰਧਰ 'ਚ ਪਟਾਕਾ ਮਾਰਕਿਟ ਨਹੀਂ ਲੱਗੇਗੀ।

ਲੁਧਿਆਣਾ ਦੇ ਪੁਲਸ ਕੁਆਰਟਰਾਂ 'ਚ ਕਾਲਜ ਵਿਦਿਆਰਥਣ ਨੇ ਕੀਤੀ ਖੁਦਕੁਸ਼ੀ

ਕੌਮੀ ਪੜ੍ਹਿਕਾ

ਲੁਧਿਆਣਾ 18 ਨਵੰਬਰ। ਸਿਵਲ ਲਾਈਨ ਸਥਿਤ ਪੁਲਸ ਲਾਈਨ ਕੁਆਰਟਰਾਂ ਦੀ ਤੀਜੀ ਮੰਜ਼ਿਲ 'ਤੇ ਵੀਰਵਾਰ ਦੁਪਹਿਰ ਉਸ ਸਮੇਂ ਸਨਸਨੀ ਫੈਲ ਗਈ, ਜਦੋਂ ਸਰਕਾਰੀ ਕਾਲਜ ਫਾਰ ਗਰਲਜ਼ ਦੀ 20 ਸਾਲਾ ਹੋਣਹਾਰ ਵਿਦਿਆਰਥਣ ਮੁਸਕਾਨ ਕਪੂਰ ਦੀ ਲਾਸ਼ ਕਮਰੇ ਵਿਚ ਪੱਖੇ ਨਾਲ ਲਟਕਦੀ ਮਿਲੀ। ਮ੍ਰਿਤਕਾ ਦੇ ਪਿਤਾ ਕਿਸ਼ੋਰੀ ਲਾਲ, ਜੋ ਕਿ ਮੂਲ ਰੂਪ ਤੋਂ ਹਿਮਾਚਲ ਪ੍ਰਦੇਸ਼ ਦੇ ਰਹਿਣ ਵਾਲੇ ਹਨ, ਪੁਲਸ ਲਾਈਨ ਲੁਧਿਆਣਾ ਵਿਚ ਦਰਜਾ ਚਾਰ ਮੁਲਾਜ਼ਮ ਵਜੋਂ ਸੇਵਾਵਾਂ ਦੇ ਰਹੇ ਹਨ। ਜਾਣਕਾਰੀ ਅਨੁਸਾਰ ਮੁਸਕਾਨ ਪਿਛਲੇ ਕੁਝ ਦਿਨਾਂ ਤੋਂ ਬੀਮਾਰ ਚੱਲ ਰਹੀ ਸੀ ਅਤੇ ਘਰ 'ਚ ਹੀ ਆਰਾਮ ਕਰ ਰਹੀ ਸੀ। ਵੀਰਵਾਰ ਦੁਪਹਿਰ ਜਦੋਂ ਉਸ ਦੀ ਮਾਂ ਨੇ ਘਰੇਲੂ ਕੰਮ ਲਈ ਉਸ ਦੇ ਮੋਬਾਈਲ 'ਤੇ ਕਈ ਵਾਰ ਕਾਲ ਕੀਤੀ ਤਾਂ ਉਸ ਨੇ ਫੋਨ ਨਹੀਂ ਚੁੱਕਿਆ। ਅਣਹੋਣੀ ਦੇ ਸ਼ੱਕ 'ਚ ਮਾਂ ਨੇ ਡਿਊਟੀ 'ਤੇ ਮੌਜੂਦ ਪਤੀ ਨੂੰ ਫੋਨ ਕਰ ਕੇ ਕੁਆਰਟਰ ਭੇਜਿਆ। ਜਦੋਂ ਕਿਸ਼ੋਰੀ ਲਾਲ ਕੁਆਰਟਰ 'ਚ ਪਹੁੰਚੇ ਤਾਂ ਦਰਵਾਜ਼ਾ ਖੋਲ੍ਹਦਿਆਂ ਹੀ ਅੰਦਰ ਦਾ ਦ੍ਰਿਸ਼ ਦੇਖ ਕੇ ਉਨ੍ਹਾਂ ਦੇ ਹੋਸ਼ ਉੱਡ ਗਏ। ਮੁਸਕਾਨ ਦੀ ਲਾਸ਼ ਫਾਹੇ ਨਾਲ ਲਟਕ ਰਹੀ ਸੀ। ਸ਼ੋਰ ਸੁਣ ਕੇ ਆਸ-ਪਾਸ ਦੇ ਪੁਲਸ ਮੁਲਾਜ਼ਮਾਂ ਨੇ ਤੁਰੰਤ ਉਸ ਨੂੰ ਹੇਠਾਂ ਉਤਾਰਿਆ ਪਰ ਤਦ ਤੱਕ ਉਸ ਦੀ ਮੌਤ ਹੋ ਚੁੱਕੀ ਸੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਡਵੀਜ਼ਨ ਨੰ. 8 ਦੀ ਪੁਲਸ ਮੌਕੇ 'ਤੇ ਪਹੁੰਚੀ। ਹਾਲਾਂਕਿ ਪਰਿਵਾਰ ਨੇ ਇਸ ਨੂੰ ਆਪਣਾ ਨਿੱਜੀ ਦੁੱਖ ਦੱਸਦਿਆਂ ਕਿਹਾ ਕਿ ਬੇਟੀ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਜਾਂ ਤਣਾਅ ਨਹੀਂ ਸੀ। ਪਰਿਵਾਰ ਨੇ ਕਿਸੇ ਵੀ ਤਰ੍ਹਾਂ ਦੀ ਪੁਲਸ ਜਾਂਚ ਜਾਂ ਕਾਨੂੰਨੀ ਕਾਰਵਾਈ ਕਰਵਾਉਣ ਤੋਂ ਸਾਫ ਇਨਕਾਰ ਕਰ ਦਿੱਤਾ।

ਨਸ਼ੀਲੀਆਂ ਗੋਲੀਆਂ ਵੇਚਣ ਵਾਲੇ ਨੂੰ ਪੁਲਸ ਨੇ ਕੀਤਾ ਕਾਬੂ

ਤਪਾ ਮੰਡੀ 18 ਨਵੰਬਰ। ਤਪਾ ਪੁਲਸ ਨੇ ਨਸ਼ੀਲੀਆਂ ਗੋਲੀਆਂ ਦੀ ਕਥਿਤ ਤੌਰ 'ਤੇ ਗੈਰ-ਕਾਨੂੰਨੀ ਵਿਕਰੀ ਕਰਨ ਦੇ ਮਾਮਲੇ ਵਿੱਚ ਇਕ ਵਿਅਕਤੀ ਨੂੰ 30 ਨਸ਼ੀਲੀਆਂ ਗੋਲੀਆਂ ਸਮੇਤ ਗ੍ਰਿਫ਼ਤਾਰ ਕਰਕੇ ਉਸ ਵਿਰੁੱਧ ਮਾਮਲਾ ਦਰਜ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਅਮਰੀਕ ਸਿੰਘ ਗਰੇਵਾਲ ਨੇ ਦੱਸਿਆ ਕਿ ਐੱਸਐੱਸਪੀ ਬਰਨਾਲਾ ਮੁਹੰਮਦ ਸਰਫਰਾਜ਼ ਆਲਮ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡੀਐੱਸਪੀ ਤਪਾ ਜਸਕਰਨ ਸਿੰਘ ਬਰਾੜ ਦੀ ਅਗਵਾਈ ਹੇਠ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਵਿਸ਼ੇਸ਼ ਮੁਹਿੰਮ ਚਲਾਈ ਜਾ ਰਹੀ ਹੈ। ਇਸੇ ਦੌਰਾਨ ਪੁਲਿਸ ਨੂੰ ਸੂਚਨਾ ਮਿਲੀ ਸੀ ਕਿ ਅਰਸ਼ਦੀਪ ਸਿੰਘ ਉਰਫ਼ ਅਰਸ਼ ਵਾਸੀ ਨੱਥਾ ਪੱਤੀ ਢਿਲਵਾਂ, ਬਾਹਰੋਂ ਨਸ਼ੀਲੀਆਂ ਗੋਲੀਆਂ ਲਿਆ ਕੇ ਤਪਾ ਅਤੇ ਆਸ-ਪਾਸ ਦੇ ਪਿੰਡਾਂ ਵਿੱਚ ਵੇਚਣ ਦਾ ਕੰਮ ਕਰਦਾ ਹੈ। ਸੂਚਨਾ ਦੇ ਆਧਾਰ 'ਤੇ ਜਦੋਂ ਉਕਤ ਵਿਅਕਤੀ ਮਾਤਾ-ਦਾਤੀ ਰੋਡ, 'ਤੇ ਫਿਰਦਾ ਹੈ ਤਾਂ ਏਐੱਸਆਈ ਅਮਨਦੀਪ ਸਿੰਘ ਦੀ ਅਗਵਾਈ ਹੇਠ ਪੁਲਸ ਪਾਰਟੀ ਨੇ ਹਾਈਟੈੱਕ ਨਾਕਾ ਤਪਾ ਵਿਖੇ ਮੌਜੂਦ ਪੁਲਿਸ ਪਾਰਟੀ ਨੇ ਤੁਰੰਤ ਕਾਰਵਾਈ ਕੀਤੀ। ਪੁਲਿਸ ਨੇ ਅਰਸ਼ਦੀਪ ਸਿੰਘ ਨੂੰ ਕਾਬੂ ਕਰਕੇ ਉਸ ਕੋਲੋਂ 30 ਨਸ਼ੀਲੀਆਂ ਗੋਲੀਆਂ ਬਰਾਮਦ ਕੀਤੀਆਂ। ਥਾਣਾ ਮੁਖੀ ਨੇ ਦੱਸਿਆ ਕਿ ਮੁਲਜ਼ਮ ਵਿਰੁੱਧ ਮਾਮਲਾ ਦਰਜ ਕਰ ਲਿਆ ਗਿਆ ਹੈ ਅਤੇ ਮਾਮਲੇ ਸਬੰਧੀ ਅਗਲੇਰੀ ਕਾਨੂੰਨੀ ਕਾਰਵਾਈ ਕੀਤੀ ਜਾ ਰਹੀ ਹੈ।

ਗੁਜਰਾਤ 'ਚ ਵੱਡਾ ਹਾਦਸਾ : ਕਾਰ ਤੇ ਟਰੱਕ ਦੀ ਟੱਕਰ ਕਾਰਨ ਇਕ ਪਰਿਵਾਰ ਦੇ 2 ਜੀਆਂ ਦੀ ਮੌਤ

ਪਾਟਨ 18 ਨਵੰਬਰ। ਗੁਜਰਾਤ ਦੇ ਪਾਟਨ ਜ਼ਿਲੇ 'ਚ ਸ਼ੁੱਕਰਵਾਰ ਸਵੇਰੇ ਇਕ ਕਾਰ ਅਤੇ ਟਰੱਕ ਵਿਚਕਾਰ ਹੋਈ ਟੱਕਰ 'ਚ ਇਕ ਪਰਿਵਾਰ ਦੇ ਦੋ ਮੈਂਬਰਾਂ ਦੀ ਮੌਤ ਹੋ ਗਈ ਅਤੇ ਚਾਰ ਹੋਰ ਜ਼ਖਮੀ ਹੋ ਗਏ, ਜਿਸ ਦੀ ਜਾਣਕਾਰੀ ਪੁਲਸ ਨੇ ਦਿੱਤੀ। ਪੁਲਸ ਇੰਸਪੈਕਟਰ ਏ.ਪੀ. ਜਡੇਜਾ ਨੇ ਦੱਸਿਆ ਕਿ ਇਹ ਹਾਦਸਾ ਰਾਧਨਪੁਰ-ਸਾਮੀ ਹਾਈਵੇਅ 'ਤੇ ਉਸ ਸਮੇਂ ਵਾਪਰਿਆ ਜਦੋਂ ਪੀੜਤ ਪਰਿਵਾਰ ਦਵਾਰਕਾ ਤੋਂ ਬਨਾਸਕਾਂਠਾ ਜ਼ਿਲੇ ਦੇ ਭਾਭਰ ਜਾ ਰਿਹਾ ਸੀ। ਉਨ੍ਹਾਂ ਕਿਹਾ ਕਿ ਕਾਰ ਆ ਰਹੇ ਟਰੱਕ ਨਾਲ ਸਿੱਧੀ ਟੱਕਰ ਹੋ ਗਈ, ਜਿਸ ਕਾਰਨ ਰਣਜੀਤ ਮੰਗੀਲਾਲ ਅਤੇ ਉਨ੍ਹਾਂ ਦੀ ਮਾਂ ਜਮਨਾਬੇਨ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜਡੇਜਾ ਨੇ ਕਿਹਾ ਕਿ ਹਾਦਸੇ 'ਚ ਦੋ ਬੱਚਿਆਂ ਸਮੇਤ ਪਰਿਵਾਰ ਦੇ ਚਾਰ ਹੋਰ ਮੈਂਬਰ ਜ਼ਖਮੀ ਹੋ ਗਏ ਹਨ ਅਤੇ ਉਨ੍ਹਾਂ ਨੂੰ ਹਸਪਤਾਲ ਵਿੱਚ ਭਰਤੀ ਕਰਵਾਇਆ ਗਿਆ ਹੈ। ਅਧਿਕਾਰੀ ਦੇ ਅਨੁਸਾਰ, ਪੁਲਿਸ ਇਸ ਮਾਮਲੇ ਵਿੱਚ ਐਫਆਈਆਰ ਦਰਜ ਕਰ ਰਹੀ ਹੈ।

ਚੋਰੀ ਦੇ 3 ਮੋਟਰਸਾਈਕਲਾਂ ਤੇ ਸਕੂਟਰ ਸਮੇਤ ਇਕ ਗ੍ਰਿਫ਼ਤਾਰ

ਫ਼ਤਹਿਗੜ੍ਹ ਸਾਹਿਬ 18 ਨਵੰਬਰ। ਸਰਹਿੰਦ ਸੀ.ਆਈ.ਏ. ਸਟਾਫ਼ ਦੀ ਪੁਲਸ ਨੇ ਇਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਚੋਰੀ ਦੇ 4 ਦੋਪਹੀਆ ਵਾਹਨਾਂ ਸਮੇਤ ਇਕ ਵਿਅਕਤੀ ਨੂੰ ਗ੍ਰਿਫ਼ਤਾਰ ਕਰਨ ਵਿਚ ਕਾਮਯਾਬੀ ਹਾਸਲ ਕੀਤੀ ਹੈ। ਇਸ ਸਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸਰਹਿੰਦ ਸੀਆਈਏ ਸਟਾਫ਼ ਦੇ ਸਹਾਇਕ ਥਾਣੇਦਾਰ ਸ਼ਮਸ਼ੇਰ ਸਿੰਘ ਨੇ ਦੱਸਿਆ ਕਿ ਪੁਲਸ ਪਾਰਟੀ ਵੱਲੋਂ ਪਿੰਡ ਤਰਖਾਣ ਮਾਜਰਾ ਸਰਹਿੰਦ ਦੇ ਟੀ-ਪੁਆਇੰਟ ਵਿਖੇ ਨਾਕਾਬੰਦੀ ਕੀਤੀ ਗਈ ਸੀ। ਇਸ ਦੌਰਾਨ ਚੈਕਿੰਗ ਸਮੇਂ ਸੌਰਵ ਕੁਮਾਰ ਵਾਸੀ ਸਰਹਿੰਦ ਨੂੰ ਸ਼ੱਕ

ਮਿਲਾਵਟਖੋਰਾਂ ਖ਼ਿਲਾਫ਼ ਸਿਹਤ ਵਿਭਾਗ ਸਖ਼ਤ; 40 ਮਾਮਲਿਆਂ 'ਚ ਠੋਕਿਆ 2,19,500 ਰੁਪਏ ਜੁਰਮਾਨਾ

ਕੌਮੀ ਪੜ੍ਹਿਕਾ

ਅੰਮ੍ਰਿਤਸਰ 18 ਨਵੰਬਰ। ਅੰਮ੍ਰਿਤਸਰ ਜ਼ਿਲੇ ਵਿਚ ਲੋਕਾਂ ਨੂੰ ਮਿਲਾਵਟੀ ਅਤੇ ਘਟੀਆ ਖਾਣ-ਪੀਣ ਦੀਆਂ ਵਸਤੂਆਂ ਤੋਂ ਬਚਾਉਣ ਲਈ ਸਿਹਤ ਵਿਭਾਗ ਨੇ ਪਿਛਲੇ ਛੇ ਮਹੀਨਿਆਂ ਦੌਰਾਨ ਮਿਲਾਵਟਖੋਰਾਂ ਖ਼?ਲਾਫ਼ ਕਾਰਵਾਈ ਦਾ ਘੇਰਾ ਵਧਾਉਂਦਿਆਂ 312 ਦੁੱਧ ਦੇ ਨਮੂਨੇ, 291 ਦੁੱਧ ਦੀਆਂ ਜਾਂਚਾਂ ਅਤੇ 52 ਦਹੀਂ ਦੇ ਨਮੂਨੇ ਲਏ ਹਨ। 28 ਸਤੰਬਰ 2026 ਤੱਕ ਦੀ ਪ੍ਰਗਤੀ ਰਿਪੋਰਟ ਅਨੁਸਾਰ ਵਿਭਾਗ ਵੱਲੋਂ ਸਿਰਫ਼ ਨਮੂਨੇ ਲੈਣ ਤੱਕ ਕਾਰਵਾਈ ਸੀਮਤ ਨਹੀਂ ਰੱਖੀ ਗਈ, ਸਗੋਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਅਦਾਲਤੀ ਕਾਰਵਾਈ ਵੀ ਕੀਤੀ ਗਈ। ਮੁੱਖ ਨਿਆਂਇਕ ਮੈਜਿਸਟਰੇਟ ਦੀ ਅਦਾਲਤ ਵੱਲੋਂ 4 ਮਾਮਲਿਆਂ ਵਿਚ 40 ਹਜ਼ਾਰ ਰੁਪਏ, ਜਦਕਿ ਵਧੀਕ ਡਿਪਟੀ ਕਮਿਸ਼ਨਰ ਦੀ ਅਦਾਲਤ ਵੱਲੋਂ 36 ਮਾਮਲਿਆਂ ਵਿਚ 1 ਲੱਖ 79 ਹਜ਼ਾਰ 500 ਰੁਪਏ ਦੇ ਜੁਰਮਾਨੇ ਲਗਾਏ ਗਏ ਹਨ। ਇਸ ਤਰ੍ਹਾਂ 40 ਮਾਮਲਿਆਂ ਵਿਚ ਕੁੱਲ 2 ਲੱਖ 19 ਹਜ਼ਾਰ 500 ਰੁਪਏ ਦੇ ਜੁਰਮਾਨੇ ਹੋ ਚੁੱਕੇ ਹਨ। ਜ਼ਿਲਾ ਸਿਹਤ ਅਧਿਕਾਰੀ ਡਾ. ਮਨਜੀਤ ਸਿੰਘ ਰਟੌਲ ਨੇ ਦੱਸਿਆ ਕਿ ਜ਼ਿਲਾ ਸਿਹਤ ਵਿਭਾਗ ਦੀ ਛੇ ਮਹੀਨਿਆਂ ਦੀ ਕਾਰਵਾਈ ਰਿਪੋਰਟ ਮੁਤਾਬਕ ਮਿਲਾਵਟਖੋਰੀ ਵਿਰੁੱਧ ਮੁਹਿੰਮ ਨੂੰ ਸਿਰਫ਼ ਜਾਂਚ ਤੱਕ ਸੀਮਤ ਨਾ ਰੱਖਦਿਆਂ ਕਾਨੂੰਨੀ ਪੱਧਰ 'ਤੇ ਵੀ ਅੱਗੇ ਵਧਾਇਆ ਗਿਆ ਹੈ। ਮੁੱਖ ਨਿਆਂਇਕ ਮੈਜਿਸਟਰੇਟ ਦੀ ਅਦਾਲਤ ਵਿਚ 1 ਮਾਮਲਾ ਅਤੇ ਵਧੀਕ ਡਿਪਟੀ ਕਮਿਸ਼ਨਰ ਦੀ ਅਦਾਲਤ ਵਿਚ 47 ਮਾਮਲੇ ਦਾਇਰ ਕੀਤੇ ਗਏ ਹਨ। ਇਸ ਤੋਂ ਇਲਾਵਾ ਮੁੱਖ ਨਿਆਂਇਕ ਮੈਜਿਸਟਰੇਟ ਦੀ ਅਦਾਲਤ ਵਿਚ 1 ਮਾਮਲਾ ਦਾਇਰ ਕਰਨ ਯੋਗ ਅਤੇ ਵਧੀਕ ਡਿਪਟੀ ਕਮਿਸ਼ਨਰ ਦੀ ਅਦਾਲਤ ਵਿਚ 17 ਮਾਮਲੇ ਦਾਇਰ ਕਰਨ ਯੋਗ ਪਾਏ ਗਏ ਹਨ। ਰਿਪੋਰਟ ਵਿਚ ਇਹ ਵੀ ਦਰਜ ਹੈ ਕਿ ਮੁੱਖ ਨਿਆਂਇਕ ਮੈਜਿਸਟਰੇਟ ਦੀ ਅਦਾਲਤ ਵਿਚ 42 ਮਾਮਲੇ ਅਤੇ ਵਧੀਕ ਡਿਪਟੀ ਕਮਿਸ਼ਨਰ ਦੀ ਅਦਾਲਤ ਵਿਚ 36 ਮਾਮਲੇ ਵਿਚਾਰ ਅਧੀਨ ਹਨ। ਇਸ ਤੋਂ ਸਪਸ਼ਟ ਹੈ ਕਿ ਵਿਭਾਗ ਵੱਲੋਂ ਮਿਲਾਵਟਖੋਰੀ ਨਾਲ ਸਬੰਧਤ ਮਾਮਲਿਆਂ ਨੂੰ ਕਾਨੂੰਨੀ ਅੰਜਾਮ ਤੱਕ ਪਹੁੰਚਾਉਣ ਲਈ ਕਾਰਵਾਈ ਲਗਾਤਾਰ ਜਾਰੀ ਹੈ। 720 ਕਿਲੋ ਪਿੰਨੀ ਅਤੇ 70 ਕਿਲੋ ਪਨੀਰ ਜ਼ਬਤ : ਮਿਲਾਵਟਖੋਰੀ ਵਿਰੁੱਧ ਕਾਰਵਾਈ ਦੌਰਾਨ ਵਿਭਾਗ ਵੱਲੋਂ ਵੱਡੀ ਮਾਤਰਾ ਵਿਚ ਸ਼ੱਕੀ ਖਾਦ ਪਦਾਰਥਾਂ ਨੂੰ ਵੀ ਕਬਜ਼ੇ ਵਿਚ ਲਿਆ ਗਿਆ। ਛੇ ਮਹੀਨਿਆਂ ਦੀ ਰਿਪੋਰਟ ਅਨੁਸਾਰ 720 ਕਿਲੋ ਗੁੰਮ?ਹੇ ਦੀ ਪਿੰਨੀ ਅਤੇ 70 ਕਿਲੋ ਗੁੰਮ?ਹੇ ਦਾ ਪਨੀਰ ਜ਼ਬਤ ਕਰਕੇ ਕਾਰਵਾਈ ਕੀਤੀ ਗਈ। ਇਸ ਤੋਂ ਇਲਾਵਾ 6 ਵਸਤੂਆਂ ਨੂੰ ਜ਼ਬਤ ਕੀਤਾ ਗਿਆ ਅਤੇ ਵੱਖ-ਵੱਖ ਮਾਮਲਿਆਂ ਵਿਚ 40 ਪ੍ਰਯੋਗਸ਼ਾਲਾ ਰਿਪੋਰਟਾਂ ਵੀ ਦਰਜ ਕੀਤੀਆਂ ਗਈਆਂ ਹਨ। ਇਸ ਕਾਰਵਾਈ ਦਾ ਮਕਸਦ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਨਾਲ ਸਮਝੌਤਾ ਕਰਨ ਵਾਲਿਆਂ 'ਤੇ ਨਕੇਲ ਕੱਸਣ ਦੇ ਨਾਲ-ਨਾਲ ਆਮ ਲੋਕਾਂ ਦੀ ਸਿਹਤ ਦੀ ਸੁਰੱਖਿਆ ਯਕੀਨੀ ਬਣਾਉਣਾ ਹੈ। ਦੁੱਧ ਤੋਂ ਲੈ ਕੇ ਦਹੀਂ ਤੱਕ, ਹਰ ਪੱਧਰ 'ਤੇ ਜਾਂਚ : ਡਾ. ਰਟੌਲ ਅਨੁਸਾਰ ਜ਼ਿਲਾ ਸਿਹਤ ਵਿਭਾਗ ਵੱਲੋਂ ਦੁੱਧ ਅਤੇ ਦੁੱਧ ਤੋਂ ਬਣੀਆਂ ਵਸਤੂਆਂ ਨੂੰ ਵਿਸ਼ੇਸ਼ ਤੌਰ 'ਤੇ ਜਾਂਚ ਦੇ ਘੇਰੇ ਵਿਚ ਲਿਆਂਦਾ ਗਿਆ ਹੈ। ਛੇ ਮਹੀਨਿਆਂ ਦੌਰਾਨ 312 ਦੁੱਧ ਦੇ ਨਮੂਨੇ ਅਤੇ 52 ਦਹੀਂ ਦੇ ਨਮੂਨੇ ਲੈਣ ਦੇ ਨਾਲ ਦੁੱਧ ਨਾਲ ਸਬੰਧਤ 291 ਜਾਂਚਾਂ ਕੀਤੀਆਂ ਗਈਆਂ। ਇਨ੍ਹਾਂ ਕਾਰਵਾਈਆਂ ਰਾਹੀਂ ਖਾਣ-ਪੀਣ ਦੀਆਂ ਵਸਤੂਆਂ ਦੀ ਗੁਣਵੱਤਾ ਦੀ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਵਿਰੁੱਧ ਬਣਦੀ ਕਾਰਵਾਈ ਕੀਤੀ ਜਾ ਰਹੀ ਹੈ।

ਪੰਜਾਬ 'ਚ 20,00,000 ਰੁਪਏ ਦੇ ਵੱਡੀ ਲੁੱਟ ! ਹਥਿਆਰਾਂ ਦੇ ਜ਼ੋਰ 'ਤੇ ਲੈ ਗਏ ਪਟਾਕੇ

ਲੁਧਿਆਣਾ 18 ਨਵੰਬਰ। ਥਾਣਾ ਸਲੇਮ ਟਾਬਰੀ ਦੇ ਅਧੀਨ ਆਉਂਦੇ ਦਾਣਾ ਮੰਡੀ ਵਿਚ ਸਥਿਤ ਪਟਾਕਿਆਂ ਦਾ ਕਾਰੋਬਾਰ ਕਰਨ ਵਾਲੇ ਕਾਰੋਬਾਰੀ ਤੋਂ ਹਥਿਆਰ ਦੀ ਨੋਕ 'ਤੇ 20 ਲੱਖ ਰੁਪਏ ਦੇ ਕਰੀਬ ਪਟਾਕੇ ਦੀ ਲੁੱਟ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਸਬੰਧੀ ਅੱਜ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪਟਾਕਾ ਕਾਰੋਬਾਰੀ ਪ੍ਰਧਾਨ ਪ੍ਰਦੀਪ ਪੱਪਾ ਵਾਸੀ ਜਨਕਪੁਰੀ ਨੇ ਦੱਸਿਆ ਕਿ ਦਾਣਾ ਮੰਡੀ ਵਿਚ ਲੱਗੀ ਪਟਾਕਾ ਮਾਰਕੀਟ ਵਿਚ ਉਸ ਦੀ 33 ਨੰਬਰ ਦੀ ਦੁਕਾਨ ਸੀ, ਜਿੱਥੇ 7 ਨਵੰਬਰ ਦੀ ਰਾਤ ਨੂੰ 30 ਤੋਂ 40 ਵਿਅਕਤੀ ਹਥਿਆਰ ਲੈ ਕੇ ਆਏ ਤੇ ਉਸ ਦੀ ਦੁਕਾਨ ਤੋਂ ਜ਼ਬਰਦਸਤੀ 20 ਲੱਖ ਦੇ ਕਰੀਬ ਪਟਾਕੇ ਬੋਰੀਆਂ ਵਿਚ ਭਰ ਕੇ ਆਪਣੀ ਗੱਡੀਆਂ ਵਿਚ ਲੁੱਟ ਕੇ ਫ਼ਰਾਰ ਹੋ ਗਏ। ਉਨ੍ਹਾਂ ਦੱਸਿਆ ਕਿ ਇਸ ਦੀ ਸ਼ਿਕਾਇਤ ਥਾਣਾ ਸਲੇਮ ਟਾਬਰੀ ਦੀ ਪੁਲਸ ਨੂੰ ਕੀਤੀ ਗਈ ਹੈ।

ਡਾ. ਵਿਵੇਕ ਨੂੰ 'ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਰਾਸ਼ਟਰੀ ਪੁਰਸਕਾਰ' ਮਿਲਿਆ

ਜੈਪੁਰ ਦੇ ਬਾਲ ਰੋਗ ਮਾਹਿਰ, ਡਾ. ਵਿਵੇਕ ਸ਼ਰਮਾ ਨੂੰ ਪੱਛਮੀ ਬੰਗਾਲ ਦੀ 'ਵੈੱਲਰੈੱਡ ਫਾਊਂਡੇਸ਼ਨ' (Wellred Foundation) ਵੱਲੋਂ 'ਡਾ. ਸਰਵਪੱਲੀ ਰਾਧਾਕ੍ਰਿਸ਼ਨਨ ਰਾਸ਼ਟਰੀ ਪੁਰਸਕਾਰ' ਨਾਲ ਸਨਮਾਨਿਤ ਕੀਤਾ ਗਿਆ ਹੈ। ਡਾ. ਵਿਵੇਕ ਨੂੰ ਇਹ ਸਨਮਾਨ ਜਨਤਕ ਸਿਹਤ ਜਾਗਰੂਕਤਾ ਵਿੱਚ ਪਾਏ ਯੋਗਦਾਨ, ਰਾਸ਼ਟਰੀ ਅਤੇ ਅੰਤਰਰਾਸ਼ਟਰੀ ਰਸਾਲਿਆਂ ਤੇ ਮੈਗਜ਼ੀਨਾਂ ਵਿੱਚ ਸਿਹਤ ਸੰਬੰਧੀ ਲੇਖ ਪ੍ਰਕਾਸ਼ਿਤ ਕਰਨ, ਸਕੂਲਾਂ ਵਿੱਚ ਵਿਦਿਆਰਥੀਆਂ ਅਤੇ ਮਾਪਿਆਂ ਲਈ ਸਿਹਤ ਵਰਕਸ਼ਾਪਾਂ ਆਯੋਜਿਤ ਕਰਨ, ਅਤੇ ਸਮੁਦਾਇਕ ਸਿਹਤ ਦੇ ਖੇਤਰ ਵਿੱਚ ਕੀਤੇ ਗਏ ਉਨ੍ਹਾਂ ਦੇ ਸਮੁੱਚੇ ਕੰਮ ਲਈ ਦਿੱਤਾ ਗਿਆ ਹੈ।

ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਕੰਧ ਵਿੱਚ ਵੱਜੀ ਬੱਸ, ਅੱਧੀ ਦਰਜਨ ਯਾਤਰੀ ਜ਼ਖਮੀ

ਗੁਰਦਾਸਪੁਰ/ਦੀਨਾਨਗਰ 18 ਨਵੰਬਰ। ਦੇਰ ਰਾਤ ਦੀਨਾਨਗਰ ਵਿਖੇ ਇੱਕ ਭਿਆਨਕ ਸੜਕ ਹਾਦਸਾ ਵਾਪਰ ਗਿਆ। ਅੰਮ੍ਰਿਤਸਰ ਤੋਂ ਪਠਾਨਕੋਟ ਜਾ ਰਹੀ ਇੱਕ ਨਿੱਜੀ ਬੱਸ ਹੀਰੇ ਹੋਂਡਾ ਏਜੰਸੀ ਨੇੜੇ ਸੜਕ ਡਿਵਾਈਡਰ ਨਾਲ ਟਕਰਾਉਣ ਤੋਂ ਬਾਅਦ ਬੇਕਾਬੂ ਹੋ ਕੇ ਏਜੰਸੀ ਦੀ ਕੰਧ ਵਿੱਚ ਜਾ ਵੱਜੀ। ਇਸ ਹਾਦਸੇ ਦੌਰਾਨ ਬੱਸ ਵਿੱਚ ਸਵਾਰ ਅੱਧੀ ਦਰਜਨ ਯਾਤਰੀ ਜ਼ਖਮੀ ਹੋ ਗਏ। ਗਨੀਮਤ ਰਹੀ ਕਿ ਇਸ ਹਾਦਸੇ ਵਿੱਚ ਕਿਸੇ ਦੀ ਜਾਨ ਨਹੀਂ ਗਈ। ਹਾਦਸੇ ਤੋਂ ਬਾਅਦ ਮੌਕੇ 'ਤੇ ਹਫੜਾ-ਦਫੜੀ ਮਚ ਗਈ। ਆਸ-ਪਾਸ ਦੇ ਲੋਕ ਤੁਰੰਤ ਮਦਦ ਲਈ ਪਹੁੰਚੇ ਅਤੇ ਜ਼ਖਮੀਆਂ ਨੂੰ ਬੱਸ ਵਿੱਚੋਂ ਬਾਹਰ ਕੱਢ ਕੇ ਹਸਪਤਾਲ ਪਹੁੰਚਾਉਣ ਵਿੱਚ ਸਹਾਇਤਾ ਕੀਤੀ। ਕੁਝ ਜ਼ਖਮੀਆਂ ਨੂੰ ਇਲਾਜ ਲਈ ਹਸਪਤਾਲ ਲਿਜਾਇਆ ਗਿਆ। ਇਸ ਦੌਰਾਨ ਬੱਸ ਵਿੱਚ ਸਵਾਰ ਯਾਤਰੀਆਂ ਨੇ ਡਰਾਈਵਰ ਦੀ ਲਾਪਰਵਾਹੀ ਨੂੰ ਹਾਦਸੇ ਦਾ ਕਾਰਨ ਦੱਸਦਿਆਂ ਦੋਸ਼ ਲਗਾਇਆ ਕਿ ਉਨ੍ਹਾਂ ਵੱਲੋਂ ਵਾਰ-ਵਾਰ ਚੇਤਾਵਨੀ ਦੇਣ ਦੇ ਬਾਵਜੂਦ ਡਰਾਈਵਰ ਨੇ ਬੱਸ ਦੀ ਰਫ਼ਤਾਰ ਅਤੇ ਕੰਟਰੋਲ ਵੱਲ ਧਿਆਨ ਨਹੀਂ ਦਿੱਤਾ। ਯਾਤਰੀਆਂ ਨੇ ਇਹ ਵੀ ਦੱਸਿਆ ਕਿ ਦੀਨਾਨਗਰ ਵਿੱਚ ਦਾਖਲ ਹੋਣ ਤੋਂ ਪਹਿਲਾਂ ਪੈਟਰੋਲ ਪੰਪ ਨੇੜੇ ਬੱਸ ਦਾ ਡਰਾਈਵਰ ਬਦਲਿਆ ਗਿਆ ਸੀ। ਹਾਲਾਂਕਿ, ਇਨ੍ਹਾਂ ਦੋਸ਼ਾਂ ਦੀ ਅਜੇ ਤੱਕ ਕੋਈ ਅਧਿਕਾਰਤ ਪੁਸ਼ਟੀ ਨਹੀਂ ਹੋਈ। ਹੈਰਾਨੀ ਦੀ ਗੱਲ ਇਹ ਰਹੀ ਕਿ ਪੁਲਸ ਤਾਂ ਮੌਕੇ 'ਤੇ ਪਹੁੰਚ ਗਈ, ਪਰ ਯਾਤਰੀਆਂ ਅਨੁਸਾਰ ਜ਼ਖਮੀਆਂ ਦੀ ਸਹਾਇਤਾ ਲਈ ਕੋਈ ਐਂਬੂਲੈਂਸ ਨਹੀਂ ਪਹੁੰਚੀ, ਜਿਸ ਕਾਰਨ ਲੋਕਾਂ ਵਿੱਚ ਰੋਸ ਦੇਖਣ ਨੂੰ ਮਿਲਿਆ। ਫਿਲਹਾਲ ਪੁਲਸ ਵੱਲੋਂ ਹਾਦਸੇ ਦੇ ਕਾਰਨਾਂ ਦੀ ਜਾਂਚ ਕੀਤੀ ਜਾ ਰਹੀ ਹੈ। ਇਸ ਘਟਨਾ ਨੇ ਇੱਕ ਵਾਰ ਫਿਰ ਨਿੱਜੀ ਬੱਸਾਂ ਵਿੱਚ ਯਾਤਰੀਆਂ ਦੀ ਸੁਰੱਖਿਆ ਅਤੇ ਐਮਰਜੈਂਸੀ ਸੇਵਾਵਾਂ ਦੀ ਉਪਲਬਧਤਾ 'ਤੇ ਸਵਾਲ ਖੜ੍ਹੇ ਕਰ ਦਿੱਤੇ ਹਨ।

NAME CHANGE
I, Pradeep Kumar S/o Prem Chand R/o D-754/A, Gali No.1, Ashok Nagar, Shahdara, Delhi-110093 have changed the name of my minor son from Arjun to Arjun Vaidwan.

PUBLIC NOTICE
My client Narender Kumar Chauhan S/o Pooran Singh R/o H.No.376, Chauhan Mohalla, Madanpur Khadar, Sarita Vihar, and disowned his son Harsh Chauhan and his wife Preeti Rani from his all movable-immovable properties due to their Vihar, Delhi-76, has severed all relations and disowned his disobedience. My client Shall not be responsible for their acts.
ARJUN BIDHURI Advocate
CH. NO.536, Saket Courts New Delhi-110017.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

PUBLIC NOTICE
Information is given to general public at large that our client M/s Aspire Buildwell through prop. Mr. Karan Dudeja S/o Mr. Satish Kumar Dudeja is the owner of Freehold Residential Plot area measuring 309.49 sq. mtrs., out of Khata No. 195, Khasra No. 233K (87 sq. mtrs..), & Khasra No. 236 (222.5 sq. mtrs..), & Plot area measuring 108.69 sq. mtrs., out of Khasra No. 232Kh, Situated at Village - Jalpura, Pargana & Tehsil Dadri, Distt. Gautam Budh Nagar, U.P: Vide Sale Deed dated 03/05/2023 duly registered in the office of SR Dadri, as Doc No. 15787, Book No. 01, Vol No. 23442, Page Nos. 309-330 & Sale Deed dated 03/05/2023 duly registered in the office of SR Dadri, as Doc No. 15786, Book No. 01, Vol No. 23442, Page Nos. 287-308, it is stated that Mr. Rakesh Chandra Aggarwal & Mr. Rakesh Baranwal had purchased above said property as HUF but further they have sold invaluably, now our client is declaring that any other person does not have any right over the said property, which is to be financed by ICICI Home Finance Co. Ltd. Branch: Laxmi Nagar, Delhi. If any person(s) have any objection(s) or claim(s) with respect to the right, title or interest in the Said Property then contact us within 07 days from the date of Publication of this notice and or the same to the undersigned if found by any one. Thereafter no claim shall be entertained
[NAVEEN KUMAR VERMA]
Advocate
F-211, Sector-3,
Vaishali, Ghaziabad,
Uttar Pradesh-201010
(Contact at 09958871432)

NAME CHANGE
I, NO-17007475L Rank-NK Name-JITENDRA GANGWAR S/O LATE NIRANJAN LAL GANGWAR R/O WARD NO-11, MOHALLA GYASPUR, NEAR BANGALI BABA MANDIR, BILASPUR, PILIBHIT, UTTAR PRADESH-262201 have changed my minor son's name from DAKSH GANGWAR to YASH GANGWAR for all future purposes vide Affidavit Dated 05/09/2023 before Notary Public, Delhi.

PUBLIC NOTICE
I, IMRAJ S/o SHAKIL, R/o B-29, Nanda Road Adarsh Nagar North West Delhi-110033, do hereby solemnly affirm and declare that I have embraced HINDUISM RELIGION and renounced ISLAM RELIGION with effect from 07.06.2025

NAME CHANGE
I, IMRAJ S/o SHAKIL, R/o B-29, Nanda Road Adarsh Nagar North West Delhi-110033 have changed my name to RINKU THAKUR

NAME CHANGE
I, VANDANA is legally spouse of No. 15671777K Rank-HAV Name AMIT KUMAR AWASTHI, R/O H NO.-920, KESOOR, PO- KESOOR, DIST-DHAR, MADHYA PRADESH-454001 have changed my name from VANDANA to VANDANA AWASTHI for all future purposes. Vide Affidavit Dated 16/07/2025, Before Notary Public New Delhi.

NAME CHANGE
I, SALMA KHATUN is legally spouse of No. 15692253W Rank-HAV Name MURTUJA ALI, R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my name from SALMA KHATUN to SALMA KHATOON for all future purposes. Vide Affidavit Dated 16/07/2025 Before Notary Public New Delhi.

NAME CHANGE
I, No. 15692253W Rank-HAV Name MURTUJA ALI, S/o LATE ZABBER ANSARI R/O VILL+POST-ARITHA, TEH-CHAS, THANA-CHANDANKAYRI, DIS-BOKARO, STATE-JHARKHAND, PIN 828134 have changed my minor son name from MOHAMAD ALI to MOHAMMAD ALI for all future purposes. Vide Affidavit Dated 16/07/2025 Before Notary Public New Delhi.

NAME CHANGE
I, SH AUTAR SINGH Father of JC-413677X Rank-SUB MAJ Name-BHAGAT SINGH presently residing at VILL-BILTIYA SUKOLI TALLI, PO-DHAUNTIYAL, DIST-PAURI GARHWAL, UTTARAKHAND-246155 have changed my name from SH AUTAR SINGH to AVTAR SINGH for all future purposes vide affidavit dated 12/03/2024 before Notary Public, Delhi.

NAME CHANGE
I, D BABU father of NO-14842224Y Rank HAV/MT Name-ANOOP B R/O AALAYAM, VILL –KEEZHTHONNAKKAL, PO-POTHENCODE, DIST-TRIVANDRUM, KERALA-695584 have changed my name from D BABU to BABU D for all future purposes vide Affidavit Dated 12/03/2024 before Notary Public, Delhi.

NAME CHANGE
I Jaspreet Singh S/o Jagdeep Singh R/o 52/43 Ramjas Road Near Khalsa college Karol Bagh Delhi -110005 Have Changed My Name To Jaspreet Singh Baweja For All Purpose.

NAME CHANGE
I Sandeep Ved S/o Khushi Ram Ved R/o H.No-139/1,B-Block, Street No-3,Qutub Vihar Phase-2,Dwarka,Delhi-110071, Have Changed My Name To Sandeep Vaid For All Purpose

NAME CHANGE
I Rohini Bhatnagar W/o Amitabh Bhatnagar R/o M- 7075, Devinder Vihar, Gurgaon sector 56, Gurgaon Haryana-122011,Have Changed My Name To Rohini Dhanraj Bhatnagar For All Purpose

NAME CHANGE
I, VINOD KUMAR S/O UDAY SINGH residing at FLAT NO-G-3/8, NEAR DDA WATER TANK, SECTOR-4, ROHINI, DELHI-110085 have changed my name to VINOD KUMAR KUSHWAHA for all future purpose.

NAME CHANGE
I, ANITA W/o NO- 2806617A HAV TANGADKAR SUBHASH SITARAM R/o VPO-GHARGAON, TEH-SANGAMNER, DISTT-AHMADNAGAR, MAHARASHTRA-422620, have changed my name from ANITA to ANITA SUBHASH TANGADKAR for all future purposes vide Affidavit dated 29/11/2022 before Notary Public Delhi.

NAME CHANGE
I, DATTATRAY NAGOJI PATIL father of NO-JC-379904X SUB MAJ PATIL MAHENDRA DATTATRAY R/O VILL-BONJURDI, PO-ADKUR, TEH-CHANDGAD, DISTT-KOLHAPUR, MH-416509, have changed my name from DATTATRAY NAGOJI PATIL to DATTA NAGOJI PATIL for all future purposes and in my son's service record my date of birth wrongly mentioned as 01/07/1953 instead of my correct date of birth as 17/01/1950 Vide Affidavit dated 29/11/2022 Before Notary Public, Delhi.

PUBLIC NOTICE
MY CLIENT NARENDER PAL AGARWAL, S/O, LATE SARDARI LAL AGARWAL AND NEETU AGARWAL W/O NARENDER PAL AGARWAL BOTH R/O H.NO. 49, NARELA ROAD, BAWANA, NEAR STATE BANK OF INDIA, NEW DELHI, PRESENTLY AT H.NO.122, WHITE HOUSE APARTMENT, SECTOR-13, ROHINI, NEW DELHI- 110085, HAVE DEBARRED THEIR SON NIKHIL AGARWAL AND HIS WIFE ANCHAL AGARWAL FROM THEIR ALL MOVABLE- IMMOVABLE PROPERTIES AND SHALL NOT HAVE ANY RIGHT, TITLE OR INTEREST IN MOVEABLE AND IMMOVABLE PROPERTIES AND SEVERED ALL THEIR RELATION DUE TO MISCONDUCT AND DISOBEDIENT. ANYBODY DEALING WITH THEM SHALL BEAR AT THEIR OWN COST, RISK & CONSEQUENCES
PINKI LAMBA MANN
ADVOCATE
OFF. A-205A, NORTH EX.MALL, SECTOR-9, ROHINI, NEW DELHI

NAME CHANGE
I, PRITI DAS D/O DALIP KUMAR residing at D-293 J.J COLONY KHYALA, DELHI-110018 . have changed my name to PRITY DASS for all future purposes.

NAME CHANGE
I, S BHASKARA VIJAY KUMAR residing at-H NO-6-225/6, PADMANABHANAGAR, VENKATAPURAM, NEAR RAMALAYAM, VISAKHAPATNAM, ANDHRA PRADESH-530029, have changed my mother's name from SENAPATHI VENKATA RATNAM to SENAPATHI APPALA RATNAM for all future purposes vide Affidavit dated 16/07/2025 before Notary Public, Delhi.

NAME CHANGE
I, SWETA RAI BHUTIA Wife of No. 5458488P Rank-NK Name-TSHERING BHUTIA Presently residing at VILL-DURPIN GUMBA, PO-KALIMPONG, DISTT-KALIMPONG, WEST BENGAL-734301, have changed my name from SWETA RAI BHUTIA to SWETA RAI for all future purposes vide Affidavit dated 16/07/2025 before Notary Public, Delhi.

NAME CHANGE
I, DEEPAK KUMAR VERMA S/O PARTAP SINGH resident of H.No.16, Tara Nagar Main Kakrola Road, Kakrola, South West Delhi, Delhi-110078 have changed the name of my minor daughter SHREYA ALIAS SHREYA VERMA aged 13 years, and she shall hereafter be known as SHREYA VERMA.

NAME CHANGE
I hitherto known as SAMEERA SINGH D/O SUDHIR KUMAR SINGH residing at Flat No.E-1058, River Heights, Raj Nagar, Extension, Tower-15, Ghaziabad, U.P.-201001, have changed my name and shall hereafter be known as SAMEERA SINGH AMETHIA.

NAME CHANGE
I, Sushma D/O Shambu Prasad Dharmana W/O Vinod Kumar R/O B-6 Police Colony Mandir Marg New Delhi 110001 Have changed my name to Sushma Badola for all future purposes.

NAME CHANGE
I Swaran Kaur Sawhney W/o Prith Pal Singh R/o 10C/80 SFS Flats Green View Appartment Mayapuri Road Hari Nagar West Delhi-110064 Have Changed My Name to Swaran Kaur for all purpose.

PUBLIC NOTICE
It is for general information that I, Rahul Vishwakarma S/o H.P. Vishvakarma R/o J-4, Ground Floor Gandhi Market, Mir Dard Road, Minto Road, Indraprastha, Central Delhi, Delhi-110002 declare that name of mine has been wrongly written as Rahul Kumar Vishvakarma in my minor daughter namely Anika Vishvakarma aged 5 years in his School Records. The actual name of mine is Rahul Vishwakarma.

PUBLIC NOTICE
It is for general information that 1 INDU CHAUHAN W/O NARENDER SINGH CHAUHAN R/O N-129/1, T-HUTS, KHILONA BAGH DIST NORTH WEST DELHI-110009 declare that name of mine has been wrongly written as INDU KANWAR in my minor son namely HARSH VARDHAN SINGH CHAUHAN aged 13 years in his school record and birth certificate No. MCDOLIR - 2211-005020356. The actual name of mine is INDU CHAUHAN which may be amended accordingly

PUBLIC NOTICE
It is for general information that CHANDER VEER S/O RAM JI LAL R/O Q-157 Vikas Vihar Uttam Nagar West Delhi Delhi-110059 declare that name of mine has been wrongly written as CHANDER PAL in my minor daughter namely KIRTI aged 15 years in her birth certificate No.MCDOLIR-0110-004425168. The actual name of mine is CHANDER VEER which may be amended accordingly

NAME CHANGE
I, MOGHAL FATHIMA BAIG Wife of JC-335017L Rank-NB/SUB Name-MOGHAL MOHAMMAD BAIG Presently residing at 9-5-5, ANDHRA RATNA NAGAR, PERALA HIGH SCHOOL, PERALA, CHIRALA PRAKASAM DISTRICT, ANDHRA PRADESH-523157, have changed my name from MOGHAL FATHIMA BAIG to FATHIMA SHAIK for all future purposes vide Affidavit dated 16/07/2025 before First Class Magistrate, Shillong, Meghalaya.

NAME CHANGE
I Jugal Kishor S/o Lila Dhar R/o H.No-196 S/F, Kh.No-619/21, Chattar Pur, South Delhi, Delhi-110074 have changed the name of my minor daughter namely Krishna Devi aged 16 years and she shall hereafter be known as Priya.

NAME CHANGE
I hitherto known as Farman S/o Akeel Ahmed R/o B 272/27, Gali No 4, Subhash Mohalla North Ghonda, Garhi Mendu, Bhajan Pura, North East, Delhi-110053 have changed my name and shall hereafter be known as Farman Ahmed.

NAME CHANGE
I hitherto known as Atif S/o Manzoor Khan R/o 1/99-C, 4F/F, Gali No-5, Guru Harkrishan School Wali Gali, Kabir Nagar, Gokal Pur, North East Delhi, Delhi-110094 have changed my name and shall hereafter be known as Atif Khan.

NAME CHANGE
I hitherto known as Aakash S/o Makan Singh Rawat R/o 2087/5, Gali No.20, Prem Nagar Patel Nagar, Patel Nagar S.O, Central Delhi, Delhi-110008 have changed my name and shall hereafter be known as Akash Rawat.

NAME CHANGE
I hitherto known as Sanam Kumari W/o Samarjeet Gupta R/o E-400-D, Block-E, Ashok Nagar, Vasundhra Enclave, East Delhi, Delhi, Delhi-110096 have changed my name and shall hereafter be known as Sonam Sav.

NAME CHANGE
I hitherto known as Laxman Yadav alias Bhavikshan Yadav S/O Bechan Yadav R/O Gram Debra, Post Bela, Thana Babubarhi, Ward No-02, Bela, PO Bela, Dist Madhubani, Bihar-847224 have changed my name and shall hereafter be known as Bhavikshna Yadav.

NAME CHANGE
I, SONIKA D/O TARSEM SINGH R/o H.No-3054 New Abadi Faizpura Amritsar-1 Amritsar Punjab-143001, have changed my name to SONAM-PREET KAUR.

NAME CHANGE
I Sarve Preet Kaur Kochhar W/o Manpreet Singh Kochhar R/o 10C/80 SFS Flats Green View Appartment Mayapuri Road Hari Nagar West Delhi-110064 Have Change My Given Name Sarvepreet kaur and Surname Kochhar for all purpose.

NAME CH

ਚੜ੍ਹਦੀ ਜਵਾਨੀ ਸਾਰੀ ਇੰਟਰਨੈੱਟ ਖਾ ਗਿਆ

ਅੱਜਕਲ੍ਹ ਦੇ ਬੱਚਿਆਂ ਦੀ ਸੋਚ ਕੁਝ ਇਸ ਤਰ੍ਹਾਂ ਹੁੰਦੀ ਜਾ ਰਹੀ ਹੈ ਕਿ ਘਰੋਂ ਤੁਰਨ ਤੋਂ ਪਹਿਲਾਂ ਇਹੋ ਸੋਚ ਕੇ ਅਗਾਂਹ ਵਲ ਨੂੰ ਕਦਮ ਧਰਦੇ ਹਨ ਕਿ ਰੱਬਾ ਰੋਟੀ ਘਰੇ ਬੇਸ਼ੱਕ ਨਾ ਮਿਲੇ ਪਰ ਗੀਚਾਰਜ ਵਾਲੀ ਦੁਕਾਨ ਵਿਚੋਂ ਨੈਟ ਪੈਕ ਜ਼ਰੂਰ ਮਿਲ ਜਾਵੇ ? ਪ੍ਰਭਾਤ ਵੇਲੇ ਵਾਹਿਗੁਰੂ ਦੇ ਨੈੱਟਵਰਕ ਨਾਲ ਜੁੜੇ ਰਹਿਣ ਕਾਰਨ ਤਰ੍ਹਾਂ-ਤਰ੍ਹਾਂ ਦੀਆਂ ਬਿਮਾਰੀਆਂ ਫੈਲਣ ਦਾ ਵੀ ਖਤਰਾ ਹੋ ਸਕਦਾ ਹੈ। ਇੰਟਰਨੈੱਟ ਦੀ ਜ਼ਿਆਦਾ ਵਰਤੋਂ ਕਰਨ ਨਾਲ ਸਾਡੀਆਂ ਅੱਖਾਂ 'ਤੇ ਬਹੁਤ ਡੂੰਘਾ ਪ੍ਰਭਾਵ ਪੈਂਦਾ ਹੈ, ਜਿਸ ਉਪਰੰਤ ਜਿਵੇਂ ਹੀ ਸਾਡੀ ਉਮਰ ਢਲਦੀ ਜਾਂਦੀ ਹੈ ਨਾਲ



ਸਿਮਰਨ ਵੱਲ ਕਿਸੀ ਦੇ ਜਜ਼ਬਾਤ ਨਹੀਂ ਹੁੰਦੇ। ਸਭ ਤੋਂ ਪਹਿਲਾਂ ਤੜਕੇ ਉਠਣ ਸਾਰ ਹੀ ਫੇਸਬੁੱਕ ਦੀ ਦੁਨੀਆ ਵਿਚ ਸ਼ਾਮਿਲ ਹੋ ਜਾਂਦੇ ਹਨ। ਸਕੂਲਾਂ, ਕਾਲਜਾਂ ਵਿਚ ਇੰਟਰਨੈੱਟ ਦੀ ਦੁਰਵਰਤੋਂ ਦਿਨੋ-ਦਿਨ ਵਧਦੀ ਜਾ ਰਹੀ ਹੈ। ਹੋਰਨਾਂ ਦੇਸ਼ਾਂ ਨਾਲੋਂ ਭਾਰਤ ਵਿਚ ਜ਼ਿਆਦਾ ਫੇਸਬੁੱਕ ਮੋਬਾਈਲਾਂ ਦੇ ਵਿਚ ਲਾਗ ਆਨ ਹੋ ਰਹੀ ਹੈ ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਵਿਚ ਬਿਲਕੁਲ ਵੀ ਦਿਲਚਸਪੀ ਨਹੀਂ ਅਤੇ ਦਿਲਚਸਪੀ ਦੇ ਨਾ ਹੋਣ ਕਾਰਨ ਬਹੁਤ ਹੀ ਇੰਟੈਲੀਜੈਂਟ ਵਿਦਿਆਰਥੀ ਚੰਗੀ ਪੜ੍ਹਾਈ ਤੋਂ ਵਾਂਝੇ ਰਹਿ ਰਹੇ ਹਨ। ਇੰਟਰਨੈੱਟ ਚਲਾਉਣ ਨਾਲ ਅੱਜਕਲ੍ਹ ਦੇ ਵਿਦਿਆਰਥੀ ਬੇਰੁਜ਼ਗਾਰ ਹਨ, 24 ਘੰਟੇ 'ਚੋਂ 16 ਘੰਟੇ ਹੀ ਸਾਨੂੰ ਲਿਖਣ ਅਤੇ ਪੜ੍ਹਨ ਵਿਚ ਕਈ ਤਰ੍ਹਾਂ ਦੀਆਂ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇੰਟਰਨੈੱਟ ਕਾਰਨ ਸਾਡੇ ਕਈ ਜ਼ਰੂਰੀ ਕੰਮਾਂ ਅਤੇ ਪੜ੍ਹਾਈ ਵਿਚ ਵੀ ਰੁਕਾਵਟ ਆਉਂਦੀ ਹੈ। ਆਪਣਾ ਜ਼ਰੂਰੀ ਕੰਮ ਅਤੇ ਪੜ੍ਹਾਈ ਕਰਨ ਸਮੇਂ ਕੰਮ ਵੱਲ ਸਾਡਾ ਬਿਲਕੁਲ ਵੀ ਧਿਆਨ ਨਹੀਂ ਹੁੰਦਾ। ਉਸ ਕੰਮ ਦੀ ਬਜਾਏ ਸਾਡਾ ਸਾਰਾ ਧਿਆਨ ਇੰਟਰਨੈੱਟ ਵੱਲ ਹੁੰਦਾ ਹੈ। ਜੋ ਕੰਮ ਅਸੀਂ ਉਸ ਸਮੇਂ ਕਰਦੇ ਹਾਂ ਉਸ ਕੰਮ ਦੀ ਪ੍ਰੋਡਕਸ਼ਨ ਪਹਿਲਾਂ ਨਾਲੋਂ ਬਹੁਤ ਘੱਟ ਆਉਂਦੀ ਹੈ, ਅਨਪੜ੍ਹ ਤੋਂ ਅਨਪੜ੍ਹ ਬੰਦੇ ਨੂੰ ਵੀ ਇੰਟਰਨੈੱਟ ਨੇ ਖਾ ਲਿਆ ਹੈ।

-ਸਾਹਿਬ ਸਿੰਘ

ਵਿਅੰਗ ਚਿੰਤਾ

ਪਿੰਡੋਂ ਬਾਹਰ ਸ਼ਹਿਰ ਵੱਲ ਨੂੰ ਜਾਂਦੀ ਸੜਕ ਕੰਢੇ ਖੁੰਢ 'ਤੇ ਬੈਠੇ ਚਾਚੇ ਘਸੀਟੇ ਦਾ ਚਿਹਰਾ ਦਰਾਦੜਾ ਕਰ ਰਿਹਾ ਸੀ। ਅੱਖਾਂ 'ਚ ਚਮਕ ਤੇ ਬੁੱਲ੍ਹਾਂ 'ਤੇ ਮੁਸਕਾਨ ਖੇਡ ਰਹੀ ਸੀ। ਦੇਖ ਕੇ ਬੜਾ ਚੰਗਾ ਲੱਗਿਆ। ਪੁੱਛਣੋਂ ਨਾ ਰਹਿ ਹੋਇਆ। 'ਚਾਚਾ ਕੋਈ ਵਿਆਹ ਖਾਧਾ ? ਬੜਾ ਦਮਕ ਰਿਹਾਂ।

...ਤਾਂ ਚਾਚਾ ਘਸੀਟਾ ਬੋਲਿਆ, 'ਵਿਆਹ-ਵਿਹੂਅ ਤਾਂ ਆਪਾਂ ਕਿਹੜਾ ਖਾਣਾ ਸੀ ਭਤੀਜ। ਬਸ ਆਪਾਂ ਹੁਣ ਸੋਚਣਾ ਛੱਡ 'ਤਾ, ਐਵੇਂ ਸਾਲੀ ਮੁਫ਼ਤ ਦੀ ਚਿੰਤਾ ਲਾਈ ਫਿਰੇ... ਪਿੰਡ ਦੀ ਮੁੰਡ੍ਹੀਰ ਐਵੇਂ ਆਵਾ-ਗਾਉਣ ਹੀ ਮੋਟਰ ਸਾਈਕਲਾਂ 'ਤੇ ਭੱਜੀ ਫਿਰਦੀ ਐ ਤਾਂ ਭੱਜੀ ਫਿਰੇ... ਫੂਕਦੀ ਐ ਮਹਿੰਗਾ ਪੈਟਰੋਲ ਤਾਂ ਫੂਕਦੀ ਫਿਰੇ, ਖਰਚੀ ਜਾਣ ਮੋਬਾਈਲਾਂ 'ਤੇ ਆਪਣੇ ਬਾਪੂਆਂ ਦੀ ਖੂਨ-ਪਸੀਨੇ ਦੀ ਕਮਾਈ। ਸਕੂਲਾਂ-ਕਾਲਜਾਂ ਦੀ ਥਾਂ ਅਵਾਰਾਗਰਦੀ ਕਰਦੇ ਐ ਮਾਲਾਂ 'ਚ ਤਾਂ ਕਰਦੇ ਫਿਰਨ, ਉਥੇ ਮਹਿੰਗੀਆਂ ਟਿਕਟਾਂ ਤੇ ਦਵਾਨੀ-ਚਵਾਨੀ ਦੀਆਂ ਫਿਲਮਾਂ ਦੇਖਦੇ ਹਨ ਤਾਂ ਦੇਖਦੇ ਰਹਿਣ। ਖਾਂਦੇ ਐ ਨਸ਼ੇ ਦੇ ਕੈਪਸੂਲ ਤਾਂ ਖਾਈ ਜਾਣ, ਲਾਈ ਜਾਂਦੇ ਐ ਟੀਕੇ ਤਾਂ ਲਾਈ ਜਾਣ, ਆਪੇ ਭੁਗਤਣਗੇ ਜਦੋਂ ਸਿਰ 'ਤੇ ਪਈਆਂ। ਆਪਣੇ ਬਲਬੂਤੇ ਉੱਚੀਆਂ ਪੜ੍ਹਾਈਆਂ ਕਰ ਗਈਆਂ ਕੁੜੀਆਂ ਨੂੰ ਨਹੀਂ ਮਿਲਦੇ ਬਰਾਬਰ ਦੇ ਵਰ ਤਾਂ ਨਾ ਮਿਲਣ।'

ਚਾਚਾ ਧੌਰੇ ਭਰਿਆ ਬੈਠਾ ਸੀ। ਉਸ ਨੇ ਰੋਣਹਾਕੇ ਹੋਏ ਨੇ ਕਹਿਣਾ ਜਾਰੀ ਰੱਖਿਆ, 'ਪਈ ਜਾਣ ਪੱਕੀਆਂ ਖੜ੍ਹੀਆਂ ਫਸਲਾਂ 'ਤੇ ਮੋਹਲੇਧਾਰ ਮੀਂਹ, ਨਾ ਵਿਕੇ ਮੰਡੀਆਂ 'ਚ ਪਿਆ ਝੋਨਾ, ਰੁਲਦੇ ਫਿਰਨ ਮੀਂਹ 'ਚ ਬਜ਼ੁਰਗ ਮੰਡੀਆਂ ਵਿਚ ਨਾ ਵਿਕੀਆਂ ਫਸਲਾਂ ਦੀ ਰਾਖੀ ਬੈਠੇ। ਖੇਤੀ ਵਿਗਿਆਨੀਆਂ, ਵਾਤਾਵਰਨ ਮਾਹਰਾਂ, ਸਰਕਾਰਾਂ ਦੇ ਚੀਕਾਂ ਮਾਰੀ ਜਾਣ ਦੇ ਬਾਵਜੂਦ ਸਾਡੇ ਕੁਝ ਭਰਾਵਾਂ ਝੋਨੇ ਦੀ ਪਰਾਲੀ ਤੇ ਕਣਕ ਦਾ ਨਾੜ ਸਾੜੀ ਜਾਣਾ ਹੈ ਖੇਤਾਂ ਵਿਚ ਤਾਂ ਸਾੜੀ ਜਾਣਾ। ਖਸਮਾਂ ਨੂੰ ਖਾਵੇ ਸਾਰਾ ਕੁਝ... ਆਪੇ ਉੱਪਰ ਵਾਲਾ ਦੇਖੂ, ਜਿਵੇਂ ਉਹਦੀ ਮਰਜ਼ੀ ਹੋਊ। ਆਪਾਂ ਨਹੀਂ ਕਰਨੀ ਹੁਣ ਕੋਈ ਚਿੰਤਾ।' ਚਾਚਾ ਘਸੀਟਾ ਆਪਣੀਆਂ ਅੱਖਾਂ ਦੀਆਂ ਕੋਰਾਂ 'ਚ ਉਮੜ ਆਏ ਹੰਝੂ ਪੂੰਝਦਾ ਕਹੀ ਜਾ ਰਿਹਾ ਸੀ।

-ਸੁਰਿੰਦਰਪ੍ਰੀਤ ਸਿੰਘ

ਆਮ ਲੋਕਾਂ 'ਤੇ ਬੇਲੋੜਾ ਬੋਝ ਹਨ 'ਟੋਲ ਨਾਕੇ'

ਜਦ ਲੋਕਾਂ ਦੁਆਰਾ ਚੁਣੀਆਂ ਹੋਈਆਂ ਸਰਕਾਰਾਂ ਆਪਣੀਆਂ ਜ਼ਿੰਮੇਵਾਰੀਆਂ ਤੋਂ ਮੂੰਹ ਮੋੜ ਲੈਂਦੀਆਂ ਹਨ ਤਾਂ ਆਮ ਲੋਕਾਂ ਨੂੰ ਕਈ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਆਮ ਲੋਕਾਂ ਨੂੰ ਆਪਣੀ ਰੋਜ਼ਾਨਾ ਦੀ ਜ਼ਿੰਦਗੀ ਵਿਚ ਕਈ ਤਰ੍ਹਾਂ ਦੇ ਬੇਲੋੜੇ ਬੋਝ ਢੋਹਣੇ ਪੈਂਦੇ ਹਨ। ਇਸ ਦੀ ਇਕ ਜਿਊਂਦੀ-ਜਾਗਦੀ ਉਦਾਹਰਣ ਪੰਜਾਬ ਦੀਆਂ ਬਹੁਤੀਆਂ ਵੱਡੀਆਂ ਸੜਕਾਂ 'ਤੇ ਨਿੱਜੀ ਕੰਪਨੀਆਂ ਵੱਲੋਂ ਲਾਏ ਗਏ 'ਟੋਲ ਨਾਕੇ' ਹਨ। ਭਾਰਤੀ ਸੰਵਿਧਾਨ ਅਨੁਸਾਰ ਦੇਸ਼ ਦੀ ਕੇਂਦਰੀ ਸਰਕਾਰ ਤੇ ਰਾਜ ਸਰਕਾਰਾਂ ਦੀ ਸਭ ਤੋਂ ਮੁੱਖ ਜ਼ਿੰਮੇਵਾਰੀ ਆਮ ਨਾਗਰਿਕਾਂ ਨੂੰ ਸਿਹਤ, ਸਿੱਖਿਆ, ਰੁਜ਼ਗਾਰ, ਸੁਰੱਖਿਆ ਸਮੇਤ ਬੁਨਿਆਦੀ ਢਾਂਚੇ ਤੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨਾ ਹੈ, ਜਿਸ ਵਿਚ ਸੜਕਾਂ ਸਭ ਤੋਂ ਅਹਿਮ ਹਨ ਪਰ ਅਫਸੋਸ ਤੇ ਦੁੱਖ ਦੀ ਗੱਲ ਹੈ ਕਿ ਸਾਡੇ ਇਥੇ ਸਾਰੇ ਦੇਸ਼ ਵਿਚ ਹੀ ਸਰਕਾਰਾਂ ਆਪਣੇ ਇਸ ਫਰਜ਼ ਤੋਂ ਮੂੰਹ ਮੋੜ ਚੁੱਕੀਆਂ ਹਨ। ਸਾਡੇ ਪੰਜਾਬ ਵਿਚ ਤੇ ਦੇਸ਼ ਦੇ ਹੋਰਨਾਂ ਰਾਜਾਂ ਵਿਚ ਵੀ ਸਰਕਾਰਾਂ ਪ੍ਰਾਈਵੇਟ ਨਿਰਮਾਣ ਕੰਪਨੀਆਂ ਕੋਲੋਂ ਸੜਕਾਂ ਬਣਵਾ ਕੇ, ਸੜਕ ਬਣਾਉਣ 'ਤੇ ਆਈ ਲਾਗਤ ਨੂੰ ਮੁਨਾਫਾ ਜੋੜ ਕੇ, 'ਟੋਲ ਨਾਕੇ' ਲਾ ਕੇ ਸੜਕਾਂ ਤੋਂ ਚਾਰ-ਪਹੀਆ ਵਾਹਨਾਂ ਰਾਹੀਂ ਲੰਘਣ ਵਾਲੇ ਆਮ ਲੋਕਾਂ ਤੋਂ ਇਕੱਠਾ ਕਰਨ ਦੀ ਕੰਪਨੀਆਂ ਨੂੰ ਕਈ-ਕਈ ਸਾਲਾਂ ਤੱਕ ਖੁੱਲ੍ਹ ਦੇ ਦਿੰਦੀਆਂ ਹਨ। ਇਥੋਂ ਹੀ ਸ਼ੁਰੂ ਹੁੰਦਾ ਹੈ ਆਮ ਲੋਕਾਂ ਦੀਆਂ ਪ੍ਰੇਸ਼ਾਨੀਆਂ ਤੇ ਲੁੱਟ ਦਾ ਦੌਰ।

ਸਾਡੇ ਪੰਜਾਬ ਵਿਚ ਤਾਂ ਇਸ ਸਮੇਂ ਤਕਰੀਬਨ ਸਾਰੇ ਹੀ ਸ਼ਾਹ ਮਾਰਗਾਂ 'ਤੇ ਟੋਲ ਨਾਕੇ ਹਨ (ਜਿਨ੍ਹਾਂ 'ਤੇ ਨਹੀਂ ਹਨ, ਉਨ੍ਹਾਂ 'ਤੇ ਵੀ ਕਈ ਥਾਈਾ ਤਿਆਰੀ ਹੋ ਰਹੀ ਹੈ)। ਇਨ੍ਹਾਂ ਟੋਲ ਨਾਕਿਆਂ 'ਤੇ ਆਮ ਲੋਕਾਂ ਨੂੰ ਕਈ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਸਭ ਤੋਂ ਪਹਿਲਾਂ ਤਾਂ ਸਾਡੇ ਪੰਜਾਬ ਵਿਚ ਟੋਲ ਨਾਕੇ ਦੂਰੀ ਦੇ ਮੁਤਾਬਿਕ ਵੀ ਨੇੜੇ-ਨੇੜੇ ਸਥਿਤ ਹਨ। ਇਨ੍ਹਾਂ ਟੋਲ ਨਾਕਿਆਂ 'ਤੇ ਕਈ ਵਾਰ ਪਰਚੀ ਕਟਾਉਣ 'ਤੇ 5 ਤੋਂ 8 ਮਿੰਟ ਦਾ ਸਮਾਂ ਲੱਗ ਜਾਂਦਾ ਹੈ। ਕਾਨੂੰਨਨ ਕਿਸੇ ਵੀ ਟੋਲ ਨਾਕੇ 'ਤੇ ਯਾਤਰੀ ਨੂੰ 3 ਮਿੰਟ ਤੋਂ ਵੱਧ ਨਹੀਂ ਰੋਕਿਆ ਜਾ ਸਕਦਾ। ਜੇਕਰ 3 ਮਿੰਟ ਤੋਂ ਵੱਧ ਦੇਰੀ ਲਗਦੀ ਹੈ ਤਾਂ ਯਾਤਰੀ ਟੋਲ ਦਿੱਤੇ ਬਿਨਾਂ ਜਾ ਸਕਦਾ ਹੈ ਪਰ ਸਾਡੇ ਇਥੇ ਇਸ ਤਰ੍ਹਾਂ ਨਹੀਂ ਹੈ। ਸਾਡੇ ਪੰਜਾਬ ਵਿਚ ਟੋਲ ਦਰਾਂ ਵੀ ਕਈ ਰਾਜਾਂ ਦੇ ਮੁਕਾਬਲੇ ਵੱਧ ਹਨ। ਇਹ ਸਿੱਧੀ-ਸਿੱਧੀ ਆਮ ਲੋਕਾਂ ਦੀ ਚਾਹੁੰਦਾ ਹਾਂ ਕਿ ਪੰਜਾਬ ਸਰਕਾਰ ਲੁੱਟ ਹੈ, ਕਿਉਂਕਿ ਰੋਡ ਟੈਕਸ ਤਾਂ ਆਪਣੇ ਫਰਜ਼ ਨੂੰ ਮੁੱਖ ਰੱਖ ਕੇ ਪੰਜਾਬ ਪੈਟਰੋਲ-ਡੀਜ਼ਲ ਸਮੇਤ ਹਰੇਕ ਵਹੀਕਲ ਵਿਚ 'ਟੋਲ ਨਾਕਿਆਂ' ਦਾ ਬੋਝ ਲੋਕਾਂ ਦੇ ਖਰੀਦਣ ਸਮੇਂ ਵੀ ਸਰਕਾਰ ਲੈਂਦੀ ਤੋਂ ਘੱਟ ਕਰੇ। ਪਹਿਲੀ ਗੱਲ ਤਾਂ ਸੜਕਾਂ ਹੈ। ਫਿਰ ਇਹ ਦੋਹਰੀ ਮਾਰ ਕਿਉਂ। ਸਰਕਾਰਾਂ ਖੁਦ ਬਣਾਉਣ, ਨਾ ਕਿ ਟੋਲ ਨਾਕਿਆਂ 'ਤੇ ਵੀ ਯਾਤਰੀਆਂ ਲਈ ਪ੍ਰਾਈਵੇਟ ਕੰਪਨੀਆਂ। ਸਰਕਾਰ ਕੋਲ ਕੋਈ ਸਹੂਲਤ ਨਹੀਂ ਹੁੰਦੀ। ਟੋਲ ਇਸ ਕੰਮ ਲਈ ਵਿਭਾਗ ਤੇ ਸਾਰਾ



ਮੁਲਾਜ਼ਮਾਂ ਦਾ ਰਵੱਈਆ ਵੀ ਠੀਕ ਢਾਂਚਾ ਮੌਜੂਦ ਹੈ। ਦੂਜਾ ਟੋਲ ਦਰਾਂ ਨਹੀਂ ਹੁੰਦਾ। ਕਈ ਵਾਰ ਆਉਣ-ਜਾਣ ਜਾਇਜ਼ ਕੀਤੀਆਂ ਜਾਣ। ਟੋਲ ਦੀ ਪਰਚੀ ਇਕੱਠੀ ਲੈ ਕੇ ਗਏ ਨਾਕਿਆਂ ਦਾ ਪ੍ਰਬੰਧ ਕਾਨੂੰਨ ਮੁਤਾਬਿਕ ਯਾਤਰੀਆਂ ਨਾਲ ਸਮੇਂ 'ਤੇ ਪਰਚੀ ਹੋਵੇ। ਯਾਤਰੀਆਂ ਦੇ ਸਮੇਂ ਦੀ ਕਦਰ ਆਦਿ ਗੁੰਮ ਹੋਣ 'ਤੇ ਕੀਤੀ ਜਾਵੇ ਤੇ ਚੰਗਾ ਤੇ ਆਦਰਸ਼ਕ ਕੰਪਿਊਟਰਆਈਜਡ ਕੰਮ ਹੋਣ ਦੇ ਵਿਵਹਾਰ ਕੀਤਾ ਜਾਵੇ।

ਬਾਵਜੂਦ ਝਗੜੇ ਕੀਤੇ ਜਾਂਦੇ ਹਨ। ਅਖੀਰ ਵਿਚ ਮੈਂ ਇਹ ਗੱਲ ਕਹਿਣਾ

-ਪਿੰਡ ਪੀਰ ਦੀ ਸੈਨ, ਡਾਕ: ਬੱਬਰੀ ਨੰਗਲ (ਗੁਰਦਾਸਪੁਰ)-143529.

ਨਿੱਕੀਆਂ-ਨਿੱਕੀਆਂ ਗੱਲਾਂ ਪਿੱਛੇ ਕਿਉਂ ਹੋ ਰਹੇ ਹਨ ਕਤਲ

ਪੁਰਾਤਨ ਸਮੇਂ ਅੰਦਰ ਝਾਤ ਮਾਰੀਏ ਤਾਂ ਪੰਜਾਬ ਵਿਚ ਸਮਾਜਿਕ ਸਾਂਝ ਬੜੀ ਮਜ਼ਬੂਤ ਸੀ। ਹਰ ਵਿਅਕਤੀ ਦੂਜੇ ਵਿਅਕਤੀ ਦੀ ਸਮੱਸਿਆ ਨੂੰ ਸਮਝਦਾ ਸੀ ਤੇ ਹੱਲ ਕਰਨ ਦੀ ਕੋਸ਼ਿਸ਼ ਕਰਦਾ ਸੀ। ਹਰ ਤਰ੍ਹਾਂ ਦੇ ਝਗੜਿਆਂ ਦਾ ਨਿਪਟਾਰਾ ਪਿੰਡ ਦੀ ਪੰਚਾਇਤ ਵਿਚ ਮੋਹਤਬਰ ਵਿਅਕਤੀ ਕਰਦੇ ਸਨ ਪਰ ਅਜੋਕੇ ਸਮੇਂ ਵਿਚ ਪੰਜਾਬ ਵਿਚ ਸਮਾਜਿਕ ਸਾਂਝ ਬਿਲਕੁਲ ਖਤਮ ਹੋ ਰਹੀ ਹੈ। ਆਮ ਦੇਖਣ ਵਿਚ ਆ ਰਿਹਾ ਹੈ ਕਿ ਛੋਟੀਆਂ-ਛੋਟੀਆਂ ਗੱਲਾਂ 'ਤੇ ਕਿਸੇ ਦੂਜੇ ਵਿਅਕਤੀ ਦੀ ਜਾਨ ਲੈ ਲਈ ਜਾਂਦੀ ਹੋ ਰਹੀ ਹੈ, ਜਿਸ ਕਾਰਨ ਇਕ ਪਲ ਦਾ ਗੁੱਸਾ ਹੀ ਮਨੁੱਖ ਨੂੰ ਹੈਵਾਨ ਬਣਾ ਦਿੰਦਾ ਹੈ। ਜੋ ਆਦਮੀ ਇਸ ਗੁੱਸੇ ਨੂੰ ਵੱਸ ਵਿਚ ਕਰ ਲੈਂਦਾ ਹੈ, ਉਹ ਇਨ੍ਹਾਂ ਲੜਾਈਆਂ ਦੇ ਮਾਰੂ ਨਤੀਜਿਆਂ ਤੋਂ ਬਚ ਸਕਦਾ ਹੈ। ਅਜੋਕਾ ਮਨੁੱਖ ਅਹੰਕਾਰੀ ਬਣ ਰਿਹਾ ਹੈ। ਆਪਣੇ ਅਹੰਕਾਰ ਦੇ ਕਾਰਨ ਉਹ ਹਰ ਪਾਸੇ ਆਪਣੀ ਚੌਧਰ ਦੀ ਵਰਤੋਂ ਕਰਕੇ ਕਈ ਵਾਰ ਅਜਿਹੀਆਂ ਘਟਨਾਵਾਂ ਨੂੰ ਜਨਮ ਦਿੰਦਾ ਹੈ। ਹੋਰ ਕਾਰਨਾਂ ਬਾਰੇ ਜੇਕਰ ਦੇਖੀਏ ਤਾਂ ਸਾਡੇ ਅੰਦਰ ਨੈਤਿਕ ਕਦਰਾਂ-ਕੀਮਤਾਂ ਦੀ ਘਾਟ ਹੋ ਰਹੀ ਹੈ,



ਜਿਸ ਕਾਰਨ ਅਸੀਂ ਆਪਣੀਆਂ ਗਿਸ਼ਤੇਦਾਰੀਆਂ ਨੂੰ ਭੁੱਲ ਜਾਂਦੇ ਹਾਂ ਤੇ ਭਰਾ ਦਾ ਕਤਲ ਕਰਨ ਲੱਗੇ ਵੀ ਭੋਰਾ ਨਹੀਂ ਸੋਚਦੇ। ਕਾਰਨ ਭਾਵੇਂ ਕੁਝ ਵੀ ਹੋਵੇ, ਅਜਿਹੀਆਂ ਘਟਨਾਵਾਂ ਸਮਾਜ ਲਈ ਬੜੀਆਂ ਖਤਰਨਾਕ ਹਨ। ਜੋ ਕਤਲ ਹੁੰਦਾ ਹੈ, ਉਸ ਦਾ ਪਰਿਵਾਰ ਰੁਲ ਜਾਂਦਾ ਹੈ ਪਰ ਜੋ ਕਤਲ ਕਰਦਾ ਹੈ, ਉਸ ਦਾ ਹਾਲ ਉਸ ਤੋਂ ਵੀ ਮਾੜਾ ਹੁੰਦਾ ਹੈ। ਚਾਹੀਦਾ ਇਹ ਹੈ ਕਿ ਅਜਿਹੀਆਂ ਖਤਰਨਾਕ ਘਟਨਾਵਾਂ ਤੋਂ ਬਚੀਏ। ਜੋ ਵੀ ਗਿਲੇ-ਸ਼ਿਕਵੇ ਹੋਣ, ਬੈਠ ਕੇ ਹੱਲ ਕਰਨੇ ਚਾਹੀਦੇ ਹਨ। ਆਪਣੇ ਗੁੱਸੇ ਨੂੰ ਵੱਸ ਵਿਚ ਕਰਨ ਲਈ ਯੋਗਾ ਆਦਿ ਦਾ ਅਭਿਆਸ ਕੀਤਾ ਜਾ ਸਕਦਾ ਹੈ। ਆਪਣੇ ਅੰਦਰ ਸਹਿਣਸ਼ੀਲਤਾ ਪੈਦਾ ਕਰੋ, ਅਹੰਕਾਰ ਨੂੰ ਦੂਰ ਭਜਾਓ, ਨੈਤਿਕ ਕਦਰਾਂ-ਕੀਮਤਾਂ ਪੈਦਾ ਕਰੋ। ਨਾ ਹੀ ਕਿਸੇ ਦੀ ਜਾਨ ਲਓ ਅਤੇ ਨਾ ਹੀ ਆਪਣੀ ਜਾਨ ਖਤਰੇ ਵਿਚ ਪਾਓ। ਇਹ ਜੀਵਨ ਇਕ ਵਾਰ ਮਿਲਦਾ ਹੈ, ਚੰਗੇ ਕਰਮ ਕਰਕੇ ਸਮਾਜ ਦੇ ਚੰਗੇ ਨਾਗਰਿਕ ਬਣੋ।

-ਸ: ਹਾ: ਸਕੂਲ, ਚੁਗੱਤੇ ਵਾਲਾ।

ਥਰੋ, ਖਰਚੀਲੇ ਵਿਆਹਾਂ ਤੋਂ

ਉਹ ਵੀ ਸਮਾਂ ਸੀ ਜਦੋਂ ਸਾਦੇ ਵਿਆਹਾਂ ਵਿਚ ਵੀ ਉਹ ਸ਼ਾਨੋ-ਸ਼ੌਕਤ ਹੁੰਦੀ ਸੀ, ਜੋ ਅੱਜ ਦੇ ਜ਼ਿਆਦਾ ਧੂਮ-ਧੜੱਕੇ ਵਾਲੇ ਵਿਆਹਾਂ ਵਿਚ ਵੀ ਦੇਖਣ ਨੂੰ ਨਹੀਂ ਮਿਲਦੀ। ਕਿਉਂਕਿ ਜਿਥੇ ਉਨ੍ਹਾਂ ਵਿਆਹ ਪ੍ਰੋਗਰਾਮਾਂ ਵਿਚ ਖੁਸ਼ੀ, ਸੱਭਿਆਚਾਰ ਤੇ ਗੀਤੀ-ਰਿਵਾਜ ਝਲਕਾਰੇ ਮਾਰਦੇ ਸਨ, ਉਥੇ ਧੀ ਵਾਲਿਆਂ ਦੀ ਜੇਬ 'ਤੇ ਵੀ ਬਹੁਤਾ ਅਸਰ ਨਹੀਂ ਸੀ ਪੈਂਦਾ ਪਰ ਅੱਜ ਦੇ ਵਿਆਹਾਂ ਵਿਚ ਸਿਵਾਏ ਰੌਲੇ-ਰੱਪੇ, ਆਰਕੈਸਟਰਾ ਦੀ ਅਸ਼ਲੀਲਤਾ, ਮਹਿੰਗੀ ਦਾਰੂ ਤੇ ਪੈਸੇ ਦੀ ਦੁਰਵਰਤੋਂ ਤੋਂ ਇਲਾਵਾ ਹੋਰ ਕੁਝ ਕੀਤਾ ਹੀ ਨਹੀਂ ਜਾਂਦਾ, ਜੋ ਕਿ ਸਾਡੇ ਅਮੀਰ ਸੱਭਿਆਚਾਰ ਦੇ ਪਤਨ ਦਾ ਸੂਚਕ ਤਾਂ ਹੈ ਹੀ ਸਗੋਂ ਸਾਡੇ ਪੰਜਾਬੀਆਂ ਦੇ ਬੇਗੈਰਤ ਹੋਣ ਦੀ ਗਵਾਹੀ ਵੀ ਭਰਦਾ ਹੈ।ਅੱਜ ਇਨ੍ਹਾਂ ਖਰਚੀਲੇ ਵਿਆਹਾਂ ਨੇ ਜਿਥੇ ਵਿਰਸੇ ਨੂੰ ਸੱਟ ਮਾਰੀ ਹੈ, ਉਥੇ ਸਾਡੇ ਪੰਜਾਬੀਆਂ ਦੀ ਆਰਥਿਕਤਾ ਨੂੰ ਵੀ ਵੱਡੀ ਢਾਹ ਲਾਈ ਹੈ। ਕਿਉਂਕਿ ਜਿਹੜਾ ਵਿਆਹ ਕਦੇ 50 ਹਜ਼ਾਰ ਵਿਚ ਬੜੀ ਸ਼ਾਨੋ-ਸ਼ੌਕਤ ਨਾਲ ਹੋ ਜਾਂਦਾ ਸੀ, ਉਹੀ ਵਿਆਹ ਅੱਜ 5-7 ਲੱਖ ਵਿਚ ਵੀ ਮਸਾਂ ਰੋ-ਪਿੱਟ ਕੇ ਨੇਪਰੇ ਚੜ੍ਹਦਾ ਹੈ। ਉੱਤੋਂ ਨਵੇਂ ਲੈਣ-ਦੇਣ ਨੇ ਫੂਕ ਕੱਢ ਕੇ ਰੱਖ ਦਿੱਤੀ ਹੈ, ਕਿਉਂਕਿ ਵਿਆਦਦੜ ਮੁੰਡੇ ਦੇ ਕੜੇ, ਮੁੰਦੀ



ਤੋਂ ਲੈ ਕੇ ਫੁੱਫੜ, ਮਾਮਿਆਂ ਤੱਕ ਦੀਆਂ ਉਂਗਲਾਂ ਵਿਚ ਸੋਨਾ ਸਜਾਇਆ ਜਾਂਦਾ ਹੈ, ਜੋ ਕਿ ਬੜਾ ਹੀ ਮਾਰੂ ਵਰਤਾਰਾ ਹੈ। ਹੁਣ ਦੇ ਸਮੇਂ ਵਿਚ ਬਰਾਤੀਆਂ ਦੀ ਆਓ ਭਗਤ ਲਈ ਧਰਮਸ਼ਾਲਾਵਾਂ ਦੀ ਵਰਤੋਂ ਨਹੀਂ, ਸਗੋਂ ਮਹਿੰਗੀਆਂ ਫੀਸਾਂ ਦੇ ਕੇ ਪੈਲੇਸ ਬੁੱਕ ਕੀਤੇ ਜਾਂਦੇ ਹਨ, ਜਿਨ੍ਹਾਂ ਨਾਲ ਪਿੰਡਾਂ ਵਿਚਲੀ ਭਾਈਚਾਰਕ ਸਾਂਝ ਟੁੱਟਦੀ ਜਾ ਰਹੀ ਹੈ।ਪੈਲੇਸਾਂ ਵਿਚ ਮਹਿੰਗੀ ਸ਼ਰਾਬ ਤੇ ਮੀਟ ਤੋਂ ਇਲਾਵਾ ਵੱਧ ਮਾਤਰਾ ਵਿਚ ਦਾਲਾਂ ਤੇ ਸਬਜ਼ੀਆਂ ਦਾ ਪ੍ਰਬੰਧ ਕੀਤਾ ਜਾਂਦਾ ਹੈ, ਜਿਸ ਦੀ ਬਾਅਦ ਵਿਚ

ਬਜ਼ੁਰਗ ਹੁੰਦੇ ਨੇ ਘਰਾਂ ਦੇ ਜਿੰਦੇ

ਨਰਿੰਦਰ ਸਿੰਘ ਚੌਹਾਨ

ਕਿਸੇ ਸਿਆਣੇ ਬੰਦੇ ਨੇ ਇਹ ਅਖਾਣ ਬਿਲਕੁਲ ਸਹੀ ਬਣਾਇਆ ਹੈ ਕਿ ਬਜ਼ੁਰਗ ਘਰ ਦਾ ਜਿੰਦਾ ਹੁੰਦੇ ਹਨ। ਇਸ ਵਿਚ ਕੋਈ ਸ਼ੱਕ ਨਹੀਂ ਕਿ ਬਜ਼ੁਰਗ ਘਰ ਦਾ ਜਿੰਦਾ ਨਹੀਂ ਹੁੰਦੇ। ਇਨ੍ਹਾਂ ਬਜ਼ੁਰਗਾਂ ਦੇ ਸਹਾਰੇ ਅਸੀਂ ਆਪਣੇ ਘਰ ਬਾਰ ਨੂੰ ਖੁੱਲ੍ਹਾ ਛੱਡ ਕਿਤੇ ਵੀ ਆ ਜਾ ਸਕਦੇ ਹਾਂ। ਕਿਉਂਕਿ ਸਾਨੂੰ ਪਤਾ ਹੁੰਦਾ ਹੈ ਕਿ ਜਦੋਂ ਤਕ ਘਰ ਵਿਚ ਬਜ਼ੁਰਗ ਬੈਠੇ ਹਨ ਉਦੋਂ ਤਕ ਘਰ ਦੀ ਕੋਈ ਵੀ ਚੀਜ਼ ਇੱਧਰ ਓਧਰ ਨਹੀਂ ਹੋ ਸਕਦੀ। ਇਨ੍ਹਾਂ ਬਜ਼ੁਰਗਾਂ ਦੇ ਸਹਾਰੇ ਅਸੀਂ ਬੱਚਿਆਂ ਨੂੰ ਘਰ ਛੱਡ ਕੇ ਕਿਤੇ ਵੀ ਰਿਸ਼ਤੇਦਾਰੀ ਆਦਿ ਵਿਚ ਆ ਜਾ ਸਕਦੇ ਹਾਂ। ਕਿਉਂਕਿ ਇਨ੍ਹਾਂ ਦੇ ਹੁੰਦੇ ਹੋਏ ਸਾਨੂੰ ਘਰ ਬਾਰ ਅਤੇ ਬੱਚਿਆਂ ਦਾ ਕੋਈ ਫ਼ਿਕਰ ਨਹੀਂ ਰਹਿੰਦਾ। ਬਜ਼ੁਰਗ ਉਸ ਦਰੱਖ਼ਤਾਂ ਦੀ ਤਰ੍ਹਾਂ ਹੁੰਦੇ ਹਨ ਜਿਹੜੇ ਸਾਥੋਂ ਕੁਝ ਵੀ ਨਹੀਂ ਲੈਂਦੇ ਉਲਟਾ ਸਾਨੂੰ ਠੰਡੀਆਂ ਹਵਾਵਾਂ ਅਤੇ ਫਲ ਆਦਿ ਦਿੰਦੇ ਰਹਿੰਦੇ ਹਨ।

ਇਨ੍ਹਾਂ ਬਜ਼ੁਰਗਾਂ ਨੂੰ ਸਾਥੋਂ ਕੁਝ ਵੀ ਜ਼ਿਆਦਾ ਨਹੀਂ ਚਾਹੀਦਾ ਹੁੰਦਾ ਇਹ ਤਾਂ ਬੱਸ ਪਿਆਰ ਦੇ ਦੋ ਬੋਲਾਂ ਨੂੰ ਸੁਣਨ ਲਈ ਹਮੇਸ਼ਾ ਤਰਸਦੇ ਰਹਿੰਦੇ ਹਨ। ਪਰ ਸਮੇਂ ਨੇ ਐਸੀ ਚਾਲ ਚੱਲੀ ਕਿ ਵੱਡੇ-ਵੱਡੇ ਧਨਾਢ ਬੰਦਿਆਂ ਦੇ ਮਾਂ-ਬਾਪ ਵੀ ਹੱਦੋਂ ਜ਼ਿਆਦਾ ਖੁੱਲ੍ਹ ਰਹੇ ਬਿਰਧ ਆਸਰਮਾਂ ਵਿਚ ਆਪਣੀ ਜ਼ਿੰਦਗੀ ਦੇ ਆਖਰੀ ਪਲ ਆਪਣੇ ਧੀਆਂ ਪੁੱਤਰਾਂ ਦੀ ਯਾਦ ਵਿਚ ਕੱਟ ਰਹੇ ਹਨ। ਕਿੰਨੇ ਅਫ਼ਸੋਸ ਦੀ ਗੱਲ ਹੈ ਕਿ ਜਿਨ੍ਹਾਂ ਮਾਪਿਆਂ ਨੇ ਪੰਜ-ਪੰਜ ਧੀਆਂ ਪੁੱਤਰਾਂ ਨੂੰ ਜੇਠ ਹਾੜ ਦੀਆਂ ਤੱਪਦੀਆਂ ਦੁਪਿਹਰਾ ਅਤੇ ਪੋਹ ਮਾਘ ਦੀਆਂ ਸਰਦੀਆਂ ਵਿਚ ਦਿਨ ਰਾਤ ਕੰਮ ਕਰ ਕੇ ਪਾਲਿਆ। ਅੱਜ ਉਨ੍ਹਾਂ ਧੀਆਂ ਪੁੱਤਰਾਂ ਦੇ ਵੱਡੇ-ਵੱਡੇ ਆਲੀਸ਼ਾਨ ਮਹਿਲਨੁਮਾ ਮਕਾਨਾਂ ਵਿਚ ਇਨ੍ਹਾਂ ਬਜ਼ੁਰਗਾਂ ਲਈ ਇਕ ਵਾਣ ਦੇ ਮੰਝੇ ਜੋਗੀ ਵੀ ਜਗ੍ਹਾਂ ਨਹੀਂ। ਕੀ ਕਰਨਾ ਇਨ੍ਹਾਂ ਮਹਿਲਨੁਮਾ ਮਕਾਨਾਂ ਨੂੰ ਜਿਸ ਵਿਚ ਆਪਣੇ ਬਜ਼ੁਰਗਾਂ ਲਈ ਥਾਂ ਨਾ ਹੋਵੇ।



ਇਨ੍ਹਾਂ ਬਜ਼ੁਰਗਾਂ ਕਾਰਨ ਹੀ ਅਸੀਂ ਜ਼ਿੰਦਗੀ ਦੇ ਕਈ ਮੁਕਾਮ ਸਰ ਕੀਤੇ ਹਨ। ਕਿਉਂਕਿ ਇਹ ਬਜ਼ੁਰਗ ਹੀ ਹਨ ਜੋ ਆਪਣੀ ਜ਼ਿੰਦਗੀ ਦੇ ਤਜ਼ੁਰਬੇ ਸਾਡੇ ਨਾਲ ਸਾਂਝੇ ਕਰ ਕੇ ਸਾਨੂੰ ਤਰੱਕੀਆਂ ਦੀਆਂ ਪੌੜੀਆਂ ਚੜ੍ਹਨਾ ਸਿਖਾਉਂਦੇ ਹਨ। ਜੇਕਰ ਘਰ ਵਿਚ ਕੋਈ ਬਜ਼ੁਰਗ ਨਾ ਹੋਵੇ ਤਾਂ ਘਰ ਵਿਚ ਰੌਣਕ ਨਹੀਂ ਰਹਿੰਦੀ ਅਤੇ ਘਰ ਦੀਆਂ ਕੈਧਾਂ ਵੱਢ ਖਾਣ ਨੂੰ ਆਉਂਦੀਆਂ ਹਨ।

ਪਹਿਲੇ ਸਮੇਂ ਵਿਚ ਜਦੋਂ ਬਜ਼ੁਰਗ ਘਰ ਵਿਚ ਹੁੰਦੇ ਸਨ ਤਾਂ ਬੱਚੇ ਆਪਣੇ ਬਜ਼ੁਰਗਾਂ ਤੋਂ ਸੂਰਬੀਰ, ਯੋਧਿਆਂ ਦੀਆਂ ਬਾਤਾਂ ਸੁਣ ਕੇ ਮਜ਼ਬੂਤ ਇਰਾਦੇ ਵਾਲੇ ਇਨਸਾਨ ਬਣਦੇ ਸਨ ਅਤੇ ਅੱਜ ਦੇ ਬੱਚੇ ਮੋਬਾਈਲ, ਲੈਪਟਾਪ, ਟੀਵੀ ਅਤੇ ਵੀਡੀਓ ਗੇਮਾਂ ਵਿਚ ਕੈਦ ਹੋ ਕੇ ਰਹਿ ਗਏ ਹਨ। ਇਨ੍ਹਾਂ ਬਹੁਤੀਆਂ ਗੇਮਾਂ ਦੇ ਭਿਆਨਕ ਨਤੀਜੇ ਵੀ ਸਾਨੂੰ ਵੇਖਣ ਨੂੰ ਮਿਲ ਰਹੇ ਹਨ। ਇਨ੍ਹਾਂ ਗੇਮਾਂ ਦੇ ਚੱਕਰਾਂ ਵਿਚ ਅਸੀਂ ਕਿੰਨੇ ਹੀ ਮਾਸੂਮ ਬੱਚੇ ਆਪਣੀ ਜ਼ਿੰਦਗੀ ਵਿੱਚੋਂ ਖੋ ਬੈਠੇ ਹਾਂ।

ਇਸ ਲਈ ਜੇਕਰ ਅਸੀਂ ਚਾਹੁੰਦੇ ਹਾਂ ਕਿ ਸਾਡੇ ਬੱਚੇ ਸਾਡੇ ਬੁਢਾਪੇ ਦਾ ਸਹਾਰਾ ਬਣਨ ਤਾਂ ਸਾਨੂੰ ਵੀ ਆਪਣੇ ਬਜ਼ੁਰਗਾਂ ਦਾ ਸਹਾਰਾ ਬਣਨਾ ਪਵੇਗਾ। ਕਿਉਂਕਿ ਕਿਸੇ ਨੇ ਸੱਚ ਹੀ ਕਿਹਾ ਹੈ ਕਿ ਜਿਹੋ-ਜਿਹਾ ਅਸੀਂ ਬੀਜਦੇ ਹਾਂ ਇਹੋ-ਜਿਹਾ ਹੀ ਸਾਨੂੰ ਵੱਢਣਾ ਪੈਣਾ ਹੈ। ਕਿਉਂਕਿ ਜੇਕਰ ਅਸੀਂ ਆਪਣੇ ਬਜ਼ੁਰਗਾਂ ਨੂੰ ਬਿਰਧ ਆਸਰਮਾਂ ਵਿਚ ਭੇਜ ਸਕਦੇ ਹਾਂ ਤਾਂ ਕੀ ਸਾਡੇ ਬੱਚੇ ਸਾਡੇ ਨਕਸ਼ੇ ਕਦਮ 'ਤੇ ਨਹੀਂ ਚੱਲਣਗੇ। ਇਸ ਲਈ ਸਾਨੂੰ ਆਪਣੇ ਬਜ਼ੁਰਗਾਂ ਦੀ ਸੇਵਾ ਘਰ ਪਰਿਵਾਰ ਵਿਚ ਰਲ਼ ਮਿਲ ਕੇ ਕਰਨੀ ਪਵੇਗੀ ਤਾਂ ਜੋ ਸਾਡੇ ਬੱਚੇ ਬਜ਼ੁਰਗਾਂ ਤੋਂ ਚੰਗੀਆਂ ਗੱਲਾਂ ਸਿੱਖ ਕੇ ਸੂਰਬੀਰ, ਯੋਧਿਆਂ ਵਾਲੇ ਮਾਨਵਤਾ ਭਲਾਈ ਕਾਰਜ ਕਰਨ ਨੂੰ ਪਹਿਲ ਦੇਣ ਤੇ ਇਕ ਚੰਗਾ ਇਨਸਾਨ ਬਣ ਸਕਣ ਅਤੇ ਅਸੀਂ ਵੀ ਬਜ਼ੁਰਗਾਂ ਦੇ ਘਰ ਵਿਚ ਹੋਣ 'ਤੇ ਬੇਫ਼ਿਕਰ ਹੋ ਕੇ ਆਪਣੇ ਕੰਮਕਾਰ ਨੂੰ ਜਾਈਏ ਕਿ ਸਾਡੇ ਘਰ ਦਾ ਜਿੰਦਾ ਸਾਥੋਂ ਬਾਅਦ ਸਾਡੇ ਘਰ ਦੀ ਅਤੇ ਬੱਚਿਆਂ ਦੀ ਸੰਭਾਲ ਪੂਰੀ ਤਸੱਲੀ ਨਾਲ ਕਰ ਰਿਹਾ ਹੈ।

ਇੱਧਰ ਸਰਕਾਰ ਦਾ ਵੀ ਫ਼ਰਜ ਬਣਦਾ ਹੈ ਕਿ ਉਹ ਕੋਈ ਅਜਿਹਾ ਨਿਯਮ ਬਣਾਏ ਕਿ ਜਦੋਂ ਤਕ ਘਰ ਦਾ ਬਜ਼ੁਰਗ ਜਿਉਂਦਾ ਹੈ ਉਦੋਂ ਤਕ ਉਸ ਦਾ ਘਰ ਦੀ ਪ੍ਰੋਪਰਟੀ ਉੱਤੇ ਬਰਾਬਰ ਦਾ ਹੱਕ ਹੈ ਅਤੇ ਉਨ੍ਹਾਂ ਦੇ ਬੱਚੇ ਉਨ੍ਹਾਂ ਨੂੰ ਕਿਸੇ ਵੀ ਕੀਮਤ 'ਤੇ ਘਰ ਤੋਂ ਬਾਹਰ ਨਾ ਕੱਢ ਸਕਣ ਅਤੇ ਜੇਕਰ ਫਿਰ ਵੀ ਕੋਈ ਆਪਣੇ ਬਜ਼ੁਰਗਾਂ ਨੂੰ ਬਾਹਰ ਬਿਰਧ ਆਸਰਮਾਂ ਆਦਿ 'ਚ ਭੇਜਦਾ ਹੈ ਤਾਂ ਉਸ 'ਤੇ ਸਖ਼ਤ ਤੋਂ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। •

ਮੋਬਾਈਲ : 99152-98157

ਡੀਜੇ ਦੇ ਸ਼ੋਰ 'ਚ ਗੁਆਚ ਗਏ ਵਿਆਹ ਦੇ ਗੀਤ



ਇਕ ਸਮਾਂ ਸੀ ਜਦੋਂ ਪੰਜਾਬੀ ਵਿਆਹਾਂ ਦੀ ਆਪਣੀ ਵੱਖਰੀ ਲੱਜ਼ਤ, ਨਜ਼ਾਰੇ ਤੇ ਵੱਖਰਾ ਸੁਆਦ ਹੁੰਦਾ ਸੀ। ਵਿਆਹ ਵਾਲੇ ਘਰ ਮਹੀਨਾ-ਮਹੀਨਾ ਪਹਿਲਾਂ ਗੀਤਾਂ ਦੇ ਬੋਲਾਂ ਦੀਆਂ ਰੌਣਕਾਂ ਪਰਤ ਆਉਂਦੀਆਂ ਸਨ। ਇਨ੍ਹਾਂ ਗੀਤਾਂ ਦੇ ਬੋਲਾਂ ਵਿੱਚੋਂ ਪੰਜਾਬੀ ਲੋਕਧਾਰਾ ਅਤੇ ਪੰਜਾਬੀ ਜਨ-ਜੀਵਨ ਦੇ ਝਲਕਾਰੇ ਪੈਂਦੇ ਸਨ। ਵਿਆਹ ਵਾਲੇ ਘਰ ਵਿਚ ਸ਼ਾਮ ਸਮੇਂ ਆਂਢ-ਗੁਆਂਢ ਦੀਆਂ ਔਰਤਾਂ ਇੱਕਠੀਆਂ ਹੋ ਕੇ ਗਈ ਰਾਤ ਵਿਆਹਾਂ ਦੇ ਗੀਤ ਗਾਉਂਦੀਆਂ ਰਹਿੰਦੀਆਂ ਸਨ। ਰਾਤ ਦੇ ਚੁੱਪ ਪਸਰੇ ਸੰਨਾਟੇ ਵਿੱਚੋਂ ਕੰਨਾਂ 'ਚ ਰਸ ਘੋਲਣ ਵਾਲੇ ਗੀਤਾਂ ਦੇ ਮਿੱਠੇ ਬੋਲ ਸੁਣਾਈ ਪੈਂਦੇ ਸਨ। ਮਿਠਾਸ ਭਰੇ ਬੋਲਾਂ ਨਾਲ ਲਬਰੇਜ਼ ਗੀਤਾਂ ਨੂੰ ਸੁਣਨ ਲਈ ਹਰ ਕਿਸੇ ਦੇ ਕੰਨ ਉਤਾਵਲੇ ਹੋ ਉਠਦੇ ਸਨ। ਵਿਆਹਾਂ ਦੇ ਗੀਤ ਘੋੜੀਆਂ, ਸੁਹਾਗ, ਸਿੱਠਣੀਆਂ ਅਤੇ ਵਿਆਹ ਨਾਲ ਸਬੰਧਿਤ ਗੀਤਾਂ ਦੀਆਂ ਅਨੇਕ ਹੋਰ ਵੰਨਗੀਆਂ ਜ਼ਿੰਦਗੀ ਦਾ ਸੁਹਜ ਸੁਆਦ ਸਨ। ਫਿਰ ਇਸ ਤੋਂ ਬਾਅਦ ਮੰਜੇ ਜੋੜ ਕੇ ਕੋਠਿਆਂ 'ਤੇ ਸਪੀਪਰ ਲਾਉਣ ਦਾ ਯੁੱਗ ਆਇਆ। ਕੋਠਿਆਂ 'ਤੇ ਵੱਜਦੇ ਸਪੀਕਰਾਂ ਦੀ ਅਵਾਜ਼ ਵਿਚ ਵੀ ਕੁਝ ਸਕੂਨ ਹੁੰਦਾ ਸੀ। ਜਿਸ ਨੂੰ ਲੋਕ ਬੜੇ ਚਾਅ ਨਾਲ ਸੁਣਦੇ ਸਨ। ਪਰ ਜਦੋਂ ਤੋਂ ਪੈਲੇਸ ਸੱਭਿਆਚਾਰ ਨੇ ਪੰਜਾਬੀ ਵਿਆਹਾਂ ਵਿਚ ਦਸਤਕ ਦਿੱਤੀ ਹੈ ਉਦੋਂ ਤੋਂ ਵਿਆਹਾਂ ਦੀਆਂ ਰੌਣਕਾਂ ਅਤੇ ਵਿਆਹਾਂ ਦੇ ਗੀਤ ਕੇਵਲ ਡੀਜੇ ਦੇ ਦੁਆਲੇ ਸਿਮਟ ਕੇ ਰਹਿ ਗਏ ਹਨ। ਡੀਜੇ ਦੇ ਕੰਨ ਪਾੜਵੇਂ ਸ਼ੋਰ ਵਿਚ ਵਿਆਹ 'ਤੇ ਗਾਏ ਜਾਣ ਵਾਲੇ ਗੀਤਾਂ ਦੀ ਪਰੰਪਰਾ ਲਗਪਗ ਲੋਪ ਹੋ ਗਈ ਹੈ। ਅਜੋਕੇ ਵਿਆਹਾਂ ਵਿਚ ਕਿਰਾਏ ਦੀਆਂ ਖ਼ੁਸ਼ੀਆਂ ਭਾਰੂ ਹੁੰਦੀਆਂ ਜਾ ਰਹੀਆਂ ਹਨ। ਜਿਸ ਕਾਰਨ ਵੱਡੇ ਪੱਧਰ 'ਤੇ ਵਿਆਹਾਂ ਵਿਚ ਅਸਲ਼ੀਅਤ ਨਾਲੋਂ ਵਿਖਾਵੇ ਦਾ ਜ਼ੋਰ ਵਧਦਾ ਜਾ ਰਿਹਾ ਹੈ। ਫੋਕੀ ਸ਼ਾਨੋਂ-ਸ਼ੌਕਤ ਕਾਰਨ ਅੱਜ ਦੇ ਵਿਆਹ ਵੱਡਾ ਆਰਥਿਕ ਬੋਝ ਬਣਦੇ ਜਾ ਰਹੇ ਹਨ। ਅਜੋਕੇ ਵਿਆਹਾਂ ਵਿਚ ਕੇਵਲ ਦਿਖਾਵੇ ਦੀ ਭਾਈਚਾਰਕ ਸਾਂਝ ਨਜ਼ਰੀਂ ਪੈਂਦੀ ਹੈ ਕਿਉਂਕਿ ਜੋ ਰਿਸ਼ਤੇਦਾਰ, ਮਿੱਤਰ, ਭਾਈਚਾਰਾ ਕਦੇ ਵਿਆਹ ਵਾਲੇ ਘਰ ਦੇ ਸਾਰੇ ਕੰਮਾਂ ਵਿਚ ਭਾਗੀਦਾਰ ਬਣਦਾ ਸੀ, ਹੁਣ ਉਹ ਕੇਵਲ ਇਕ ਦਰਸ਼ਕ ਵਾਂਗ ਵਿਆਹ ਵਿਚ ਸ਼ਿਰਕਤ ਕਰਦੇ ਹਨ। ਅੱਜ ਵਿਆਹਾਂ ਦਾ ਸਾਰਾ ਮੰਨੋਰੰਜਨ ਕੇਵਲ ਡੀਜੇ ਤਕ ਸਿਮਟ ਕੇ ਰਹਿ ਗਿਆ ਹੈ। ਜਿੱਥੇ ਡੀਜੇ ਵੱਜਦੇ ਅਰਥਹੀਣ ਗੀਤਾਂ ਤੇ ਨੱਚਦੀਆਂ ਅਰਧ ਨਗਨ ਕੁੜੀਆਂ ਅਸ਼ਲੀਲ ਨਾਚ ਨੱਚਦੀਆਂ ਹਨ। ਕਈ ਵਾਰ ਕਿਰਾਏ ਦੀਆਂ ਨੱਚਣ ਵਾਲੀਆਂ ਕੁੜੀਆਂ ਅਤੇ ਗੀਤਾਂ ਦੇ ਬੋਲ ਅਜਿਹੀ ਅਸ਼ਲੀਲਤਾ ਪੈਦਾ ਕਰਦੇ ਹਨ ਕਿ ਸੁਣਨ ਵਾਲੇ ਸਮਝਦਾਰ ਲੋਕ ਸ਼ਰਮਸਾਰ ਹੋ ਜਾਂਦੇ ਹਨ । ਕਈ ਵਾਰ ਸਥਿਤੀ ਅਜਿਹੀ ਬਣ ਜਾਂਦੀ ਹੈ ਕਿ ਪਿਉ-ਧੀ , ਭੈਣ-ਭਰਾ, ਮਾਂ-ਪੁੱਤ ਸ਼ਰਮ ਦੇ ਮਾਰੇ ਵੱਖਰੇ-ਵੱਖਰੇ ਬੈਠਣ ਲਈ ਮਜ਼ਬੂਰ ਹੋ ਜਾਂਦੇ ਹਨ। ਫਿਰ ਵੀ ਸਾਰੇ ਬੇਵੱਸ ਬੈਠੇ ਸਾਰਾ ਕੁਝ ਸਾਹਮਣੇ ਵਾਪਰਦਾ ਦੇਖਦੇ ਰਹਿੰਦੇ ਹਨ। ਭਾਵੇਂ ਕਿ ਸਮੇਂ ਦੀ ਘਾਟ ਕਾਰਨ ਵਿਆਹ ਦਾ ਸਾਰਾ ਕਾਰਜ ਕੇਵਲ ਤਿੰਨ ਜਾਂ ਚਾਰ ਘੰਟਿਆਂ ਤਕ ਸਿਮਟ ਕੇ ਰਹਿ ਗਿਆ ਹੈ। ਵਿਆਹ ਕਾਰਨ ਰਿਸ਼ਤੇਦਾਰ, ਮਿੱਤਰ, ਭਾਈਚਾਰਾ ਕੇਵਲ ਤਿੰਨ ਚਾਰ ਘੰਟਿਆਂ ਲਈ ਇੱਕਠਾ ਹੁੰਦੇ ਹਨ। ਪਰ ਡੀਜੇ ਦਾ ਭਿਆਨਕ ਅਤੇ ਸ਼ੋਰ ਸ਼ਰਾਬੇ ਵਾਲਾ ਗੀਤ-ਸੰਗੀਤ ਸਭ ਨੂੰ ਪ੍ਰੇਸ਼ਾਨ ਕਰਦਾ ਹੈ। ਜਿਸ ਕਾਰਨ ਵਿਆਹਾਂ 'ਚ ਸ਼ਾਮਿਲ ਹੋਣ ਵਾਲੇ ਲੋਕ ਤਿੰਨ ਚਾਰ ਘੰਟਿਆਂ ਵਿਚ ਹੀ ਪ੍ਰੇਸ਼ਾਨੀ ਅਤੇ ਥਕਾਨ ਮਹਿਸੂਸ ਕਰਨ ਲੱਗ ਪੈਂਦੇ ਹਨ। ਡੀਜੇ ਦੀ ਬੀਟ ਅਤੇ ਰੀਪੀਟ ਇੰਨੀ ਜ਼ਬਰਦਸਤ ਹੁੰਦੀ ਹੈ ਕਿ ਇਸ ਤਰ੍ਹਾਂ ਪ੍ਰਤੀਤ ਹੁੰਦਾ ਹੈ ਜਿਵੇਂ ਅਸੀਂ ਭੁਲੇਖੇ ਨਾਲ ਜੰਗ ਦੇ ਮੈਦਾਨ ਵਿਚ ਆ ਗਏ ਹੋਈਏ ਜਿੱਥੇ ਤੋਪਾਂ ਦੇ ਵੱਡੇ ਵੱਡੇ ਗੋਲੇ ਚੱਲਦੇ ਹੋਣ। ਡੀਜੇ ਦੀ ਭਿਆਨਕ ਧਮਕ ਦਿਲ ਨਾਲ ਇਸ ਤਰ੍ਹਾਂ ਟਕਰਾਉਂਦੀ ਹੈ ਜਿਵੇਂ ਕੋਈ ਛਾਤੀ ਤੇ ਹਥੌੜੇ ਦੇ ਵਾਰ ਕਰ ਰਿਹਾ ਹੋਵੇ। ਪੈਲਿਸਾਂ ਦੇ ਅੰਦਰ ਡੀਜੇ ਨਾਲ ਪੈਦਾ ਹੁੰਦੀ ਧਮਕ ਵਿਆਹ ਦੀਆਂ ਖ਼ੁਸ਼ੀਆਂ 'ਚ ਸ਼ਾਮਿਲ ਹੋਏ ਛੋਟੇ ਬੱਚਿਆਂ ਅਤੇ ਬੁਜ਼ਰਗਾਂ ਲਈ ਪ੍ਰੇਸ਼ਾਨੀ ਦਾ ਸਬੱਬ ਜਾਂਦੀ ਹੈ। ਵਿਆਹ ਦੀਆਂ ਖ਼ੁਸ਼ੀਆਂ ਮਾਣਨ ਗਏ ਲੋਕ ਪੈਲਿਸ ’ਚੋਂ ਵਾਪਸ ਆਉਂਦੇ ਸਮੇਂ ਵਿਆਹ ਦੇ ਅਨੰਦ ਦੀ ਬਜਾਏ ਸਿਰਦਰਦ ਅਤੇ ਥਕਾਨ ਦਾ ਲੈ ਕੇ ਵਾਪਸ ਘਰ ਪਰਤਦੇ ਹਨ। ਕਈ ਵਾਰ ਪਿੰਡਾਂ, ਗਲੀ ਮੁਹੱਲਿਆਂ 'ਚ ਵਿਆਹ ਦੀ ਪਾਰਟੀ ਬਹਾਨੇ ਅੱਧੀ-ਅੱਧੀ ਰਾਤ ਤਕ ਡੀਜੇ ਵੱਜਦੇ ਰਹਿੰਦੇ ਹਨ ਜੋ ਮਾਨਸਿਕ ਪ੍ਰੇਸ਼ਾਨੀ ਦਾ ਸਬੱਬ ਬਣਦੇ ਹਨ। ਡੀਜੇ ਦੇ ਰਿਵਾਜ ਵਿਚ ਨਾਨਕੀਆਂ, ਦਾਦਕੀਆਂ ਦੇ ਗੀਤ, ਘੋੜੀਆਂ, ਸੁਹਾਗ ਗੁਆਚ ਗਏ ਹਨ। ਸਾਡੀ ਨਵੀਂ ਪੀੜ੍ਹੀ ਵਿਆਹ ਦੇ ਗੀਤਾਂ ਦੀਆਂ ਵੰਨਗੀਆਂ ਨੂੰ ਭੁੱਲਦੀ ਜਾ ਰਹੀ ਹੈ। ਅੱਜ ਵਿਆਹਾਂ ਦੇ ਗੀਤ ਕੇਵਲ ਲੋਕਧਾਰਾ ਨਾਲ ਸਬੰਧਤ ਜਾਂ ਲੋਕ ਗੀਤਾਂ ਦੀਆਂ ਸਾਹਿਤਕ ਕਿਤਾਬਾਂ ਦੇ ਪੰਨਿਆਂ ਵਿਚ ਵਿਸ਼ਰਾਮ ਕਰਨ ਜੋਗੇ ਰਹਿ ਗਏ ਹਨ।

ਅੱਜਕੀ ਪੀੜ੍ਹੀ ਵਿਆਹ ਦੇ ਗੀਤਾਂ ਦੀਆਂ ਵੰਨਗੀਆਂ ਨੂੰ ਭੁੱਲਦੀ ਜਾ ਰਹੀ ਹੈ। ਹੁਣ ਇਹ ਗੀਤ ਲੋਕਧਾਰਾ ਜਾਂ ਲੋਕ ਗੀਤਾਂ ਦੀਆਂ ਸਾਹਿਤਕ ਕਿਤਾਬਾਂ ਦੇ ਪੰਨਿਆਂ ਵਿਚ ਵਿਸ਼ਰਾਮ ਕਰਨ ਜੋਗੇ ਰਹਿ ਗਏ ਹਨ...

• **ਸੁਖਵੀਰ ਘੁਮਾਣ ਦਿੜ੍ਹਬਾ**

ਮੋਬਾਈਲ : 98155-90209

1964 ਦੇ ਦੌਰ 'ਚ ਲੋਕਾਂ ਨੂੰ ਪੰਜਾਬੀ ਜੁੱਤੀ ਪਾਉਣ ਦਾ ਬੇਹੱਦ ਸ਼ੌਕ ਸੀ। ਉਸ ਸਮੇਂ ਜ਼ਿਆਦਾਤਰ ਸਾਬਰ ਅਤੇ ਕੁਰਮ ਦੀ ਜੁੱਤੀ ਦੀ ਵਰਤੋਂ ਕੀਤੀ ਜਾਂਦੀ ਸੀ। ਇਹ ਜੁੱਤੀ ਬੱਕਰੇ ਦੀ ਖੱਲ ਦੀ ਬਣਦੀ, ਜੋ ਕਈ ਸਾਲਾਂ ਤਕ ਹੰਢਦੀ ਸੀ। ਮੌਜੂਦਾ ਦੌਰ ਵਿਚ ਜੁੱਤੀ ਦੀਆਂ ਕਈ ਕਿਸਮਾਂ ਬਜ਼ਾਰ ਵਿਚ ਆ ਗਈਆਂ ਹਨ।

ਜੁੱਤੀ ਕਸੂਰੀ, ਪੈਰੀਂ ਨਾ ਪੂਰੀ...

ਰਾਜਵੰਤ ਤੱਖੀ

ਸਮੇਂ-ਸਮੇਂ 'ਤੇ ਲੋਕਾਂ ਦੇ ਬਦਲਦੇ ਸ਼ੌਕਾਂ ਨੇ ਕਈ ਪੁਰਾਤਨ ਚੀਜ਼ਾਂ ਨੂੰ ਸਦਾ ਲਈ ਲੋਪ ਕਰ ਦਿੱਤਾ ਤੇ ਕੁਝ ਅਜਿਹੀਆਂ ਚੀਜ਼ਾਂ ਦਾ ਆਵਿਸ਼ਕਾਰ ਵੀ ਕੀਤਾ, ਜਿਸ ਨੂੰ ਕਦੇ ਕਿਸੇ ਸੋਚਿਆ ਤਕ ਵੀ ਨਹੀਂ ਸੀ। ਗੱਲ ਪੰਜਾਬ ਦੀ ਕਰੀਏ ਤਾਂ ਪੰਜਾਬ ਅੰਦਰੋਂ ਵੀ ਸਮੇਂ ਦੀ ਵਗਦੀ ਹਵਾ ਨਾਲ ਕਈ ਅਜਿਹੀਆਂ ਚੀਜ਼ਾਂ ਲੋਪ ਹੋ ਗਈਆਂ ਜਾਂ ਘਟ ਵਰਤੋਂ 'ਚ ਰਹਿ ਗਈਆਂ ਹਨ, ਜਿਨ੍ਹਾਂ ਦੀ ਕਦੇ ਪੰਜਾਬ ਦੇ ਲੋਕ ਆਪਣੇ ਰੋਜ਼ਾਨਾ ਜੀਵਨ 'ਚ ਵਰਤੋਂ ਕਰਿਆ ਕਰਦੇ ਸਨ। ਇਨ੍ਹਾਂ 'ਚੋਂ ਇਕ ਹੈ ਪੰਜਾਬ ਦੀ 'ਜੁੱਤੀ', ਜੋ ਮਾਲਵੇ ਦੇ ਨੌਜਵਾਨਾਂ 'ਤੇ ਮੁਟਿਆਰਾਂ ਲਈ ਅੱਜ ਵੀ, ਹਾਰ-ਸ਼ਿੰਗਾਰ 'ਚੋਂ ਇਕ ਹੈ। ਇਹ ਪੰਜਾਬੀ ਜੁੱਤੀ ਦੇਸ਼ਾਂ ਵਿਦੇਸਾਂ ਅੰਦਰ ਮਸ਼ਹੂਰ ਹੈ। ਅੱਜ ਵੀ ਜਦੋਂ ਕਿਤੇ ਕੋਈ ਫੈਸ਼ਨ ਸ਼ੋਅ ਹੁੰਦਾ ਤਾਂ ਗੱਭਰੂ ਅਤੇ ਮੁਟਿਆਰਾਂ ਜੁੱਤੀ ਨੂੰ ਹੀ ਪਹਿਲ ਦਿੰਦੇ ਹਨ। ਜੁੱਤੀ ਦੀ ਵਰਤੋਂ ਪੰਜਾਬ ਦੇ ਸਾਧਾਰਨ ਲੋਕਾਂ ਤੋਂ ਲੈ ਕੇ ਦੇਸ਼ਾਂ-ਵਿਦੇਸਾਂ ਵਿਚ ਬੈਠੇ ਲੋਕ ਪਹਿਲ ਦੇ ਅਧਾਰ 'ਤੇ ਕਰਦੇ ਹਨ। ਵਿਦੇਸ਼ੀ ਲੋਕ ਜਦੋਂ ਵੀ ਭਾਰਤ ਆਉਂਦੇ ਹਨ ਤਾਂ ਪੰਜਾਬ ਦੀ ਜੁੱਤੀ ਖ਼ਰੀਦਣਾ ਨਹੀਂ ਭੁੱਲਦੇ। ਉਂਜ ਤਾਂ ਭਾਵੇਂ ਜੁੱਤੀ ਪੂਰੇ ਪੰਜਾਬ ਅੰਦਰ ਹੀ ਬਣਦੀ ਹੈ ਪਰ ਸ਼੍ਰੀ ਮੁਕਤਸਰ ਸਾਹਿਬ ਦੀ ਜੁੱਤੀ ਲੋਕ ਜ਼ਿਆਦਾ ਚਾਅ ਨਾਲ ਪਾਉਂਦੇ ਹਨ। ਸ਼੍ਰੀ ਮੁਕਤਸਰ ਸਾਹਿਬ ਵਿਖੇ ਜੁੱਤੀਆਂ ਦਾ ਕਾਰੋਬਾਰ ਪੀੜ੍ਹੀ ਦਰ ਪੀੜ੍ਹੀ ਅੱਜ ਦੀ ਸ਼ਾਨੋ ਸ਼ੌਕਤ ਨਾਲ ਬਰਕਰਾਰ ਹੈ। ਸ਼ਹਿਰ ਵਿਚ ਜੁੱਤੀਆਂ ਦੀਆਂ ਕਈ ਮਸ਼ਹੂਰ ਦੁਕਾਨਾਂ ਹਨ। ਜਿਨ੍ਹਾਂ 'ਤੇ ਅਕਸਰ ਲੋਕਾਂ ਦੀ ਭੀੜ ਵੇਖੀ ਜਾ ਸਕਦਾ ਹੈ, ਜੁੱਤੀਆਂ ਖਰੀਦ ਲਈ। ਪੰਜਾਬੀ ਜੁੱਤੀਆਂ ਬਣਾਉਣ ਵਾਲੇ ਕਾਰੀਗਰ ਜਗਦੇਵ ਸਿੰਘ ਲੱਕੀ ਨੇ ਦੱਸਿਆ ਕਿ ਲੋਕਾਂ ਅੰਦਰ ਅੱਜ ਵੀ ਪੰਜਾਬੀ ਜੁੱਤੀ ਪ੍ਰਤੀ ਕਾਫ਼ੀ ਉਤਸ਼ਾਹ ਹੈ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦੇ ਦਾਦਾ ਜੰਗੀਰ ਸਿੰਘ ਨੇ

ਸੰਪਾਦਕੀ

ਡਿਜੀਟੀ ਸਿੱਖਿਆ ਸਬੰਧੀ ਸਕੂਲਾਂ ਦੀ ਅਸਲ ਤਸਵੀਰ ਕਾਫ਼ੀ ਫ਼ਿਕਰ ਕਰਨ ਵਾਲੀ

ਭਾਰਤ ਦੀਆਂ ਡਿਜੀਟਲ ਉਡਾਰੀਆਂ ਭਾਵੇਂ ਵੱਡੀਆਂ ਹੋਣ ਪਰ ਸਾਡੇ ਸਕੂਲਾਂ ਦੀ ਅਸਲ ਤਸਵੀਰ ਕਾਫ਼ੀ ਫ਼ਿਕਰ ਕਰਨ ਵਾਲੀ ਹੈ। ਤਾਜ਼ਾ ਅੰਕੜੇ ਇਸ ਗੱਲ ਦੀ ਯਾਦ ਦਿਵਾਉਂਦੇ ਹਨ ਕਿ ਤਕਨੀਕੀ ਤਰੱਕੀ ਦਾ ਕੋਈ ਮਤਲਬ ਨਹੀਂ ਹੈ ਜਦੋਂ ਤੱਕ ਇਹ ਹਰ ਵਿਦਿਆਰਥੀ ਤੱਕ ਨਾ ਪਹੁੰਚੇ। ਅੱਜ ਲਗਪਗ 10 ਵਿੱਚੋਂ 7 ਭਾਰਤੀ ਸਕੂਲਾਂ ਵਿੱਚ ਕੰਪਿਊਟਰ ਮੌਜੂਦ ਹਨ, ਅਤੇ ਦੋ-ਤਿਹਾਈ ਸਕੂਲਾਂ ਵਿੱਚ ਇੰਟਰਨੈੱਟ ਦੀ ਸਹੂਲਤ ਹੈ। ਇਹ ਅੰਕੜੇ ਕਾਫ਼ੀ ਤਰੱਕੀ ਵੱਲ ਇਸ਼ਾਰਾ ਕਰਦੇ ਹਨ। ਹਾਲਾਂਕਿ, ਤਕਨਾਲੋਜੀ ਨੂੰ ਖ਼ਰੀਦਣ ਅਤੇ ਇਸ ਨੂੰ ਸਾਰਥਿਕ ਪੜ੍ਹਾਈ ਲਈ ਵਰਤਣ ਵਿੱਚ ਅਜੇ ਵੀ ਇੱਕ ਡੂੰਘਾ ਪਾੜਾ ਬਣਿਆ ਹੋਇਆ ਹੈ। ਨੀਤੀ ਆਯੋਗ ਦੀ ਰਿਪੋਰਟ ਤੋਂ ਪਤਾ ਲੱਗਦਾ ਹੈ ਕਿ ਭਾਵੇਂ ਸਾਲ 2024-25 ਵਿੱਚ 64.7 ਫ਼ੀਸਦੀ ਸਕੂਲਾਂ ਵਿੱਚ ਕੰਪਿਊਟਰ ਸਨ ਪਰ ਸਿਰਫ਼ 57.9 ਫ਼ੀਸਦੀ ਸਕੂਲਾਂ ਵਿੱਚ ਹੀ ਇਹ ਪੜ੍ਹਾਈ ਅਤੇ ਸਿੱਖਣ ਲਈ ਉਪਲਬਧ ਸਨ। ਇਸ ਦੇ ਨਾਲ ਹੀ ਲਗਪਗ 4 ਲੱਖ 80 ਹਜ਼ਾਰ ਸਕੂਲ ਅਜਿਹੇ ਹਨ ਜਿਨ੍ਹਾਂ ਕੋਲ ਇੰਟਰਨੈੱਟ ਦੀ ਕੋਈ ਸਹੂਲਤ ਨਹੀਂ ਹੈ।

ਸਮੱਸਿਆ ਸਿਰਫ਼ ਤਕਨਾਲੋਜੀ ਦੀ ਹੀ ਨਹੀਂ, ਸਗੋਂ ਢਾਂਚਾਗਤ ਵੀ ਹੈ। ਤਕਨਾਲੋਜੀ 'ਤੇ ਆਧਾਰਿਤ ਸਿੱਖਿਆ ਨੂੰ ਪ੍ਰਭਾਵਸ਼ਾਲੀ ਬਣਾਉਣ ਲਈ ਭਰੋਸੇਯੋਗ ਬਿਜਲੀ ਸਪਲਾਈ, ਸਿਖਲਾਈ ਪ੍ਰਾਪਤ ਅਧਿਆਪਕ, ਲੋੜੀਂਦੇ ਉਪਕਰਣ ਅਤੇ ਮਿਆਰੀ ਡਿਜੀਟਲ ਸਮੱਗਰੀ ਦਾ ਹੋਣਾ ਬਹੁਤ ਜ਼ਰੂਰੀ ਹੈ। ਜਮਾਤ ਵਿੱਚ ਧੂੜ ਫੱਕ ਰਿਹਾ ਕੰਪਿਊਟਰ ਵਿਦਿਆਰਥੀਆਂ ਨੂੰ ਤਕਨਾਲੋਜੀ ਵਾਲੇ ਭਵਿੱਖ ਲਈ ਤਿਆਰ ਨਹੀਂ ਕਰ ਸਕਦਾ। ਖੇਤਰੀ ਅਸਮਾਨਤਾਵਾਂ ਇਸ ਸਥਿਤੀ ਨੂੰ ਹੋਰ ਵੀ ਚੁਣੌਤੀਪੂਰਨ ਬਣਾ ਦਿੰਦੀਆਂ ਹਨ। ਸਾਡੇ ਸੂਬਿਆਂ ਦਾ ਆਪਸੀ ਫ਼ਰਕ ਇਸ ਸਥਿਤੀ ਨੂੰ ਹੋਰ ਵੀ ਗੰਭੀਰ ਬਣਾ ਦਿੰਦਾ ਹੈ।

ਜਿੱਥੇ ਦਿੱਲੀ ਅਤੇ ਕੇਰਲ ਵਰਗੇ ਸੂਬਿਆਂ ਦਾ ਡਿਜੀਟਲ ਢਾਂਚਾ ਬਹੁਤ ਮਜ਼ਬੂਤ ਹੈ, ਉੱਥੇ ਹੀ ਪੱਛਮੀ ਬੰਗਾਲ ਅਤੇ ਮੇਘਾਲਿਆ ਵਰਗੇ ਸੂਬੇ ਅਜੇ ਵੀ ਕਾਫ਼ੀ ਪਿੱਛੇ ਨੇ। ਬਿਹਾਰ ਦਾ ਹਾਲ ਤਾਂ ਹੋਰ ਵੀ ਅਜੀਬੋ-ਗ਼ਰੀਬ ਹੈ, ਉੱਥੇ ਇੰਟਰਨੈੱਟ ਦੀ ਸਹੂਲਤ ਤਾਂ ਕਾਫ਼ੀ ਫੈਲੀ ਹੋਈ ਹੈ ਪਰ ਵਰਤਣ ਲਈ ਕੰਪਿਊਟਰ ਹੀ ਨਾਮਾਤਰ ਹਨ। ਅਜਿਹੇ ਫ਼ਰਕ ਅਮੀਰ ਅਤੇ ਲੋੜਵੰਦ ਵਰਗਾਂ ਵਿਚਕਾਰ ਪੜ੍ਹਾਈ ਦੇ ਪਾੜੇ ਨੂੰ ਹੋਰ ਡੂੰਘਾ ਕਰ ਸਕਦੇ ਹਨ।

ਨੀਤੀ ਆਯੋਗ ਦਾ ਸਕੂਲ ਕਲੱਸਟਰ ਬਣਾਉਣ ਅਤੇ ਪ੍ਰਯੋਗਸ਼ਾਲਾਵਾਂ, ਲਾਇਬ੍ਰੇਰੀਆਂ ਤੇ ਅਧਿਆਪਕਾਂ ਸਮੇਤ ਸਾਧਨਾਂ ਨੂੰ ਸਾਂਝਾ ਕਰਨ ਦਾ ਸੁਝਾਅ ਗੰਭੀਰ ਵਿਚਾਰ ਦੀ ਮੰਗ ਕਰਦਾ ਹੈ। ਹਾਲਾਂਕਿ, ਇਸ ਨੂੰ ਲਾਗੂ ਕਰਦੇ ਸਮੇਂ ਇਸ ਗੱਲ ਦਾ ਧਿਆਨ ਰੱਖਣਾ ਜ਼ਰੂਰੀ ਹੈ ਕਿ ਵਿਦਿਆਰਥੀਆਂ ਦੀ ਨੇੜਲੇ ਸਕੂਲਾਂ ਤੱਕ ਪਹੁੰਚ ਪ੍ਰਭਾਵਿਤ ਨਾ ਹੋਵੇ, ਖ਼ਾਸਕਰ ਪੇਂਡੂ ਖੇਤਰਾਂ ਵਿੱਚ। ਭਾਰਤ ਆਪਣੀ ਸਿੱਖਿਆ ਦੀ ਸਫਲਤਾ ਨੂੰ ਸਿਰਫ਼ ਕੰਪਿਊਟਰਾਂ ਜਾਂ ਇੰਟਰਨੈੱਟ ਕੁਨੈਕਸ਼ਨਾਂ ਦੀ ਗਿਣਤੀ ਕਰਕੇ ਨਹੀਂ ਮਾਪ ਸਕਦਾ। ਅਸਲ ਪੈਮਾਨਾ ਤਾਂ ਇਹ ਹੋਣਾ ਚਾਹੀਦਾ ਹੈ ਕਿ ਕੀ ਵਿਦਿਆਰਥੀ ਇਨ੍ਹਾਂ ਸਾਧਨਾਂ ਰਾਹੀਂ ਗਿਆਨ, ਵਿਹਾਰਕ ਹੁਨਰ ਅਤੇ ਆਤਮ-ਵਿਸ਼ਵਾਸ ਹਾਸਲ ਕਰ ਰਹੇ ਹਨ ਜਾਂ ਨਹੀਂ। ਦੇਸ਼ ਨੂੰ ਸਿਰਫ਼ ਬੁਨਿਆਦੀ ਢਾਂਚੇ ਦੇ ਅੰਕੜਿਆਂ ਤੋਂ ਅੱਗੇ ਵਧ ਕੇ ਪੜ੍ਹਾਈ ਦੇ ਨਤੀਜਿਆਂ ਉੱਤੇ ਧਿਆਨ ਦੇਣਾ ਚਾਹੀਦਾ ਹੈ। 'ਡਿਜੀਟਲ ਇੰਡੀਆ' ਉਸ ਸਮੇਂ ਤੱਕ ਇੱਕ ਅਧੂਰਾ ਵਾਅਦਾ ਹੀ ਰਹੇਗਾ ਜਦੋਂ ਤੱਕ ਹਰ ਬੱਚੇ ਨੂੰ, ਉਸ ਦੀ ਭੂਗੋਲਿਕ ਜਾਂ ਆਰਥਿਕ ਹਾਲਤ ਤੋਂ ਉੱਪਰ ਉੱਠ ਕੇ ਸਿੱਖਣ ਦਾ ਬਰਾਬਰ ਮੌਕਾ ਨਹੀਂ ਮਿਲ ਜਾਂਦਾ।

ਕਾਂਗਰਸ ਅਤੇ ਆਪ ਪਾਰਟੀ ਪੰਜਾਬ ਵਿੱਚ ਸਤਾ ਦੇ ਸੁਪਨੇ ਲੈਣੇ ਬੰਦ ਕਰੇ: ਲੰਗ



ਪਟਿਆਲਾ, 18 ਨਵੰਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਸੂਬੇ ਅੰਦਰ ਕਾਂਗਰਸ ਪਾਰਟੀ ਅਤੇ ਆਪ ਹੁਣ ਸਤਾ ਦੇ ਸੁਪਨੇ ਲੈਣੇ ਬੰਦ ਕਰ ਦੇਵੇ ਕਿਉਂਕਿ ਪੰਜਾਬ ਦੇ ਲੋਕਾਂ ਨੇ ਇਹਨਾਂ ਦੋਵੇਂ ਪਾਰਟੀਆਂ ਨੂੰ ਬੁਰੀ ਤਰ੍ਹਾਂ ਨਕਾਰਨ ਦਾ ਮਨ ਬਣਾ ਲਿਆ ਹੈ ਅਤੇ ਹੁਣ ਭਵਿੱਖ ਵਿੱਚ ਸੂਬੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨਾ ਤੈਅ ਹੈ

ਕਿਉਂਕਿ ਸ਼੍ਰੋਮਣੀ ਅਕਾਲੀ ਦਲ ਨੇ ਜਦੋਂ ਵੀ ਪੰਜਾਬ ਦੀ ਵਾਗਡੋਰ ਸੰਭਾਲੀ ਹੈ ਉਦੋਂ ਹੀ ਪੰਜਾਬ ਦੇ ਲੋਕਾਂ ਦੇ ਕੰਮਾਂ ਨੂੰ ਪਹਿਲ ਦਿੱਤੀ ਹੈ ਅਤੇ ਇਹਨਾਂ ਦੋਵੇਂ ਪਾਰਟੀਆਂ ਨੇ ਪੰਜਾਬ ਦੇ ਵਿਕਾਸ ਕਾਰਜਾਂ ਨੂੰ ਨਕਾਰ ਕੇ ਆਪਣੇ ਸਾਥੀਆਂ ਨੂੰ ਖੁਸ਼ ਕਰਨ ਤੋਂ ਇਲਾਵਾ ਕੋਈ ਕਾਰਜ ਨਹੀਂ ਕੀਤਾ ਜਿਸ ਤੋਂ ਪੰਜਾਬ ਦੇ ਲੋਕ ਬੇਹਦ ਦੁਖੀ ਹਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਯੂਥ ਅਕਾਲੀ ਦਲ ਦੇ ਜਿਲਾ ਦਿਹਾਤੀ ਪ੍ਰਧਾਨ ਅੰਮ੍ਰਿਤਪਾਲ ਸਿੰਘ ਲੰਗ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ

ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਨੂੰ ਮਜਬੂਤ ਕਰਨ ਲਈ ਹੁਣ ਨਿਤ ਦਿਨ ਵੱਖ-ਵੱਖ ਪਾਰਟੀਆਂ ਦੇ ਦਿਗਜ ਆਗੂ ਪਾਰਟੀ ਸੁਪਰੀਮੋ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼ਾਮਿਲ ਹੋ ਰਹੇ ਹਨ ਜਿਸ ਨਾਲ ਭਵਿੱਖ ਵਿੱਚ ਪਾਰਟੀ ਨੂੰ ਹੋਰ ਬਲ ਮਿਲੇਗਾ ਅਤੇ 2027 ਦੀ ਵਿਧਾਨ ਸਭਾ ਚੋਣਾਂ ਅੰਦਰ ਸ਼੍ਰੋਮਣੀ ਅਕਾਲੀ ਦਲ ਹੁਣ ਜਾਂ ਫਿਰ ਜੇ ਤਾਂ ਸਰ ਕਰਕੇ ਮੁੜ ਤੋਂ ਪੰਜਾਬ ਅੰਦਰ ਸਰਕਾਰ ਬਣਾਵੇਗਾ ਉਹਨਾਂ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਰਾਜ ਸਮੇਂ ਸੂਬੇ ਦਾ ਚੌਪੱਖੀ ਵਿਕਾਸ ਹੋਇਆ ਹੈ ਅਤੇ ਨੌਜਵਾਨਾਂ ਨੂੰ ਨੌਕਰੀਆਂ ਪ੍ਰਦਾਨ ਕਰਕੇ ਬੇਰੋਜਗਾਰੀ ਦਾ ਖਾਤਮਾ ਕਰਨ ਵਿੱਚ ਅਹਿਮ ਰੋਲ ਅਦਾ ਕੀਤਾ ਹੈ

ਉਹਨਾਂ ਕਿਹਾ ਕਿ ਕਾਂਗਰਸ ਅਤੇ ਆਪ ਨੇ ਪੰਜਾਬ ਨੂੰ ਦੋਵੇਂ ਹੱਥੀ ਲੁੱਟਿਆ ਹੈ ਅਤੇ ਆਪਣੇ ਲਈ ਇਨਸਾਫ ਲੈਣ ਵਾਲੇ ਨੂੰ ਧਰਨਿਆਂ ਵਿੱਚ ਕੁੱਟਣ ਵਿੱਚ ਵੀ ਕੋਈ ਕਸਰ ਬਾਕੀ ਨਹੀਂ ਛੱਡੀ ਲੰਗ ਨੇ ਕਿਹਾ ਕੀ ਆ ਅੰਦਰ ਹੁਣ ਦਿਨ ਦਿਹਾੜੇ ਸ਼ਰੇਆਮ ਕਤਲੋਗਾਰਤ ਦੀ ਵਾਰਦਾਤਾਂ ਵਾਪਰ ਰਹੀਆਂ ਤਾਂ ਹੀ ਪੰਜਾਬ ਦੀ ਕਾਨੂੰਨ ਵਿਵਸਥਾ ਬੁਰੀ ਤਰ੍ਹਾਂ ਲੜਖੜਾਈ ਹੋਈ ਹੈ

ਹੁਣ ਪੰਜਾਬ ਦੇ ਲੋਕ ਦਿਨ ਵੇਲੇ ਵੀ ਘਰਾਂ ਵਿੱਚੋਂ ਨਿਕਲਣ ਦਾ ਖੌਫ ਮਹਿਸੂਸ ਕਰਦੇ ਹਨ ਕਿਉਂਕਿ ਵੱਡੀਆਂ ਵਾਰਦਾਤਾਂ ਦਿਨ ਵੇਲੇ ਹੀ ਵਾਪਰ ਰਹੀਆਂ ਹਨ ਅਤੇ ਸ਼ਰੇਆਮ ਔਰਤਾਂ ਦੇ ਗਲਾ ਵਿੱਚੋਂ ਚੇਨੀਆ ਖੋਹ ਕੇ ਚੋਰ ਫਰਾਰ ਹੋ ਜਾਂਦੇ ਹਨ ਅਤੇ ਪੁਲਿਸ ਮੂਕ ਦਰਸ਼ਕ ਬਣ ਕੇ ਖੜੀ ਹੈ ਜਿਸਦਾ ਲੁੱਟਾ ਖੋਹਾ ਅਤੇ ਕਤਲ ਦੀ ਵਾਰਦਾਤਾਂ ਕਰਨ ਵਾਲਿਆਂ ਤੇ ਕੋਈ ਕੰਟਰੋਲ ਨਹੀਂ ਰਿਹਾ ਤਾਂ ਹੀ ਪੰਜਾਬ ਦੇ ਲੋਕ ਘਰਾਂ ਵਿੱਚ ਸਹਿਮੇ ਬੈਠੇ ਹਨ

ਪ੍ਰੀਤ ਨਾਭਾ ਨੇ ਇਟਲੀ ਵਿਖੇ ਈ. ਆਈ. ਐਮ. ਏ. 2026 ਦੌਰਾਨ ਯੂਰਪੀ ਬਾਜ਼ਾਰ 'ਚ ਉਤਾਰੀ 'ਐਵੇਂਜਰ' ਟਰੈਕਟਰਾਂ ਦੀ ਨਵੀਂ ਲੜੀ



ਪਟਿਆਲਾ, 18 ਨਵੰਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਨਾਭਾ ਦੀ ਟਰੈਕਟਰ ਕੰਪਨੀ ਪ੍ਰੀਤ ਨਾਭਾ ਵਲੋਂ ਸੰਸਾਰ ਭਰ ਵਿਚ ਭਾਰਤ ਦਾ ਨਾਮ ਰੋਸ਼ਨ ਕੀਤਾ ਜਾ ਰਿਹਾ ਹੈ। ਭਾਰਤੀ ਖੇਤੀਬਾੜੀ ਮਸ਼ੀਨਰੀ ਉਦਯੋਗ 'ਚ ਆਪਣੀ ਵਿਸ਼ੇਸ਼ ਪਛਾਣ ਸਥਾਪਤ ਕਰ ਚੁੱਕੇ ਪ੍ਰੀਤ ਗਰੁੱਪ ਨੇ ਕੌਮਾਂਤਰੀ ਪੱਧਰ 'ਤੇ ਇੱਕ ਹੋਰ ਵੱਡੀ ਉਪਲਬਧੀ ਹਾਸਲ ਕਰਦਿਆਂ ਇਟਲੀ ਵਿਖੇ ਆਯੋਜਿਤ ਵਿਸ਼ਵ ਪ੍ਰਸਿੱਧ ਖੇਤੀਬਾੜੀ ਮਸ਼ੀਨਰੀ ਪ੍ਰਦਰਸ਼ਨੀ ਈ. ਆਈ. ਐਮ. ਏ. 2026 6ਦੌਰਾਨ ਯੂਰਪੀ ਬਾਜ਼ਾਰ ਵਿੱਚ ਆਪਣੇ 'ਐਵੇਂਜਰ' ਟਰੈਕਟਰਾਂ ਦੀ ਨਵੀਂ ਲੜੀ ਲਾਂਚ ਕੀਤੀ ਹੈ। ਪ੍ਰੀਤ ਕੰਬਾਈਨ ਤੇ ਟਰੈਕਟਰ ਨਿਰਮਾਤਾ ਕੰਪਨੀ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਨੇ 'ਜਗ ਬਾਣੀ' ਨਾਲ ਵਿਸ਼ੇਸ਼ ਗੱਲਬਾਤ ਕਰਦਿਆਂ ਦੱਸਿਆ ਕਿ ਕੰਪਨੀ ਵੱਲੋਂ 20 ਤੋਂ ਲੈ ਕੇ 110 ਹਾਰਸ ਪਾਵਰ ਤੱਕ ਦੀ ਸਮਰੱਥਾ ਵਾਲੇ ਵੱਖ-ਵੱਖ ਮਾਡਲ ਪੇਸ਼ ਕੀਤੇ ਗਏ ਹਨ, ਜੋ ਆਧੁਨਿਕ ਤਕਨੀਕ, ਬਿਹਤਰ ਕਾਰਗੁਜ਼ਾਰੀ ਅਤੇ ਭਰੋਸੇਯੋਗਤਾ ਦਾ ਸੁਮੇਲ ਹਨ। ਉਨ੍ਹਾਂ ਦੱਸਿਆ ਕਿ ਨਵੀਂ ਐਵੇਂਜਰ ਸੀਰੀਜ਼ ਵਿੱਚ ਬੀ. ਐਸ. 5 ਇੰਜਣਾਂ ਨਾਲ ਲੈਸ ਟਰੈਕਟਰ ਪੇਸ਼ ਕੀਤੇ ਗਏ ਹਨ, ਜੋ ਯੂਰਪੀ ਬਾਜ਼ਾਰ ਦੇ ਲਾਗੂ ਨਿਕਾਸੀ ਮਾਪਦੰਡਾਂ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਗਏ ਹਨ। ਜਨਰਲ ਮੈਨੇਜਰ ਰਾਜੀਵ ਕੌਸ਼ਲ ਨੇ ਦੱਸਿਆ ਕਿ ਇਸ ਲਾਂਚ ਨਾਲ ਪ੍ਰੀਤ ਗਰੁੱਪ ਨੇ ਯੂਰਪ ਵਿੱਚ ਆਪਣੀ ਮੌਜੂਦਗੀ ਨੂੰ ਹੋਰ ਮਜ਼ਬੂਤ ਕਰਨ ਵੱਲ ਅਹਿਮ ਕਦਮ ਪੁੱਟਿਆ ਹੈ। ਜ਼ਿਕਰਯੋਗ ਹੈ ਕਿ ਪ੍ਰੀਤ ਗਰੁੱਪ ਆਪਣੇ ਆਧੁਨਿਕ ਖੇਤੀਬਾੜੀ ਸੰਦਾਂ ਅਤੇ ਟਰੈਕਟਰਾਂ ਰਾਹੀਂ ਦੇਸ਼-ਵਿਦੇਸ਼ ਵਿੱਚ ਲਗਾਤਾਰ ਤਰੱਕੀ ਦੀਆਂ ਨਵੀਆਂ ਮੰਜ਼ਿਲਾਂ ਸਰ ਕਰ ਰਿਹਾ ਹੈ। ਜੀ.ਐਮ. ਰਾਜੀਵ ਕੌਸ਼ਲ ਨੇ ਦੱਸਿਆ ਕਿ ਕੰਪਨੀ ਹੁਣ ਤੱਕ 47 ਦੇਸ਼ਾਂ 'ਚ ਆਪਣੇ ਗਾਹਕਾਂ ਤੱਕ ਪਹੁੰਚ ਬਣਾ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕੌਮਾਂਤਰੀ ਪੱਧਰ 'ਤੇ ਵਧ ਰਹੀ ਮੰਗ ਕੰਪਨੀ ਦੀ ਗੁਣਵੱਤਾ, ਤਕਨੀਕੀ ਸਮਰੱਥਾ ਅਤੇ ਗਾਹਕਾਂ ਦੇ ਭਰੋਸੇ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਪ੍ਰੀਤ ਗਰੁੱਪ ਵਲੋਂ ਲਗਾਤਾਰ ਨਵੀਨਤਮ ਤਕਨੀਕ ਅਤੇ ਕਿਸਾਨਾਂ ਦੀਆਂ ਲੋੜਾਂ ਅਨੁਸਾਰ ਖੇਤੀਬਾੜੀ ਮਸ਼ੀਨਰੀ ਤਿਆਰ ਕਰਕੇ ਭਾਰਤੀ ਉਦਯੋਗ ਦਾ ਨਾਮ ਵਿਸ਼ਵ ਪੱਧਰ 'ਤੇ ਰੌਸ਼ਨ ਕੀਤਾ ਜਾ ਰਿਹਾ ਹੈ। ਈ. ਆਈ. ਐਮ. ਏ. 2026 ਵਿਚ ਐਵੇਂਜਰ ਸੀਰੀਜ਼ ਦੀ ਸ਼ੁਰੂਆਤ ਨੂੰ ਕੰਪਨੀ ਦੇ ਵਿਸ਼ਵ ਪੱਧਰੀ ਵਿਸਥਾਰ ਅਤੇ ਭਾਰਤੀ ਖੇਤੀਬਾੜੀ ਮਸ਼ੀਨਰੀ ਉਦਯੋਗ ਲਈ ਇੱਕ ਮਹੱਤਵਪੂਰਨ ਪ੍ਰਾਪਤੀ ਵਜੋਂ ਦੇਖਿਆ ਜਾ ਰਿਹਾ ਹੈ। ਇਸ ਮੌਕੇ ਗੁਰਪ੍ਰੀਤ ਸਿੰਘ, ਗੁਰਚਰਨ ਸਿੰਘ, ਸਰਬਜੀਤ ਸਿੰਘ, ਹਰਦੀਪ ਸਿੰਘ (ਸਾਰੇ ਡਾਇਰੈਕਟਰ) ਜੀ.ਐਮ. ਰਾਜੀਵ ਕੌਸ਼ਲ ਆਦਿ ਹਾਜ਼ਰ ਸਨ। ਇਸ ਪ੍ਰਾਪਤੀ ਲਈ ਪੰਜਾਬ ਅਤੇ ਦੇਸ਼ ਦੇ ਕਿਸਾਨਾਂ ਨੇ ਪ੍ਰੀਤ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਹਰੀ ਸਿੰਘ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਹਨ। ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੀ ਕਈ ਵਾਰ ਹਰੀ ਸਿੰਘ ਨੂੰ ਸਨਮਾਨਿਤ ਕਰ ਚੁੱਕੇ ਹਨ।

ਸ਼੍ਰੋਮਣੀ ਅਕਾਲੀ ਦਲ ਨੇ ਅੰਮ੍ਰਿਤਪਾਲ ਸਿੰਘ ਲੰਗ ਨੂੰ ਸਮਾਣਾ ਦਾ ਅਬਜਰਵਰ ਕੀਤਾ ਨਿਯੁਕਤ

ਪਟਿਆਲਾ, 18 ਨਵੰਬਰ
ਅਮਰਜੀਤ ਸਿੰਘ
-ਕੌਮੀ ਪੱਤ੍ਰਿਕਾ ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਸੁਪਰੀਮੋ ਸੁਖਬੀਰ ਸਿੰਘ ਬਾਦਲ ਆਉਣ ਵਾਲੀਆਂ ਵਿਧਾਨ ਸਭਾ ਦੇ ਚੋਣਾਂ ਨੂੰ ਦੇਖਦੇ ਹੋਏ ਹਰ ਹਲਕੇ ਅੰਦਰ ਉਮੀਦਵਾਰ ਨੂੰ ਜਿਤਾਉਣ ਲਈ ਪਬਾ ਭਾਰ ਨਜ਼ਰ ਆ ਰਹੇ ਹਨ ਜਿੱਥੇ ਉਹ ਹਰ ਹਲਕੇ ਅੰਦਰ ਪਾਰਟੀ ਦਾ ਹਲਕਾ ਇੰਚਾਰਜ ਲਗਾਉਣ ਲਈ ਲਗਾਤਾਰ ਕੰਮ ਕਰ ਰਹੇ ਹਨ ਤਾਂ ਜੋ ਪਾਰਟੀ ਆਪਣੇ ਬਲਬੂਤੇ ਤੇ ਲੋਕਾਂ ਦਾ ਸਹਿਯੋਗ ਨਾਲ ਹਰ ਉਮੀਦਵਾਰ ਨੂੰ ਜਿਤਾਉਣ ਵਿੱਚ ਸਹਾਈ ਸਿੱਧ ਹੋ ਸਕੇ ਇਸੇ ਲੜੀ ਤਹਿਤ ਸਮਾਣਾ ਹਲਕਾ ਇੰਚਾਰਜ ਲਗਾਏ ਜਗਬੀਰ ਸਿੰਘ ਹਰਿਆਊ ਨੂੰ



ਚੁਪੇਰਿਓ ਤਕੜਾ ਕਰਨ ਲਈ ਆਲੇ ਦੁਆਲੇ ਹੋਰ ਪਾਰਟੀ ਲਈ ਦਿਨ ਰਾਤ ਇੱਕ ਕਰਕੇ ਕੰਮ ਕਰਨ ਵਾਲੇ ਆਗੂਆਂ ਦੀਆਂ ਜਿੰਮੇਵਾਰੀਆਂ ਨੂੰ ਫਿਕਸ ਕਰਨ ਦੇ ਲੱਗੇ ਹੋਏ ਹਨ ਤਾਂ ਜੋ ਪਾਰਟੀ ਦਾ ਕੋਈ ਵੀ ਉਮੀਦਵਾਰ ਚੋਣਾਂ ਵਿੱਚ ਕਮਜ਼ੋਰ ਅਤੇ ਹੋਰਨਾਂ ਪਾਰਟੀਆਂ ਦੇ ਉਮੀਦਵਾਰਾਂ ਨਾਲੋਂ ਵੱਡੇ ਪੱਧਰ ਤੇ ਲੀਡ ਲੈ ਕੇ ਜਿੱਤ ਸਕੇ ਇਸੇ ਤਹਿਤ ਯੂਥ ਅਕਾਲੀ ਦਲ ਦੇ ਜ਼ਿਲਾ ਦਿਹਾਤੀ ਪ੍ਰਧਾਨ ਚਲਿਆ ਆ ਰਿਹਾ ਅੰਮ੍ਰਿਤਪਾਲ ਸਿੰਘ ਲੰਗ ਨੂੰ ਹੁਣ ਸਮਾਣਾ ਵਿਖੇ ਅਬਜਰਵਰ ਨਿਯੁਕਤ ਕੀਤਾ ਹੈ ਤਾਂ ਜੋ ਪਾਰਟੀ ਦੇ ਉਮੀਦਵਾਰ ਨੂੰ ਵੱਡੀ ਲੀਡ ਤੇ ਜਿਤਾ ਜਾ ਸਕੇ ਕਿਸੇ ਲੜੀ ਤਹਿਤ ਮਲਕੀਤ ਸਿੰਘ ਲਾਡੀ ਚੀਮਾ ਧਰਮਹੇੜੀ ਨੂੰ ਕੋਰ ਕਮੇਟੀ ਮੈਂਬਰ ਨਿਯੁਕਤ ਕੀਤਾ ਹੈ। ਇਹਨਾਂ ਦੋਵਾਂ ਦੇ ਨਿਯੁਕਤੀ ਤੇ ਯੂਥ ਅਕਾਲੀ ਦਲ ਵਿੱਚ ਕਾਫੀ ਖੁਸ਼ੀ ਦੇਖਣ ਮਿਲ ਰਹੀ ਹੈ

ਕਿਉਂਕਿ ਪਿਛਲੇ ਲੰਬੇ ਸਮੇਂ ਤੋਂ ਪਾਰਟੀਆਂ ਨਾਲ ਜੁੜੇ ਅਜਿਹੇ ਵਰਕਰ ਪਾਰਟੀ ਦੀ ਮਜਬੂਤੀ ਲਈ ਇੱਕ ਗੀੜ ਦੀ ਹੱਡੀ ਵਜੋਂ ਕੰਮ ਕਰਦੇ ਹਨ

ਬੱਸ ਹਾਦਸੇ ਦੇ ਪੀੜਤ ਪਰਿਵਾਰਾਂ ਨਾਲ ਹਰ ਪੱਖੋਂ ਖੜ੍ਹੀ ਹੈ ਪੰਜਾਬ ਸਰਕਾਰ : ਵਿਧਾਇਕ ਨਰਿੰਦਰ ਕੌਰ ਭਰਾਜ

ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸੰਗਰੂਰ ਹਲਕੇ ਦੀ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਬੀਤੇ ਦਿਨੀਂ ਵਾਪਰੇ ਬੱਸ ਹਾਦਸੇ ਵਿੱਚ ਜਾਨਾਂ ਗੁਆਉਣ ਵਾਲਿਆਂ ਦੇ ਪਰਿਵਾਰਾਂ ਨਾਲ ਡੂੰਘੀ ਸੰਵੇਦਨਾ ਪ੍ਰਗਟਾਈ ਅਤੇ ਅੱਜ ਸਿਵਲ ਹਸਪਤਾਲ ਸੰਗਰੂਰ ਵਿਖੇ ਜ਼ੇਰੇ ਇਲਾਜ ਜ਼ਖ਼ਮੀਆਂ ਦਾ ਹਾਲ-ਚਾਲ ਜਾਣਿਆ। ਇਸ ਤੋਂ ਪਹਿਲਾਂ ਉਨ੍ਹਾਂ ਨੇ ਰਾਜਿੰਦਰਾ ਹਸਪਤਾਲ ਪਟਿਆਲਾ ਵਿਖੇ ਵੀ ਜ਼ਖ਼ਮੀਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਮੁਲਾਕਾਤ ਕੀਤੀ ਸੀ। ਵਿਧਾਇਕ ਭਰਾਜ ਨੇ ਪੀੜਤ ਪਰਿਵਾਰਾਂ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ

ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸ੍ਰੀ ਗੁਰੂ ਨਾਨਕ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪ੍ਰਦਰਸ਼ਨੀ 26 ਨਵੰਬਰ ਤੱਕ: ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਜਗਤ ਗੁਰੂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪਾਵਨ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਿੱਖ ਸਾਹਿਤ ਅਤੇ ਚਿੱਤਰ ਪ੍ਰਦਰਸ਼ਨੀ ਦਾ ਆਯੋਜਨ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਕੀਤਾ ਜਾ ਰਿਹਾ ਹੈ। ਉਨਾਂ ਦਸਿਆ ਕਿ ਇਹ ਪ੍ਰਦਰਸ਼ਨੀ 26 ਨਵੰਬਰ, 2026 ਤੱਕ ਗੁਰਦੁਆਰਾ ਸਾਹਿਬ ਦੇ ਪਵਿੱਤਰ ਸਰੋਵਰ ਦੇ ਕੰਢੇ ਰੋਜ਼ਾਨਾ ਸਵੇਰੇ 9 ਵਜੇ ਤੋਂ ਰਾਤ 9 ਵਜੇ ਤੱਕ ਲਗਾਈ ਜਾਵੇਗੀ।

ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ ਅਜਿਹੇ ਉਪਰਾਲੇ ਨਵੀਂ ਪੀੜ੍ਹੀ ਨੂੰ ਸਿੱਖ ਧਰਮ ਦੇ ਅਮੀਰ ਸਾਹਿਤਕ, ਇਤਿਹਾਸਕ ਅਤੇ ਅਧਿਆਤਮਕ ਵਿਰਸੇ ਨਾਲ



ਜੋੜਨ ਵਿੱਚ ਵਡਮੁੱਲਾ ਯੋਗਦਾਨ ਪਾਉਣਗੇ। ਉਨ੍ਹਾਂ ਕਿਹਾ ਕਿ ਇਸ ਪ੍ਰਦਰਸ਼ਨੀ ਦਾ ਪ੍ਰਮੁੱਖ ਮੰਤਵ ਸੰਗਤਾਂ ਵਿੱਚ ਗੁਰਮਤਿ ਸਾਹਿਤ ਪ੍ਰਤੀ ਰੁਚੀ ਪੈਦਾ ਕਰਨ ਦੇ ਨਾਲ-ਨਾਲ ਅਮੀਰ ਸਿੱਖ ਇਤਿਹਾਸ ਅਤੇ ਵਿਰਾਸਤ ਬਾਰੇ ਗਿਆਨ ਦਾ ਪ੍ਰਸਾਰ ਕਰਨਾ ਵੀ ਹੈ।

ਉਨ੍ਹਾਂ ਦੱਸਿਆ ਕਿ ਇਸ ਪ੍ਰਦਰਸ਼ਨੀ ਵਿੱਚ ਦਿੱਲੀ ਅਤੇ ਪੰਜਾਬ ਦੀਆਂ ਪ੍ਰਮੁੱਖ ਅਤੇ ਵਿਸ਼ੇਸ਼ ਨਾਮਵਰ ਸੰਸਥਾਵਾਂ ਵੱਲੋਂ ਪੁਸਤਕਾਂ ਅਤੇ ਹੋਰ ਪ੍ਰਕਾਸ਼ਨਾਵਾਂ ਦੇ ਵਿਸ਼ੇਸ਼ ਸਟਾਲ ਲਗਾਏ ਜਾਣਗੇ। ਉਨਾਂ ਅੱਗੇ ਦੱਸਿਆ ਕਿ ਇਨ੍ਹਾਂ ਵਿੱਚ ਪੰਜਾਬੀ ਯੂਨੀਵਰਸਿਟੀ, ਪਟਿਆਲਾ, ਭਾਸ਼ਾ ਵਿਭਾਗ, ਨੈਸ਼ਨਲ ਬੁੱਕ ਟਰੱਸਟ ਆਫ਼ ਇੰਡੀਆ, ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵੱਖ-ਵੱਖ ਸਿੱਖ ਮਿਸ਼ਨਰੀ ਸੰਸਥਾਵਾਂ ਸ਼ਾਮਲ ਹੋਣਗੀਆਂ, ਜੋ ਆਪਣੇ ਕੀਮਤੀ ਸਾਹਿਤ ਅਤੇ ਪ੍ਰਕਾਸ਼ਨਾਵਾਂ ਰਾਹੀਂ ਸੰਗਤਾਂ ਨਾਲ ਜੁੜਨਗੀਆਂ।

ਲੈਂਦੇ ਆਗੂਆਂ ਨੇ ਦੱਸਿਆ ਕਿ ਇਨ੍ਹਾਂ ਸਟਾਲਾਂ ਰਾਹੀਂ ਸੰਗਤਾਂ ਅਤੇ ਪੁਸਤਕ ਪ੍ਰੇਮੀਆਂ ਨੂੰ ਸ੍ਰੀ ਗੁਰੂ ਨਾਨਕ ਦੇਵ ਜੀ ਸਮੇਤ ਸਮੂਹ ਗੁਰੂ ਸਾਹਿਬਾਨ ਦੇ ਜੀਵਨ, ਉਨ੍ਹਾਂ ਦੀਆਂ ਮਹਾਨ ਸਿੱਖਿਆਵਾਂ ਅਤੇ ਉਪਦੇਸ਼ਾਂ, ਭਗਤ ਸਾਹਿਬਾਨ ਦੀਆਂ ਜੀਵਨੀਆਂ, ਸਿੱਖ ਧਰਮ ਦੇ ਗੂੜ੍ਹੇ ਫਲਸਫ਼ੇ, ਗੁਰਮਤਿ ਵਿਚਾਰਧਾਰਾ ਅਤੇ ਸਿੱਖ ਇਤਿਹਾਸ ਨਾਲ ਸਬੰਧਤ ਪ੍ਰਮਾਣਿਕ ਤੇ ਗਿਆਨਵਰਧਕ ਪੁਸਤਕਾਂ ਦੇਖਣ ਅਤੇ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਮਿਲੇਗਾ।

ਇਸ ਤੋਂ ਇਲਾਵਾ ਪੰਜਾਬ ਐਂਡ ਸਿੰਧ ਬੈਂਕ ਅਤੇ ਪੰਜਾਬ ਆਰਟਿਸਟ (ਚਿੱਤਰਕਾਰ ਐਸੋਸੀਏਸ਼ਨ) ਦੇ ਸਹਿਯੋਗ ਨਾਲ ਸਿੱਖ ਇਤਿਹਾਸ ਦੀਆਂ ਅਹਿਮ ਘਟਨਾਵਾਂ ਅਤੇ ਮਹਾਨ ਇਤਿਹਾਸਕ ਪ੍ਰਸੰਗਾਂ ਨੂੰ ਚਿੱਤਰਕਲਾ ਰਾਹੀਂ ਬੇਹੱਦ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਜਾਵੇਗਾ। ਇਸ ਰਾਹੀਂ ਦਰਸ਼ਕਾਂ ਨੂੰ ਸਿੱਖ ਇਤਿਹਾਸ ਦੇ ਗੌਰਵਮਈ ਪੰਨਿਆਂ, ਮਹਾਨ ਸ਼ਹਾਦਤਾਂ ਅਤੇ ਸਿੱਖ ਵਿਰਾਸਤ ਦੀਆਂ ਅਨਮੋਲ ਯਾਦਾਂ ਨਾਲ ਰੂ-ਬ-ਰੂ ਹੋਣ ਦਾ ਮੌਕਾ ਮਿਲੇਗਾ।

ਸਰਦਾਰ ਕਾਲਕਾ ਅਤੇ ਸਰਦਾਰ ਕਾਹਲੋਂ ਨੇ ਸਮੂਹ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰਾਂ ਅਤੇ ਬੱਚਿਆਂ ਸਮੇਤ ਇਸ ਪ੍ਰਦਰਸ਼ਨੀ ਵਿੱਚ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਅਤੇ ਗੁਰਮਤਿ ਸਾਹਿਤ, ਸਿੱਖ ਇਤਿਹਾਸ ਤੇ ਸੱਭਿਆਚਾਰਕ ਵਿਰਾਸਤ ਨਾਲ ਜੁੜਨ ਦੇ ਇਸ ਸੁਚੱਜੇ ਉਪਰਾਲੇ ਦਾ ਲਾਭ ਉਠਾਉਣ।

ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨੇ ਕੀਤਾ ਵਿੱਦਿਅਕ ਦੌਰਾ; ਵਿਭਾਗ ਵੱਲੋਂ ਸਮੇਂ ਸਮੇਂ ਤੇ ਕੀਤੇ ਜਾ ਰਹੇ ਉਪਰਾਲੇ : ਮਮਤਾ ਖੁਰਾਣਾ ਸੇਠੀ



ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਸਕੂਲ ਸਿੱਖਿਆ ਵਿਭਾਗ ਪੰਜਾਬ ਦੇ ਹੁਕਮਾਂ ਅਨੁਸਾਰ ਜਿਲਾ ਸਿੱਖਿਆ ਅਫਸਰ (ਸੈ. ਸਿੱ.) ਪਟਿਆਲਾ ਮਮਤਾ ਖੁਰਾਣਾ ਸੇਠੀ ਦੀ ਰਹਿਨੁਮਾਈ ਹੇਠ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦਾ ਇੱਕ ਰੋਜ਼ਾ ਵਿੱਦਿਅਕ ਟੂਰ ਢਿੱਲੋਂ ਫਨ ਵਰਲਡ ਪਟਿਆਲਾ ਵਿਖੇ ਕਰਵਾਇਆ ਗਿਆ। ਜਿਸ ਨੂੰ ਸਿੱਖਿਆ ਵਿਭਾਗ ਦੇ ਬਲਾਕ ਪਟਿਆਲਾ-2 ਤੋਂ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਪ੍ਰਿਥੀ ਸਿੰਘ ਨੇ ਰਵਾਨਾ ਕੀਤਾ।

ਇਸ ਮੌਕੇ ਸੰਬੋਧਨ ਕਰਦਿਆਂ ਬੀਪੀਈਓ ਪ੍ਰਿਥੀ ਸਿੰਘ ਨੇ ਕਿਹਾ ਕਿ ਇਸ ਵਿਦਿਅਕ ਦੌਰੇ ਦਾ ਮੁੱਖ ਉਦੇਸ਼ ਇਹਨਾਂ ਬੱਚਿਆਂ ਨੂੰ ਕਿਤਾਬੀ ਗਿਆਨ ਤੋਂ ਇਲਾਵਾ ਵਿਹਾਰਕ ਜਾਣਕਾਰੀ ਦੇਣਾ, ਉਹਨਾਂ ਆਤਮ-ਵਿਸ਼ਵਾਸ ਪੈਦਾ ਕਰਨਾ ਅਤੇ ਉਹਨਾਂ ਨੂੰ ਸਮਾਜ ਦੀ ਮੁੱਖ ਧਾਰਾ ਨਾਲ ਜੋੜਨਾ ਹੈ। ਉਹਨਾਂ ਅੱਗੇ ਕਿਹਾ ਕਿ ਅਜਿਹੇ ਵਿੱਦਿਅਕ ਦੌਰਿਆਂ ਨਾਲ ਵਿਦਿਆਰਥੀ ਪੜ੍ਹਾਈ ਦੇ ਨਾਲ-ਨਾਲ ਹੋਰ ਵੀ ਬਹੁਤ ਸਾਰੀ ਜਾਣਕਾਰੀ ਹਾਸਲ ਕਰਦੇ ਹਨ ਜੋ ਕਿ ਭਵਿੱਖ ਵਿੱਚ ਉਹਨਾਂ ਦੀ ਰੋਜ਼ਮਰਾ ਦੀ ਜਿੰਦਗੀ ਵਿੱਚ ਕੰਮ ਆਉਂਦਾ ਹੈ।

ਇਸ ਟੂਰ ਦੌਰਾਨ ਬੱਚਿਆਂ ਦੀ ਸੁਰੱਖਿਆ ਨੂੰ ਮੁੱਖ ਰੱਖਦਿਆਂ ਉਹਨਾਂ ਦੇ ਨਾਲ ਆਈਈਆਰਟੀਜ ਸਪੈਸ਼ਲ ਐਜੂਕੇਟਰ, ਸਟਾਫ ਵੀ ਮੌਜੂਦ ਸੀ। ਬੱਚਿਆਂ ਦੀ ਸੁਰੱਖਿਆ, ਖਾਣ-ਪੀਣ ਅਤੇ ਆਵਾਜਾਈ ਦਾ ਪੂਰਾ ਪ੍ਰਬੰਧ ਕੀਤਾ ਗਿਆ ਹੈ।

ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਮਮਤਾ ਖੁਰਾਣਾ ਸੇਠੀ (ਸੈ.ਸਿੱ.) ਨੇ ਦੱਸਿਆ ਕਿ ਵਿਭਾਗ ਵੱਲੋਂ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਦੀ ਸਿੱਖਿਆ ਅਤੇ ਸਰਵਪੱਖੀ ਵਿਕਾਸ ਲਈ ਸਮੇਂ-ਸਮੇਂ 'ਤੇ ਅਜਿਹੇ ਉਪਰਾਲੇ ਕੀਤੇ ਜਾਂਦੇ ਹਨ।


ਉਹਨਾਂ ਕਿਹਾ ਕਿ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਲਈ ਸਰਕਾਰ ਵਿਸ਼ੇਸ਼ ਉਪਰਾਲੇ ਕਰ ਰਹੀ ਹੈ।

ਇਸ ਮੌਕੇ ਡੀਐਸਈਟੀ ਅਮਰਜੀਤ ਕੌਰ, ਫਿਜੀਓਥੈਰਪਿਸਟ ਗੀਤ ਕਮਲ ਕੌਰ ਅਤੇ ਰਵਿੰਦਰ ਸਿੰਘ ਵੀ ਬੱਚਿਆਂ ਦੇ ਨਾਲ ਮੌਜੂਦ ਰਹੇ।

ਐਸ.ਐਸ.ਆਰ.-2026 ਤਹਿਤ ਡੀ ਸੀ ਵੱਲੋਂ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ

ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪਟਿਆਲਾ ਦੇ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਨੇ ਅੱਜ ਐਸ.ਐਸ.ਆਰ.-2026 ਤਹਿਤ ਵੋਟਰ ਸੂਚੀਆਂ ਦੀ ਸੁਧਾਈ ਸਬੰਧੀ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਮੀਟਿੰਗ ਕੀਤੀ। ਇਸ ਮੌਕੇ ਉਨ੍ਹਾਂ ਵੋਟਰ ਸੂਚੀਆਂ ਦੀ ਸੁਧਾਈ ਦੀ ਪ੍ਰਕਿਰਿਆ ਅਤੇ ਯੋਗ ਨਾਗਰਿਕਾਂ ਦੀ ਵੋਟਰ ਵਜੋਂ ਰਜਿਸਟ੍ਰੇਸ਼ਨ ਸਬੰਧੀ ਜਾਣਕਾਰੀ ਸਾਂਝੀ ਕੀਤੀ ਅਤੇ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਇਸ ਪ੍ਰਕਿਰਿਆ ਵਿੱਚ ਸਹਿਯੋਗ ਦੇਣ ਦੀ ਅਪੀਲ ਕੀਤੀ। ਇਸ ਮੌਕੇ ਓਹਨਾ ਦੇ ਨਾਲ ਵਧੀਕ ਡਿਪਟੀ ਕਮਿਸ਼ਨਰ ਅਨੁਪ੍ਰਿਤਾ ਜੌਹਲ ਅਤੇ ਜ਼ਿਲ੍ਹਾ ਚੋਣ ਤਹਿਸੀਲਦਾਰ ਸ੍ਰੀ ਵਿਜੇ ਚੌਧਰੀ ਵੀ ਮੌਜੂਦ ਸਨ।



ਇਸ ਮੌਕੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਵਿਧਾਨ ਸਭਾ ਹਲਕਿਆਂ ਦੀ ਫੋਟੋ ਸਮੇਤ ਡਰਾਫਟ ਵੋਟਰ ਸੂਚੀ ਦਾ ਇੱਕ-ਇੱਕ ਸੈੱਟ ਰਾਜਨੀਤਿਕ ਪਾਰਟੀਆਂ ਦੇ ਜ਼ਿਲ੍ਹਾ ਪ੍ਰਧਾਨਾਂ/ਨੁਮਾਇੰਦਿਆਂ ਨੂੰ ਮੁਹੱਈਆ ਕਰਵਾਇਆ ਗਿਆ। ਇਸ ਦੇ ਨਾਲ ਹੀ ਫੋਟੋ ਰਹਿਤ ਡਰਾਫਟ ਵੋਟਰ ਸੂਚੀ ਦੀ ਪੈਨ ਡਰਾਈਵ ਵੀ ਦਿੱਤੀ ਗਈ, ਤਾਂ ਜੋ ਪਾਰਟੀਆਂ ਸੂਚੀਆਂ ਦੀ ਜਾਂਚ ਕਰਕੇ ਕਿਸੇ ਵੀ ਕਮੀ, ਗਲਤੀ ਜਾਂ ਇਤਰਾਜ਼ ਬਾਰੇ ਚੋਣ ਦਫ਼ਤਰ ਨੂੰ ਜਾਣੂ ਕਰਵਾ ਸਕਣ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਹੜੇ ਨੌਜਵਾਨ 1 ਜਨਵਰੀ 2027 ਨੂੰ 18 ਸਾਲ ਦੀ ਉਮਰ ਪੂਰੀ ਕਰ ਰਹੇ ਹਨ, ਉਹ ਆਪਣਾ ਨਾਮ ਵੋਟਰ ਸੂਚੀ ਵਿੱਚ ਦਰਜ ਕਰਵਾਉਣ ਲਈ ਫਾਰਮ ਨੰਬਰ 6 ਭਰ ਸਕਦੇ ਹਨ। ਇਸ ਤੋਂ ਇਲਾਵਾ ਐਨ.ਆਰ.ਆਈ. ਵੋਟਰਾਂ ਲਈ ਫਾਰਮ ਨੰਬਰ 6ਏ, ਨਾਮ ਕਟਵਾਉਣ ਲਈ ਫਾਰਮ ਨੰਬਰ 7 ਅਤੇ ਵੋਟਰ ਸੂਚੀ ਵਿੱਚ ਸੋਧ ਜਾਂ ਪਤਾ ਬਦਲਣ ਲਈ ਫਾਰਮ ਨੰਬਰ 8 ਭਰਿਆ ਜਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਨਾਗਰਿਕ ਆਪਣੇ ਦਾਅਵੇ ਅਤੇ ਇਤਰਾਜ਼ ਸਬੰਧਤ ਬੂਥ ਲੈਵਲ ਅਫ਼ਸਰ ਰਾਹੀਂ ਜਾਂ ਆਨਲਾਈਨ ਪੋਰਟਲ voters.eci.gov.in ਅਤੇ ECINet ਮੋਬਾਈਲ ਐਪ ਰਾਹੀਂ ਵੀ ਦਰਜ ਕਰਵਾ ਸਕਦੇ ਹਨ। ਉਨ੍ਹਾਂ ਰਾਜਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਯੋਗ ਨਾਗਰਿਕਾਂ ਦੀ ਰਜਿਸਟ੍ਰੇਸ਼ਨ ਯਕੀਨੀ ਬਣਾਉਣ ਲਈ ਲੋਕਾਂ ਨੂੰ ਵੱਧ ਤੋਂ ਵੱਧ ਜਾਗਰੂਕ ਕਰਨ।

ਡਰਾਫਟ ਵੋਟਰ ਸੂਚੀ ਅਨੁਸਾਰ ਪਟਿਆਲਾ ਜ਼ਿਲ੍ਹੇ ਦੇ 8 ਵਿਧਾਨ ਸਭਾ ਹਲਕਿਆਂ ਵਿੱਚ ਕੁੱਲ 14,34,888 ਵੋਟਰ ਦਰਜ ਹਨ, ਜਿਨ੍ਹਾਂ ਵਿੱਚ 7,34,438 ਪੁਰਸ਼, 7,00,404 ਮਹਿਲਾਵਾਂ ਅਤੇ 46 ਤੀਜੇ ਲਿੰਗ ਦੇ ਵੋਟਰ ਸ਼ਾਮਲ ਹਨ।

ਜ਼ਿਲ੍ਹੇ ਵਿੱਚ ਪੋਲਿੰਗ ਸਟੇਸ਼ਨਾਂ ਦੀ ਗਿਣਤੀ ਪਹਿਲਾਂ 1861 ਸੀ, ਜੋ ਹੁਣ ਵਧ ਕੇ 1864 ਹੋ ਗਈ ਹੈ। ਇਸ ਮੌਕੇ ਬੀ ਜੇ ਪੀ, ਕਾਂਗਰਸ, ਬੀ ਐੱਸ ਪੀ ਅਤੇ ਸ਼੍ਰੋਮਣੀ ਅਕਾਲੀਦਲ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ।

ਧੀਮਾਨ ਭਵਨ ਵਿਖੇ ਭਗਵਾਨ ਵਿਸ਼ਵਕਰਮਾ ਦਿਵਸ ਸ਼ਰਧਾ ਅਤੇ ਉਤਸਾਹ ਨਾਮ ਮਨਾਇਆ

ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਧੀਮਾਨ ਭਵਨ ਸੋਸਾਇਟੀ ਵੱਲੋਂ ਸਰਹਿੰਦੀ ਗੇਟ ਸਥਿਤ ਧੀਮਾਨ ਭਵਨ ਵਿੱਖੇ ਭਗਵਨ ਸ਼੍ਰੀ ਵਿਸ਼ਵਕਰਮਾ ਜੀ ਦਾ ਮਹਾ-ਪੂਜਾ ਉਤਸਵ ਬੜੀ ਹੀ ਧੂਮਧਾਮ ਨਾਲ ਮਨਾਇਆ ਗਿਆ। ਇਸ ਦੌਰਾਨ ਸਭ ਤੋਂ ਪਹਿਲਾ ਪੂਜਾ ਅਤੇ ਹਵਨ ਕੀਤਾ ਗਿਆ, ਜਿਸ ਵਿੱਚ ਅਮਨ-ਸ਼ਾਂਤੀ ਅਤੇ ਸਭ ਦੀ ਚੜ੍ਹਦੀਕਲਾ ਦੀ ਅਰਦਾਸ ਕੀਤੀ ਗਈ। ਇਸ ਮੌਕੇ ਬਤੌਰ ਮੁੱਖ ਮਹਿਮਾਨ ਵੱਜੋਂ ਬੀਬਾ ਜੈ ਇੰਦਰ ਕੌਰ ਸੂਬਾ ਪ੍ਰਧਾਨ ਮਹਿਲਾ ਮੋਰਚਾ ਭਾਜਪਾ ਪੰਜਾਬ, ਸ੍ਰੀ ਕੁੰਦਨ ਗੋਗਿਆ ਮੇਅਰ, ਸ. ਗੁਰਿੰਦਰ ਸਿੰਘ ਢਿੱਲੋਂ ਆਈ.ਪੀ.ਐਸ. ਰਿਟਾਇਰਡ ਏ.ਡੀ.ਜੀ.ਪੀ ਤੇ ਚੇਅਰਮੈਨ ਐਕਸ ਸਰਵਿਸਮੈਨ ਸੇਲ ਪੀਪੀਸੀਸੀ ਨੇ ਸ਼ਿਰਕਤ ਕੀਤੀ। ਸਮਾਗਮ ਵਿੱਚ ਪਹੁੰਚੇ



ਮਹਿਮਾਨਾਂ ਨੇ ਸਾਰੀਆਂ ਨੂੰ ਭਗਵਾਨ ਸ੍ਰੀ ਵਿਸ਼ਵਕਰਮਾ ਦਿਵਸ ਦੀਆਂ ਮੁਬਾਰਕਾਂ ਦਿੱਤੀਆਂ ਅਤੇ ਉਨ੍ਹਾਂ ਦੇ ਦਿਖਾਏ ਹੋਏ ਰਸਤੇ ਤੇ ਚੱਲਣ ਲਈ ਪ੍ਰੇਰਿਤ ਕੀਤਾ। ਇਸ ਮਗਰੋਂ ਅੰਨਕੂਟ ਲੰਗਰ ਵਰਤਾਇਆ ਗਿਆ। ਸਮਾਗਮ ਦੌਰਾਨ ਸ਼ਾਮ ਨੂੰ ਭਗਵਾਨ ਸ੍ਰੀ ਵਿਸ਼ਵਕਰਮਾ ਜੀ ਦਾ ਗੁਣਗਾਨ ਵੀ ਕੀਤਾ ਗਿਆ। ਇਸ ਮੌਕੇ ਚੇਅਰਮੈਨ ਇੰਦਰਜੀਤ ਬਿਰਦੀ, ਪ੍ਰਧਾਨ ਕੇਦਾਰ ਨਾਥ, ਜਨਰਲ ਸਕੱਤਰ ਸ਼ਾਮ ਕੁਮਾਰ ਧੀਮਾਨ, ਉਪ ਚੇਅਰਮੈਨ ਸੰਦੀਪ ਕੁਮਾਰ ਟੀਨਾ, ਮੀਤ ਪ੍ਰਧਾਨ ਦਵਿੰਦਰ ਪਨੇਸਰ, ਕੈਸ਼ੀਅਰ ਰਾਜ ਕੁਮਾਰ ਧੀਮਾਨ, ਮੈਂਬਰ ਯਸ਼ ਧੀਮਾਨ, ਪ੍ਰਦੀਪ ਕੁਮਾਰ, ਨਿਰਦੋਸ਼ ਕੁਮਾਰ ਸਮੇਤ ਸੋਸਾਇਟੀ ਦੇ ਹੋਰ ਵੀ ਮੈਂਬਰ ਮੌਜੂਦ ਰਹੇ।

ਝੋਨੇ ਦੀ ਖਰੀਦ ਰੋਕ ਕੇ ਸਰਕਾਰ ਨੇ ਕਿਸਾਨਾਂ ਅਤੇ ਆੜ੍ਹਤੀਆਂ ਨੂੰ ਸੰਕਟ ਵਿੱਚ ਪਾਇਆ : ਕੈਂਥ

ਨਾਭਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ, ਪੰਜਾਬ ਦੇ ਮੀਤ ਪ੍ਰਧਾਨ ਪਰਮਜੀਤ ਸਿੰਘ ਕੈਂਥ ਨੇ ਨਾਭਾ ਅਨਾਜ ਮੰਡੀ ਵਿੱਚ ਝੋਨੇ ਦੀ ਸਰਕਾਰੀ ਖਰੀਦ ਰੋਕਣ ਦੇ ਫ਼ੈਸਲੇ ਦੀ ਸਖ਼ਤ ਨਿਖੇਧੀ ਕਰਦਿਆਂ ਭਗਵੰਤ ਮਾਨ ਸਰਕਾਰ ਤੋਂ ਤੁਰੰਤ ਖਰੀਦ ਬਹਾਲ ਕਰਨ ਦੀ ਮੰਗ ਕੀਤੀ ਹੈ।

ਕੈਂਥ ਨੇ ਦੱਸਿਆ ਕਿ ਉਨ੍ਹਾਂ ਨੇ ਨਾਭਾ ਅਨਾਜ ਮੰਡੀ ਦਾ ਦੌਰਾ ਕਰਕੇ ਜ਼ਮੀਨੀ ਹਾਲਾਤ ਦਾ ਜਾਇਜ਼ਾ ਲਿਆ ਅਤੇ ਆੜ੍ਹਤੀ ਐਸੋਸੀਏਸ਼ਨ, ਰਾਈਸ ਮਿੱਲ ਉਦਯੋਗ ਅਤੇ ਮਜ਼ਦੂਰ



ਯੂਨੀਅਨ ਦੇ ਨੁਮਾਇੰਦਿਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ। ਉਨ੍ਹਾਂ ਪੰਜਾਬ ਸਰਕਾਰ ਦੇ ਖ਼ਰੀਫ਼ ਮਾਰਕੀਟਿੰਗ ਸੀਜ਼ਨ 2026-27 ਦੇ ਸਰਕਾਰੀ ਦਸਤਾਵੇਜ਼ ਦਾ ਹਵਾਲਾ ਦਿੰਦਿਆਂ ਕਿਹਾ ਕਿ ਝੋਨੇ ਦੀ ਖਰੀਦ ਦੀ ਮਿਆਦ 1 ਅਕਤੂਬਰ ਤੋਂ 30 ਨਵੰਬਰ 2026 ਤੱਕ ਨਿਰਧਾਰਤ ਹੈ। ਇਸ ਦੇ ਬਾਵਜੂਦ 11 ਨਵੰਬਰ ਨੂੰ ਖਰੀਦ ਰੋਕਣ ਦਾ ਫ਼ੈਸਲਾ ਕਿਉਂ ਲਿਆ ਗਿਆ ? ਜਦੋਂ ਕਿਸਾਨਾਂ ਦੀ ਪੂਰੀ ਫ਼ਸਲ ਨਹੀਂ ਖਰੀਦੀ ਗਈ ਤਾਂ ਸਰਕਾਰ ਇਸ ਫ਼ੈਸਲੇ ਦਾ ਆਧਾਰ ਸਪੱਸ਼ਟ ਕਰੇ।

ਕੈਂਥ ਨੇ ਕਿਹਾ ਕਿ ਸਰਕਾਰੀ ਦਸਤਾਵੇਜ਼ ਅਨੁਸਾਰ ਆਮ ਝੋਨੇ ਦਾ ਘੱਟੋ-ਘੱਟ ਸਮਰਥਨ ਮੁੱਲ (MSP) 2,441 ਰੁਪਏ ਅਤੇ ਗ੍ਰੇਡ-ਏ ਝੋਨੇ ਦਾ 2,461 ਰੁਪਏ ਪ੍ਰਤੀ ਕੁਇੰਟਲ ਹੈ। ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਕਿਸਾਨਾਂ ਦੀ ਯੋਗ ਫ਼ਸਲ ਦੀ ਨਿਰਧਾਰਤ ਸਮਰਥਨ ਮੁੱਲ 'ਤੇ ਖਰੀਦ ਯਕੀਨੀ ਬਣਾਏ। ਖਰੀਦ ਰੁਕਣ ਨਾਲ ਕਿਸਾਨਾਂ ਦੇ ਨਾਲ-ਨਾਲ ਆੜ੍ਹਤੀਆਂ, ਮੰਡੀ ਮਜ਼ਦੂਰਾਂ, ਟਰਾਂਸਪੋਰਟਰਾਂ ਅਤੇ ਰਾਈਸ ਮਿੱਲ ਉਦਯੋਗ ਦਾ ਕਾਰੋਬਾਰ ਵੀ ਪ੍ਰਭਾਵਿਤ ਹੋ ਰਿਹਾ ਹੈ।

ਉਨ੍ਹਾਂ ਮੁੱਖ ਮੰਤਰੀ ਭਗਵੰਤ ਮਾਨ ਤੋਂ ਮੰਗ ਕੀਤੀ ਕਿ ਪੰਜਾਬ ਦੀਆਂ ਸਾਰੀਆਂ ਮੰਡੀਆਂ ਵਿੱਚ ਸਰਕਾਰੀ ਖਰੀਦ ਤੁਰੰਤ ਬਹਾ

ਮੌਜੂਦਾ ਦੌਰ 'ਚ ਸਰਕਾਰੀ ਤੋਂ ਲੈ ਕੇ ਨਿੱਜੀ ਖੇਤਰ ਤਕ ਖੇਤੀ ਨਾਲ ਸਬੰਧਤ ਮਾਹਿਰਾਂ ਦੀ ਮੰਗ ਵਧ ਰਹੀ ਹੈ। ਜੇ ਤੁਸੀਂ ਵੀ ਐਗਰੀਕਲਚਰ ਇੰਡਸਟਰੀ 'ਚ ਆਪਣਾ ਕਰੀਅਰ ਬਣਾਉਣਾ ਚਾਹੁੰਦੇ ਹੋ ਤਾਂ ਐਗਰੀ-ਬਿਜ਼ਨਸ ਤੁਹਾਡੇ ਲਈ ਇਕ ਬਿਹਤਰੀਨ ਬਦਲ ਸਿੱਧ ਹੋ ਸਕਦਾ ਹੈ। ਹਾਲ ਹੀ ਦੇ ਵਰ੍ਹਿਆਂ ਦੌਰਾਨ ਮੈਨੇਜਮੈਂਟ ਨਾਲ ਸਬੰਧਤ ਨੌਜਵਾਨਾਂ ਲਈ ਐਗਰੀ-ਬਿਜ਼ਨਸ ਬੇਸ਼ੁਮਾਰ ਮੌਕੇ ਲੈ ਕੇ ਆਇਆ ਹੈ...



ਵੱਡੀਆਂ ਸੰਭਾਵਨਾਵਾਂ ਵਾਲਾ ਖੇਤਰ ਐਗਰੀ-ਬਿਜ਼ਨਸ

ਫਲਾਂ, ਸਬਜ਼ੀਆਂ ਅਤੇ ਅਨਾਜ ਦੇ ਵੱਡੇ ਉਤਪਾਦਕ ਅਤੇ ਬਰਾਮਦਕਾਰ ਹੋਣ ਦੇ ਨਾਤੇ ਭਾਰਤੀ ਖੇਤੀ ਦਾ ਅੱਜ ਦੁਨੀਆ ਵਿਚ ਵੱਖਰਾ ਮੁਕਾਮ ਹੈ। ਫੁੱਲਾਂ, ਮਸਾਲਿਆਂ, ਅਨਾਜ, ਤੇਲ ਬੀਜਾਂ ਅਤੇ ਸਬਜ਼ੀਆਂ ਦੀ ਬਰਾਮਦ ਸਮਰਥਾ ਵਿਚ ਭਾਰਤ ਲਗਾਤਾਰ ਵਾਧਾ ਕਰ ਰਿਹਾ ਹੈ। ਐਗਰੀ-ਬਿਜ਼ਨਸ ਯਾਨੀ ਖੇਤੀ ਕਾਰੋਬਾਰ ਦੀ ਪੜ੍ਹਾਈ ਅਤੇ ਸਿਖਲਾਈ ਪ੍ਰਾਪਤ ਪੇਸ਼ੇਵਰਾਂ ਦੀ ਵਧਦੀ ਹੋਈ ਅਹਿਮੀਅਤ ਭਾਰਤੀ ਖੇਤੀ ਦੇ ਵਿਸਥਾਰ ਅਤੇ ਵਿਕਾਸ ਦੀਆਂ ਸੰਭਾਵਨਾਵਾਂ ਨੂੰ ਵੀ ਵਧਾ ਰਹੀ ਹੈ। ਖੇਤੀ ਜਾਂ ਕਿਰਸਾਨੀ ਹੁਣ ਗੁਜ਼ਾਰੇ ਦਾ ਜ਼ਰੀਆ ਹੀ ਨਹੀਂ ਰਹਿ ਗਿਆ, ਬਲਕਿ ਇਸ ਖੇਤਰ ਤੋਂ ਕਾਰੋਬਾਰੀ ਪੱਧਰ 'ਤੇ ਵੱਡੀ ਕਾਮਯਾਬੀ ਦੀ ਵੱਡੀਆਂ ਉਮੀਦਾਂ ਹਨ। ਇਹੀ ਕਾਰਨ ਹੈ ਕਿ ਕਾਰੋਬਾਰੀ ਪਿਛੋਕੜ ਵਾਲੇ ਲੋਕਾਂ ਲਈ ਇਸ ਖੇਤਰ ਵਿਚ ਮਾਰਕੀਟਿੰਗ, ਮਰਚੈਂਡਾਈਜ਼ਿੰਗ, ਸੇਲਜ਼ ਰਿਪਰਜ਼ੈਂਟੇਟਿਵ, ਅਕਾਊਂਟੈਂਟ, ਐਗਰੀਕਲਚਰ ਇਕਨਾਮਿਸਟ, ਫਾਈਨਾਂਸ ਮੈਨੇਜਰ, ਕਮੋਡਿਟੀ ਟਰੇਡਰ ਦੇ ਤੌਰ 'ਤੇ ਪਛਾਣ ਬਣਾਉਣ ਦੇ ਬਹੁਤ ਸਾਰੇ ਮੌਕੇ ਹਨ। ਜੇ ਸਵੈ ਰੁਜ਼ਗਾਰ ਦੀਆਂ ਸੰਭਾਵਨਾਵਾਂ ਨੂੰ ਵੇਖੀਏ ਤਾਂ ਇਸ ਖੇਤਰ ਵਿਚ ਬਿਜ਼ਨਸ ਆਪਰੇਸ਼ਨ, ਫਾਰਮਿੰਗ, ਪ੍ਰੋਸੈੱਸਿੰਗ, ਮਨੂਫੈਕਚਰਿੰਗ ਐਂਡ ਪੈਕੇਜਿੰਗ ਅਤੇ ਡਿਸਟ੍ਰੀਬਿਊਸ਼ਨ ਦੇ ਖੇਤਰਾਂ 'ਚ ਬਹੁਤ ਸਾਰੇ ਮੌਕੇ ਮੌਜੂਦ ਹਨ।

ਐਗਰੀ-ਬਿਜ਼ਨਸ 'ਚ ਕਰ ਸਕਦੇ ਹੋ ਐੱਮਬੀਏ

ਜੇ ਤੁਹਾਡੀ ਰੁਚੀ ਭਾਰਤੀ ਖੇਤੀ ਗੇ ਪ੍ਰਯੋਗਿਕ ਅਤੇ ਖੋਜ ਪਹਿਲੂਆਂ ਨੂੰ ਨੇੜਿਓਂ ਜਾਨਣ ਵਿਚ ਹੈ ਤਾਂ ਯਕੀਨਨ ਐਗਰੀ-ਬਿਜ਼ਨਸ 'ਚ ਐੱਮਬੀਏ ਅਤੇ ਪੀਐੱਚਡੀ ਦੀ ਪੜ੍ਹਾਈ ਤੁਹਾਡੇ ਲਈ ਮਦਦਗਾਰ ਸਿੱਧ ਹੋ ਸਕਦੀ ਹੈ। ਦੋ ਸਾਲਾ ਐੱਮਬੀਏ ਇਨ ਐਗਰੀ-ਬਿਜ਼ਨਸ ਦੇ ਦੌਰਾਨ ਖੇਤੀ ਸੋਮਿਆਂ ਅਤੇ ਉਤਪਾਦਾਂ ਦੇ ਵਿਕਾਸ, ਸੰਭਾਲ਼ ਅਤੇ ਕਾਰੋਬਾਰ ਆਦਿ ਉੱਪਰ ਵਿਸ਼ੇਸ਼ ਤੌਰ 'ਤੇ ਫੋਕਸ ਕੀਤਾ ਜਾ ਸਕਦਾ ਹੈ। ਇਸ ਕੋਰਸ ਦਾ ਮੁੱਖ ਉਦੇਸ਼ ਫਾਈਨਾਂਸ, ਲੈਂਡਿੰਗ, ਕਮੋਡਿਟੀ ਟ੍ਰੇਨਿੰਗ, ਮਾਈਕਰੋ ਫਾਈਨਾਂਸ, ਸਪਲਾਈ ਚੇਨ ਮੈਨੇਜਮੈਂਟ, ਟੈਕਸੇਸ਼ਨ, ਮਾਰਕੀਟਿੰਗ (ਵਿਸ਼ੇਸ਼ ਤੌਰ 'ਤੇ ਰੂਰਲ ਮਾਰਕੀਟਿੰਗ) ਆਦਿ ਦੇ ਰੂ-ਬ-ਰੂ ਕਰਵਾਉਣਾ ਹੈ।

ਐਗਰੀ-ਬਿਜ਼ਨਸ 'ਚ ਮੌਕੇ

ਫੂਡ ਪ੍ਰੋਡਕਸ਼ਨ ਅਤੇ ਪ੍ਰੋਸੈੱਸਿੰਗ ਇੰਡਸਟਰੀ ਵਿਚ ਹਾਲ ਹੀ 'ਚ ਆਈਆਂ ਤਬਦੀਲੀਆਂ ਕਾਰਨ ਖੇਤੀ ਖੇਤਰ ਦਾ ਦਾਇਰਾ ਅਤੇ ਵੱਡੀ ਗਿਣਤੀ ਵਿਚ ਮੁਹਾਰਤ ਪ੍ਰਾਪਤ ਪੇਸ਼ੇਵਰਾਂ ਦੀ ਮੰਗ ਵਧੀ ਹੈ। ਐਗਰੀਕਲਚਰ ਗ੍ਰੈਜੂਏਟ ਜਾਂ ਐਗਰੀ-ਬਿਜ਼ਨਸ ਐਕਸਪਰਟ ਲਈ ਸਰਕਾਰੀ, ਗ਼ੈਰ-ਸਰਕਾਰੀ ਅਤੇ ਸਵੈ ਰੁਜ਼ਗਾਰ ਲਈ ਬਹੁਤ ਸਾਰੇ ਮੌਕੇ ਹਨ। ਐਗਰੀ-ਬਿਜ਼ਨਸ ਦੀ ਪੜ੍ਹਾਈ ਕਰਨ ਤੋਂ ਬਾਅਦ ਐਗਰੀ-ਬਿਜ਼ਨਸ ਕੰਪਨੀਆਂ, ਖੇਤੀ ਸੰਸਥਾਵਾਂ, ਇਨਪੁਟ ਡੀਲਰ, ਐੱਨਜੀਓ, ਐਗਰੀ-ਇੰਟਰਪ੍ਰੇਨੇਓਰ ਅਤੇ ਕੋਆਪ੍ਰੇਟਿਵ 'ਚ ਕੰਮ ਕਰ ਸਕਦੇ ਹੋ।

ਮੁੱਖ ਸੰਸਥਾਵਾਂ

- ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ।
- ਇੰਡੀਅਨ ਐਗਰੀਕਲਚਰਲ ਰਿਸਰਚ ਇੰਸਟੀਚਿਊਟ।
- ਜੀਬੀ ਪੰਤ ਯੂਨੀਵਰਸਿਟੀ ਆਫ ਐਗਰੀਕਲਚਰ ਐਂਡ ਟੈਕਨਾਲੋਜੀ।
- ਨੈਸ਼ਨਲ ਇੰਸਟੀਚਿਊਟ ਆਫ ਐਗਰੀਕਲਚਰਲ ਐਕਸਟੈਂਸ਼ਨ ਮੈਨੇਜਮੈਂਟ।
- ਬਨਾਰਸ ਹਿੰਦੂ ਯੂਨੀਵਰਸਿਟੀ, ਵਾਰਣਸੀ। ●

ਐਗਰੀਕਲਚਰਲ ਐਕਸਟੈਂਸ਼ਨ ਮੈਨੇਜਮੈਂਟ 'ਚ ਕਰੋ ਪੀਜੀ ਡਿਪਲੋਮਾ

ਨੈਸ਼ਨਲ *ਇੰਸਟੀਚਿਊਟ ਆਫ ਐਗਰੀਕਲਚਰਲ ਐਕਸਟੈਂਸ਼ਨ ਮੈਨੇਜਮੈਂਟ (ਮੈਨੇਜ) ਨੇ ਤੇਜ਼ੀ ਨਾਲ ਵਿਕਸਿਤ ਹੋ ਰਹੇ ਖੇਤੀ ਖੇਤਰ ਦੀਆਂ ਚੁਣੌਤੀਆਂ ਨਾਲ ਨਜਿੱਠਣ ਦੇ ਮਕਸਦ ਨਾਲ ਨੌਜਵਾਨਾਂ ਨੂੰ ਸਿਖਲਾਈ ਦੇਣ ਲਈ ਕਈ ਅਹਿਮ ਕੋਰਸ ਸ਼ੁਰੂ ਕੀਤੇ ਹਨ। 'ਮੈਨੇਜ' ਭਾਰਤ ਸਰਕਾਰ ਦੇ ਖੇਤੀ ਅਤੇ ਕਿਸਾਨ ਕਲਿਆਣ ਮੰਤਰਾਲੇ ਅਧੀਨ ਕੰਮ ਕਰਨ ਵਾਲੀ ਖ਼ੁਦਮੁਖਤਿਆਰ ਰੈਗੁਲੇਟਰੀ ਹੈ। ਇਹ ਪੇਸ਼ੇਵਰਾਂ ਨੂੰ ਸਿਖਲਾਈ, ਸਲਾਹ, ਮੈਨੇਜਮੈਂਟ, ਖੋਜ ਅਤੇ ਸੂਚਨਾ ਸੇਵਾਵਾਂ ਦੇ ਖੇਤਰ 'ਚ ਮੁਹਾਰਤ ਦਿੰਦੀ ਹੈ। 'ਮੈਨੇਜ' ਵੱਲੋਂ ਪੋਸਟ ਗ੍ਰੈਜੂਏਟ ਡਿਪਲੋਮਾ ਇਨ ਐਗਰੀਕਲਚਰਲ ਐਕਸਟੈਂਸ਼ਨ ਮੈਨੇਜਮੈਂਟ, ਆਨਲਾਈਨ ਪੀਜੀਡੀਏਈਐੱਮ-ਮੂਕ, ਡਿਪਲੋਮਾ ਇਨ ਐਗਰੀਕਲਚਰਲ ਸਰਵਿਸਿਜ਼ ਅਤੇ ਪੋਸਟ ਗ੍ਰੈਜੂਏਟ ਡਿਪਲੋਮਾ ਇਨ ਮੈਨੇਜਮੈਂਟ (ਐਗਰੀ-ਬਿਜ਼ਨਸ ਮੈਨੇਜਮੈਂਟ) ਸਮੇਤ ਕਈ ਕੋਰਸ ਕਰਵਾਏ ਜਾਂਦੇ ਹਨ।*

ਕੋਰਸ : *ਪੋਸਟ ਗ੍ਰੈਜੂਏਟ ਡਿਪਲੋਮਾ ਇਨ ਐਗਰੀਕਲਚਰਲ ਐਕਸਟੈਂਸ਼ਨ ਮੈਨੇਜਮੈਂਟ (ਪੀਜੀਡੀਏਈਐੱਮ)- ਦੋ ਸਮੈਸਟਰ।*

ਯੋਗਤਾ : *ਐਗਰੀਕਲਚਰ ਜਾਂ ਅਲਾਇਡ ਵਿਸ਼ਿਆਂ (ਹਾਰਟੀਕਲਚਰ, ਵੈਟਰਨਰੀ, ਫਿਸ਼ਰੀਜ਼ ਆਦਿ) 'ਚ ਗ੍ਰੈਜੂਏਟ ਜਾਂ ਸਰਕਾਰੀ ਜਾਂ ਗ਼ੈਰ ਸਰਕਾਰੀ ਖੇਤਰਾਂ ਦੇ ਖੇਤੀ ਨਾਲ ਸਬੰਧਤ ਪ੍ਰੋਫਾਈਲ 'ਚ ਕੰਮ ਕਰਨ ਵਾਲੇ ਗ੍ਰੈਜੂਏਟ ਅਪਲਾਈ ਕਰ ਸਕਦੇ ਹਨ।*

ਚੋਣ : *ਉਮੀਦਵਾਰ ਦੀ ਚੋਣ ਲਿਖਤੀ ਪ੍ਰੀਖਿਆ ਅਤੇ ਅਸਾਈਨਮੈਂਟ 'ਚ ਪ੍ਰਦਰਸ਼ਨ ਦੇ ਆਧਾਰ 'ਤੇ ਕੀਤੀ ਜਾਵੇਗੀ। ਲਿਖਤੀ ਪ੍ਰੀਖਿਆ ਲਈ 70 ਅੰਕ ਅਤੇ ਅਸਾਈਨਮੈਂਟ ਲਈ 30 ਅੰਕ ਨਿਰਧਾਰਤ ਕੀਤੇ ਗਏ ਹਨ। ਪ੍ਰੀਖਿਆ ਦਾ ਮਾਧਿਅਮ ਹਿੰਦੀ ਜਾਂ ਅੰਗਰੇਜ਼ੀ ਹੋਵੇਗਾ।*

ਅਪਲਾਈ ਕਰਨ ਦੀ ਆਖ਼ਰੀ ਤਰੀਕ

31 ਦਸੰਬਰ 2017

ਵਧੇਰੇ ਜਾਣਕਾਰੀ ਲਈ ਵੇਖੋ

http://www.manage.gov.in/pgdaem/brochure-2017-18.pdf

ਨੌਕਰੀਆਂ

ਸੈਂਟਰਲ ਬੈਂਕ ਆਫ ਇੰਡੀਆ

ਅਸਾਮੀਆਂ - 18
ਅਹੁਦਾ - **ਸਕਿਓਰਿਟੀ ਅਫਸਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 22 **ਦਸੰਬਰ** 2017
ਵੈੱਬਸਾਈਟ - www.crentralbankofindia.co.in.

ਇੰਡੀਅਨ ਨੇਵੀ

ਅਸਾਮੀਆਂ - 168
ਅਹੁਦਾ - **ਚਾਰਜਮੈਨ ਤੇ ਸਿਵਲੀਅਨ ਪਰਸਨਲ ਪੋਸਟਸ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 26 **ਦਸੰਬਰ** 2017
ਵੈੱਬਸਾਈਟ - www.hqwncrecruitment.com.

ਲਾਈਫ ਇੰਸ਼ੋਰੈਂਸ ਕੰਪਨੀ ਇੰਡੀਆ

ਅਸਾਮੀਆਂ - 260
ਅਹੁਦਾ - **ਗਰੁੱਪ-ਬੀ ਨਾਨ-ਗਜ਼ਟਿਡ ਐਡਵਾਈਜ਼ਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 31 **ਦਸੰਬਰ** 2017
ਵੈੱਬਸਾਈਟ - www.licindia.in

ਏਅਰਪੋਰਟ ਅਥਾਰਿਟੀ ਆਫ ਇੰਡੀਆ

ਅਸਾਮੀਆਂ - 170
ਅਹੁਦਾ - **ਜੂਨੀਅਰ ਅਸਿਸਟੈਂਟ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 31 **ਦਸੰਬਰ** 2017
ਵੈੱਬਸਾਈਟ - www.aai.aero

ਏਅਰਲਾਈਨ ਅਲਾਈਡ ਸਰਵਿਸਿਜ਼ ਲਿਮਟਿਡ

ਅਸਾਮੀਆਂ - 33
ਅਹੁਦਾ - **ਟੈਕਨੀਕਲ ਅਸਿਸਟੈਂਟ ਤੇ ਹੋਰ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 03 **ਜਨਵਰੀ** 2018
ਵੈੱਬਸਾਈਟ - www.airindia.in

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ

ਅਸਾਮੀਆਂ - 853
ਅਹੁਦਾ - **ਜੂਨੀਅਰ ਇੰਜੀਨੀਅਰ, ਸਬ ਸਟੇਸ਼ਨ ਅਟੈਂਡੈਂਟ**
ਅਪਲਾਈ ਕਰਨ ਦੀ ਆਖ਼ਰੀ ਤਰੀਕ - 08 **ਜਨਵਰੀ** 2018
ਵੈੱਬਸਾਈਟ - www.pspcl.in.

ਸਰਵੇਖਣ

ਐਡਵਾਂਸ ਤਕਨਾਲੋਜੀ ਤੋਂ ਖ਼ੁਸ਼ ਹਨ 64 ਫ਼ੀਸਦੀ ਭਾਰਤੀ

ਤਕਨਾਲੋਜੀ ਦੇ ਖੇਤਰ ਦੀ ਮਹਾਰਥੀ ਸੰਸਥਾ 'ਸਿਸਕੋ' ਵੱਲੋਂ ਕੀਤੇ ਗਏ ਇਕ ਸਰਵੇਖਣ ਤੋਂ ਇਹ ਗੱਲ ਸਾਹਮਣੇ ਆਈ ਹੈ ਕਿ 60 ਫ਼ੀਸਦੀ ਤੋਂ ਜ਼ਿਆਦਾ ਭਾਰਤੀ ਕਰਮਚਾਰੀ ਐਡਵਾਂਸ ਤਕਨਾਲੋਦੀ ਨੂੰ ਰੁਜ਼ਗਾਰ ਦੇ ਲਿਹਾਜ਼ ਨਾਲ ਫ਼ਾਇਦੇਮੰਦ ਮੰਨਦੇ ਹਨ। ਉਨ੍ਹਾਂ ਦਾ ਮੰਨਣਾ ਹੈ ਕਿ ਐਡਵਾਂਸ ਤਕਨਾਲੋਜੀ ਰੁਜ਼ਗਾਰ ਵਿਚ ਵਾਧੇ 'ਚ ਅਹਿਮ ਭੂਮਿਕਾ ਨਿਭਾ ਸਕਦੀ ਹੈ। ਸਿਸਕੋ ਵੱਲੋਂ ਕਰਵਾਏ ਗਏ ਇਸ ਸਰਵੇਖਣ ਵਿਚ ਭਾਰਤ, ਅਮਰੀਕਾ, ਬਰਤਾਨੀਆ, ਕੈਨੇਡਾ, ਫਰਾਂਸ, ਜਰਮਨੀ, ਬ੍ਰਾਜੀਲ, ਮੈਕਸੀਕੋ, ਆਸਟ੍ਰੇਲੀਆ ਅਤੇ ਚੀਨ ਦੇ 2270 ਵ੍ਹਾਈਟ-ਕਾਲਰ ਕਰਮਚਾਰੀਆਂ ਨੂੰ ਸ਼ਾਮਲ ਕੀਤਾ ਗਿਆ ਸੀ।

57 ਫ਼ੀਸਦੀ ਕਰਮਚਾਰੀਆਂ ਦਾ ਮੰਨਣਾ ਹੈ ਕਿ ਵਰਚੁਅਲ ਅਸਿਸਟੈਂਟ ਨਾਲ ਉਤਪਾਦਕਤਾ ਵਧਦੀ ਹੈ, ਜਦਕਿ 51 ਫ਼ੀਸਦੀ ਕਰਮਚਾਰੀਆਂ ਦਾ ਮੰਨਣਾ ਹੈ ਕਿ ਇਸ ਨਾਲ ਇਕਾਗਰਤਾ ਵਧਦੀ ਹੈ।

64 ਫ਼ੀਸਦੀ ਭਾਰਤੀ ਇਸ ਗੱਲ ਨਾਲ ਸਹਿਮਤ ਹਨ ਕਿ ਐਡਵਾਂਸ ਤਕਨਾਲੋਜੀ ਨਾਲ ਕਈ ਗੁਣਾ ਜ਼ਿਆਦਾ ਰੁਜ਼ਗਾਰ ਦੇ ਮੌਕੇ ਮਿਲਦੇ ਹਨ। 81 ਫ਼ੀਸਦੀ ਚੀਨੀ ਅਤੇ 69 ਫ਼ੀਸਦੀ ਬ੍ਰਾਜੀਲ ਦੇ ਕਰਮਚਾਰੀਆਂ ਦਾ ਵੀ ਮੰਨਣਾ ਹੈ ਕਿ ਤਕਨਾਲੋਜੀ ਨਾਲ ਰੁਜ਼ਗਾਰ ਵਿਚ ਵਾਧਾ ਹੋ ਸਕਦਾ ਹੈ।

93 ਫ਼ੀਸਦੀ ਭਾਰਤੀ ਕਰਮਚਾਰੀ ਵਰਕ-ਪਲੇਸ 'ਤੇ ਤਕਨਾਲੋਜੀ ਅਤੇ ਵਰਚੁਅਲ ਅਸਿਸਟੈਂਸ ਨੂੰ ਸਕਾਰਾਤਮਕ ਨਜ਼ਰੀਏ ਨਾਲ ਵੇਖਦੇ ਹਨ। ●


***ਸੀ++ ਕੰਪਿਊਟਰ ਪ੍ਰੋਗਰਾਮਿੰਗ ਲੈਂਗੁਏਜ਼ ਹੈ। ਇਸ ਨੂੰ 1980 ਵਿਚ ਯੂਐੱਸਏ ਦੀ ਬੇਲ ਲੈਬੋਰੇਟਰੀ ਵਿਚ ਬਿਜਰਨੇ ਸਟ੍ਰੋਸਟਰੱਪ ਨੇ ਵਿਕਸਿਤ ਕੀਤਾ ਸੀ। ਜੇ ਤੁਸੀਂ ਘਰ ਰਹਿ ਕੇ ਵੀ ਇਸ ਕੰਪਿਊਟਰ ਭਾਸ਼ਾ ਨੂੰ ਸਿੱਖਣਾ ਚਾਹੁੰਦੇ ਹੋ ਤਾਂ ਕੁਝ ਐਪਸ ਤੁਹਡੇ ਮਦਦਗਾਰ ਸਿੱਧ ਹੋ ਸਕਦੇ ਹਨ...*

ਸਿੱਖੋ ਪ੍ਰੋਗਰਾਮਿੰਗ ਲੈਂਗੁਏਜ ਸੀ++

ਆਮ ਤੌਰ 'ਤੇ ਸਾਫਟਵੇਅਰ ਦੇ ਬੇਸਿਕ ਕੋਡ ਸੀ++ ਪ੍ਰੋਗਰਾਮਿੰਗ ਲੈਂਗੁਏਜ 'ਚ ਹੀ ਕੀਤੇ ਜਾਂਦੇ ਹਨ। ਇਹ 'ਸੀ' ਦੇ ਮੁਕਾਬਲੇ ਜ਼ਿਆਦਾ ਸੌਖੇ ਹਨ, ਜਿਸ ਕਾਰਨ ਪ੍ਰੋਗਰਾਮਿੰਗ ਕਰਨ 'ਚ ਆਸਾਨੀ ਰਹਿੰਦੀ ਹੈ। ਸੀ++ ਇਕ ਆਬਜੈਕਟਿਵ ਓਰੀਐਂਟਿਡ ਲੈਂਗੁਏਜ ਹੈ, ਜਿਸ ਨੂੰ 1980 ਵਿਚ ਯੂਐੱਸਏ ਦੀ ਬੇਲ ਲੈਬੋਰੇਟਰੀ ਵਿਚ ਬਿਜਰਨੇ ਸਟ੍ਰੋਸਟਰੱਪ ਨੇ ਡਿਵੈਲਪ ਕੀਤਾ ਸੀ। ਇਹ ਹਾਈ-ਲੈਵਲ ਲੈਂਗੁਏਜ ਵੀ ਹੈ। ਇਸ ਦੇ ਤਹਿਤ ਟੈਪਲੈੱਟਸ, ਫਾਈਲਜ਼, ਕੰਟਰੋਲ ਸਟ੍ਰਕਚਰ, ਆਬਜੈਕਟ ਓਰੀਐਂਟਿਡ ਸਿਸਟਮ ਡਿਵੈਲਪਮੈਂਟ, ਕਲਾਸਿਜ਼ ਅਤੇ ਆਬਜੈਕਟਸ, ਕੰਸਟ੍ਰਕਟਰ ਐਂਡ ਡਿਸਟ੍ਰਕਟਰ, ਇਨਹੈਰੀਟੈਂਸ, ਆਪਰੇਟਰ ਓਵਰਲੋਡਿੰਗ ਆਦਿ ਬਾਰੇ ਪੜ੍ਹਾਇਆ ਜਾਂਦਾ ਹੈ। ਜੇ ਤੁਸੀਂ ਘਰ ਬੈਠੇ ਇਹ ਲੈਂਗੁਏਜ ਸਿੱਖਣੀ ਚਾਹੁੰਦੇ ਹੋ ਤਾਂ ਕੁਝ ਐਪਸ ਇਸ 'ਚ ਤੁਹਾਡੀ ਮਦਦ ਕਰ ਸਕਦੇ ਹਨ।

ਸੀ++ ਪ੍ਰੋਗਰਾਮਿੰਗ

ਜੇ ਤੁਸੀਂ ਕੰਪਿਊਟਰ ਸਾਇੰਸ ਦੇ ਖੇਤਰ 'ਚ ਆਪਣਾ ਕਰੀਅਰ ਬਣਾਉਣਾ ਚਾਹੁੰਦੇ ਹੋ ਤਾਂ ਸੀ++ ਲੈਂਗੁਏਜ ਬਾਰੇ ਸਿੱਖਣਾ ਤੁਹਾਡੇ ਲਈ ਫ਼ਾਇਦੇਮੰਦ ਰਹੇਗਾ। ਇਹ ਸੀ++ ਪ੍ਰੋਗਰਾਮਿੰਗ ਟਿਊਟੋਰੀਅਲ ਐਪ ਹੈ, ਜਿਸ ਵਿਚ ਤੁਹਾਨੂੰ 140 ਪ੍ਰੋਗਰਾਮਾਂ ਬਾਰੇ ਦੱਸਿਆ ਜਾਂਦਾ ਹੈ। ਇਨ੍ਹਾਂ ਵਿੱਚੋਂ



ਜ਼ਿਆਦਾਤਰ ਔਫਏਕਿਊ 'ਤੇ ਆਧਾਰਿਤ ਹਨ, ਜੋ ਐਗਜ਼ਾਮ ਦੇ ਲਿਹਾਜ਼ ਨਾਲ ਵੀ ਫ਼ਾਇਦੇਮੰਦ ਸਿੱਧ ਹੋ ਸਕਦੇ ਹਨ। ਇਸ ਦਾ ਯੂਜ਼ਰ ਇੰਟਰਫੇਸ ਵੀ ਕਾਫੀ ਆਸਾਨ ਹੈ ਜਿਸ ਕਾਰਨ ਕੰਟੈਂਟ ਨੂੰ ਸਮਝਣ 'ਚ ਕਾਫੀ ਆਸਾਨੀ ਰਹਿੰਦੀ ਹੈ। ਇਸ ਵਿਚ ਚੈਪਟਰ-ਵਾਈਜ਼ ਟਿਊਟੋਰੀਅਲ ਦਿੱਤੇ ਗਏ ਹਨ। ਇਸ ਦੇ ਨਾਲ ਹੀ ਕੈਟੇਗਰੀ-ਵਾਈਜ਼ ਪ੍ਰਸ਼ਨ ਅਤੇ ਉੱਤਰ ਵੀ ਆਸਾਨੀ ਨਾਲ ਮਿਲ ਜਾਂਦੇ ਹਨ। ਪ੍ਰੋਗਰਾਮ ਅਤੇ ਟਿਊਟੋਰੀਅਲ ਨੂੰ ਇਕ ਹੀ ਕਲਿੱਕ ਵਿਚ ਕਿਸੇ ਨਾਲ ਸ਼ੇਅਰ ਵੀ ਕੀਤਾ ਜਾ ਸਕਦਾ ਹੈ। ਇਸ ਐਪ ਨੂੰ ਗੂਗਲ ਪਲੇਅ ਸਟੋਰ ਤੋਂ ਮੁਫ਼ਤ ਡਾਊਨਲੋਡ ਕੀਤਾ ਜਾ ਸਕਦਾ ਹੈ।

ਲਰਨ ਸੀ++

ਇਹ ਐਪ ਤੁਹਾਨੂੰ ਖ਼ੁਦ ਹੀ ਪ੍ਰੋਗਰਾਮਿੰਗ ਸਿੱਖਣ ਦੀ ਸਹੂਲਤ ਦਿੰਦੀ ਹੈ। ਇਸ ਵਿਚ ਸੀ++ ਨਾਲ ਸਬੰਧਤ 80 ਲੈਸਨ 8 ਲੈਵਲਜ਼ 'ਚ ਦਿੱਤੇ ਗਏ ਹਨ, ਜਿਸ ਵਿਚ ਬੇਸਿਕ ਕੰਸੈਪਟ, ਡਾਟਾ ਟਾਈਪਸ, ਲੂਪਸ, ਫੰਕਸ਼ਨਜ਼, ਕਲਾਸਿਜ਼ ਐਂਡ ਆਬਜੈਕਟਸ, ਫਾਈਲਜ਼ ਆਦਿ ਬਾਰੇ ਦੱਸਿਆ ਗਿਆ ਹੈ। ਇਥੇ ਇਕ ਲੈਵਲ ਮੁਕੰਮਲ ਕਰਨ ਤੋਂ ਬਾਅਦ ਦੂਸਰੇ ਲੈਵਲ ਨੂੰ ਖੋਲ੍ਹ ਸਕਦੇ ਹੋ। ਇਸ ਵਿਚ ਕੁਇਜ਼ ਦੀ ਸਹੂਲਤ ਵੀ ਮੌਜੂਦ ਹੈ। ਇਹ ਐਪ ਵੀ ਗੂਗਲ ਪਲੇਅ ਸਟੋਰ 'ਤੇ ਮੌਜੂਦ ਹੈ ਅਤੇ ਇਸ ਨੂੰ ਮੁਫ਼ਤ ਡਾਊਨਲੋਡ ਕੀਤਾ ਜਾ ਸਕਦਾ ਹੈ।

ਸੀ++ ਟਿਊਟੋਰੀਅਲ

ਇਸ ਦੇ ਲਈ ਮਾਹਿਰ ਪ੍ਰੋਗਰਾਮਰ ਹੋਣਾ ਜ਼ਰੂਰੀ ਨਹੀਂ ਹੈ। ਇਸ ਐਪ ਜ਼ਰੀਏ ਸੀ++ ਪ੍ਰੋਗਰਾਮਿੰਗ ਲੈਂਗੁਏਜ ਬਾਰੇ ਆਸਾਨੀ ਨਾਲ ਸਿੱਖਿਆ ਜਾ ਸਕਦਾ ਹੈ। ਇਹ ਉਨ੍ਹਾਂ ਵਿਦਿਆਰਥੀਆਂ ਲਈ ਵੀ ਜ਼ਰੂਰੀ ਹੈ, ਜੋ ਨੌਕਰੀ ਦੀ ਭਾਲ ਕਰ ਰਹੇ ਹਨ ਜਾਂ ਸੀ++ ਨਾਲ ਸਬੰਧਤ ਇਮਤਿਹਾਨ ਜਾਂ ਇੰਟਰਵਿਊ ਦੇਣ ਦੀ ਤਿਆਰੀ ਕਰ ਰਹੇ ਹਨ। ਇਸ ਵਿਚ ਸੀ++ ਨਾਲ ਸਬੰਧਤ 100 ਤੋਂ ਜ਼ਿਆਦਾ ਪ੍ਰੋਗਰਾਮਾਂ ਬਾਰੇ ਜਾਣਕਾਰੀ ਦਿੱਤੀ ਗਈ ਹੈ। ਇਸ 'ਚ ਬੇਸਿਕ ਸੀ++, ਲੂਪ ਸਟੇਟਮੈਂਟਸ, ਮੈਥੇਮੈਟੀਕਲ ਆਪਰੇਸ਼ਨਜ਼, ਏਰੀ, ਐਡਵਾਂਸ ਕੰਸੈਪਟ, ਜਨਰਲ ਕੰਸੈਪਟ, ਪੈਟਰਨ ਐਗਜ਼ੈਂਪਲਜ਼ ਆਦਿ ਬਾਰੇ ਦੱਸਿਆ ਗਿਆ ਹੈ। ਇਸ ਵਿਚ ਦਿੱਤੇ ਗਏ ਟਿਊਟੋਰੀਅਲ ਦੀ ਮਦਦ ਨਾਲ ਇਸ ਲੈਂਗੁਏਜ ਦੇ ਬਾਰੇ ਕਾਫੀ ਕੁਝ ਆਸਾਨੀ ਨਾਲ ਸਿੱਖਿਆ ਜਾ ਸਕਦਾ ਹੈ। ●

*ਸਮਾਜਿਕ ਅਤੇ ਸਿਆਸੀ ਤਬਦੀਲੀਆਂ ਨੂੰ ਬਾਰੀਕੀ ਨਾਲ ਸਮਝਣਾ ਅਤੇ ਕਲਾ ਦੇ ਆਪਣੇ ਹੁਨਰ ਨਾਲ ਉਸ ਨੂੰ ਕਾਗਜ਼ ਉੱਪਰ ਉਲੀਕਣਾ ਜੇ ਤੁਹਾਡਾ ਸ਼ੌਕ ਹੈ ਤਾਂ ਕਾਰਟੂਨਿਸਟ ਬਣ ਕੇ ਤੁਸੀਂ ਆਪਣੇ ਇਸ ਸ਼ੌਕ ਨੂੰ ਕਰੀਅਰ ਦਾ ਰੂਪ ਦੇ ਸਕਦ

1984 ਦੇ ਸਿੱਖ ਕਤਲੇਆਮ ਦੇ ਜ਼ਖ਼ਮਾਂ 'ਤੇ ਲੂਣ ਛਿੜਕਣਾ ਬੰਦ ਕਰੋ, ਕਿਤਾਬਾਂ ਨਾਲ ਇਤਿਹਾਸ ਦੀ ਸੱਚਾਈ ਨਹੀਂ ਬਦਲੀ ਜਾ ਸਕਦੀ: ਕਾਲਕਾ ਤੇ ਕਾਹਲੋਂ

ਨਵੀਂ ਦਿੱਲੀ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ 1984 ਦੇ ਸਿੱਖ ਕਤਲੇਆਮ ਨਾਲ ਜੁੜੇ ਇਤਿਹਾਸਕ ਤੱਥਾਂ ਅਤੇ ਸਿੱਖ ਪੀੜਤ ਪਰਿਵਾਰਾਂ ਦੇ ਦਰਦ ਨੂੰ ਨਜ਼ਰਅੰਦਾਜ਼ ਕਰਦਿਆਂ ਗਾਂਧੀ ਪਰਿਵਾਰ ਦੇ ਯੋਗਦਾਨ ਨੂੰ ਜਿਸ ਢੰਗ ਨਾਲ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ, ਉਸ ਵਿਰੁੱਧ ਅੱਜ ਜ਼ੋਰਦਾਰ ਰੋਸ ਪ੍ਰਗਟਾਇਆ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਇਕ ਸਾਂਝੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ 42 ਸਾਲ ਬੀਤ ਜਾਣ ਦੇ ਬਾਵਜੂਦ ਨਵੰਬਰ 1984 ਦੇ ਜ਼ਖ਼ਮ ਸਿੱਖ ਕੌਮ ਦੇ ਹਿਰਦਿਆਂ ਵਿੱਚ ਅੱਜ ਵੀ ਅੱਲ੍ਹੇ ਹਨ। ਕਿਸੇ ਕਿਤਾਬ ਵਿੱਚ ਲਿਖੇ ਗਏ ਬਿਆਨਾਂ ਰਾਹੀਂ ਨਾ ਤਾਂ ਇਤਿਹਾਸਕ ਸੱਚਾਈ ਨੂੰ ਬਦਲਿਆ ਜਾ ਸਕਦਾ ਹੈ ਅਤੇ ਨਾ ਹੀ ਹਜ਼ਾਰਾਂ ਪੀੜਤ ਪਰਿਵਾਰਾਂ ਦੀਆਂ ਹੱਡਬੀਤੀਆਂ ਨੂੰ ਝੁਠਲਾਇਆ ਜਾ ਸਕਦਾ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਜੂਨ 1984 ਵਿੱਚ ਸ੍ਰੀ ਦਰਬਾਰ ਸਾਹਿਬ ਅਤੇ ਸਿੱਖ ਕੌਮ ਦੇ ਸਰਵਉੱਚ ਧਾਰਮਿਕ ਅਸਥਾਨ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਹੋਏ ਫੌਜੀ ਹਮਲੇ ਨੇ ਸਿੱਖ ਹਿਰਦਿਆਂ ਨੂੰ ਡੂੰਘੀ ਠੇਸ ਪਹੁੰਚਾਈ ਸੀ। ਇਸ ਤੋਂ ਕੁਝ ਮਹੀਨਿਆਂ ਬਾਅਦ ਨਵੰਬਰ 1984 ਵਿੱਚ ਸਿੱਖਾਂ ਵਿਰੁੱਧ ਹੋਈ ਦੰਗਿਆਂ ਨੇ ਹਜ਼ਾਰਾਂ ਪਰਿਵਾਰਾਂ ਨੂੰ ਉਜਾੜ ਦਿੱਤਾ। ਉਨਾਂ ਕਿਹਾ ਕਿ ਬੇਕਸੂਰ ਸਿੱਖਾਂ ਦੀਆਂ ਜਾਨਾਂ ਗਈਆਂ, ਘਰਾਂ ਅਤੇ ਕਾਰੋਬਾਰਾਂ ਨੂੰ ਤਬਾਹ ਕੀਤਾ ਗਿਆ ਅਤੇ ਗੁਰਦੁਆਰਿਆਂ ਨੂੰ ਵੀ ਨਿਸ਼ਾਨਾ ਬਣਾਇਆ ਗਿਆ। ਉਨ੍ਹਾਂ ਕਿਹਾ ਕਿ ਇਨ੍ਹਾਂ ਘਟਨਾਵਾਂ ਦੀ ਪੀੜ ਨੂੰ ਸਮਝਣ ਦੀ ਬਜਾਏ ਜੇਕਰ ਉਸ ਸਮੇਂ ਦੇ ਸੱਤਾਧਾਰੀ ਪਰਿਵਾਰ ਦੀ ਵਿਰਾਸਤ ਨੂੰ ਮਹਿਮਾਮੰਡਿਤ ਕਰਨ ਲਈ ਅਜਿਹਾ ਬਿਰਤਾਂਤ ਸਿਰਜਿਆ ਜਾਂਦਾ ਹੈ, ਜੋ ਸਿੱਖ ਪੀੜਤਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਉਂਦਾ ਹੈ, ਤਾਂ ਸਿੱਖ ਕੌਮ ਵੱਲੋਂ ਇਸ ਦਾ ਵਿਰੋਧ ਕਰਨਾ ਸੁਭਾਵਿਕ ਹੈ।



ਉਨ੍ਹਾਂ ਕਿਹਾ ਕਿ ਸੋਨੀਆ ਗਾਂਧੀ ਦੀ ਕਿਤਾਬ ਵਿੱਚ ਇੰਦਰਾ ਗਾਂਧੀ ਅਤੇ ਰਾਜੀਵ ਗਾਂਧੀ ਦੇ ਭਾਰਤ ਦੇਸ਼ ਨੂੰ ਜਿਸ ਢੰਗ ਨਾਲ ਪੇਸ਼ ਕੀਤਾ ਗਿਆ ਹੈ, ਉਸ ਨਾਲ 1984 ਦੇ ਪੀੜਤ ਪਰਿਵਾਰਾਂ ਦੇ ਮਨਾਂ ਵਿੱਚ ਕਈ ਗੰਭੀਰ ਸਵਾਲ ਪੈਦਾ ਹੁੰਦੇ ਹਨ। ਇੱਕ ਪਾਸੇ ਸ਼ਾਂਤੀ ਅਤੇ ਸਦਭਾਵਨਾ ਦੀਆਂ ਗੱਲਾਂ ਕੀਤੀਆਂ ਜਾਂਦੀਆਂ ਰਹੀਆਂ, ਪਰ ਦੂਜੇ ਪਾਸੇ ਸਿੱਖ ਕਤਲੇਆਮ ਨਾਲ ਸਬੰਧਤ ਮਾਮਲਿਆਂ ਵਿੱਚ ਦੋਸ਼ਾਂ ਦਾ ਸਾਹਮਣਾ ਕਰ ਰਹੇ ਆਗੂਆਂ ਨੂੰ ਸਿਆਸੀ ਸਰਪ੍ਰਸਤੀ ਮਿਲਣ ਦੇ ਦੋਸ਼ ਲੱਗਦੇ ਰਹੇ। ਉਨ੍ਹਾਂ ਕਿਹਾ ਕਿ ਰਾਜੀਵ ਗਾਂਧੀ ਦੇ ਯੋਗਦਾਨ ਬਾਰੇ ਕਿਤਾਬ ਵਿੱਚ ਕੀਤੀ ਗਈ ਪੇਸ਼ਕਾਰੀ ਨੂੰ 1984 ਦੇ ਮਾਮਲਿਆਂ ਵਿੱਚ ਅਦਾਲਤਾਂ ਸਾਹਮਣੇ ਦਰਜ ਹੋਈਆਂ ਗਵਾਹੀਆਂ ਅਤੇ ਪੀੜਤਾਂ ਦੇ ਬਿਆਨਾਂ ਨੂੰ ਹੀ ਦੇਖਿਆ ਜਾਣਾ ਚਾਹੀਦਾ ਹੈ।

ਸਰਦਾਰ ਕਾਲਕਾ ਨੇ ਕਿਹਾ ਕਿ ਸੱਜਣ ਕੁਮਾਰ, ਜਗਦੀਸ਼ ਟਾਈਟਲਰ ਅਤੇ ਕਮਲਨਾਥ ਵਰਗੇ ਕਾਂਗਰਸ ਆਗੂਆਂ ਦੇ ਯੋਗਦਾਨ ਨੂੰ ਲੈ ਕੇ ਸਿੱਖ ਕੌਮ ਲੰਮੇ ਸਮੇਂ ਤੋਂ ਸਵਾਲ ਉਠਾਉਂਦੀ ਅਤੇ ਇਨਸਾਫ਼ ਦੀ ਮੰਗ ਕਰਦੀ ਆ ਰਹੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਦੀਆਂ ਸਰਕਾਰਾਂ ਦੌਰਾਨ ਅਜਿਹੇ ਆਗੂਆਂ ਨੂੰ ਸਿਆਸੀ ਅਹੁਦਿਆਂ, ਵੱਡੀਆਂ ਸਹੂਲਤਾਂ ਨਾਲ ਨਿਵਾਜਿਆ ਜਾਂਦਾ ਰਿਹਾ। ਉਨ੍ਹਾਂ ਕਿਹਾ ਕਿ ਜਿਹੜੇ ਸਿੱਖ ਪਰਿਵਾਰ ਚਾਰ ਦਹਾਕਿਆਂ ਤੋਂ ਵੱਧ ਸਮੇਂ ਤੋਂ ਆਪਣੇ ਪਿਆਰਿਆਂ ਦੇ ਕਾਤਲਾਂ ਨੂੰ ਸਜ਼ਾਵਾਂ ਦਿਵਾਉਣ ਲਈ ਅਦਾਲਤਾਂ ਦੇ ਚੱਕਰ ਲਗਾ ਰਹੇ ਹਨ, ਉਨ੍ਹਾਂ ਦੇ ਦਰਦ ਨੂੰ ਨਜ਼ਰਅੰਦਾਜ਼ ਕਰਕੇ ਕਿਸੇ ਵੀ ਵਿਅਕਤੀ ਦੀ ਭੂਮਿਕਾ ਨੂੰ ਸਾਫ਼-ਸੁਥਰਾ ਦਿਖਾਉਣ ਦੀ ਕੋਸ਼ਿਸ਼ ਕਰਨਾ ਇਨਸਾਫ਼ ਦੀ ਭਾਵਨਾ ਦੇ ਉਲਟ ਹੈ।

ਉਨ੍ਹਾਂ ਕਿਹਾ ਕਿ ਜਿਨ੍ਹਾਂ ਮਾਵਾਂ ਨੇ ਆਪਣੇ ਪੁੱਤਰ ਗੁਆਏ, ਜਿਨ੍ਹਾਂ ਭੈਣਾਂ ਨੇ ਆਪਣੇ ਭਰਾ ਗੁਆਏ, ਜਿਨ੍ਹਾਂ ਪਤਨੀਆਂ ਦੇ ਸੁਹਾਗ ਉੱਜੜੇ ਅਤੇ ਜਿਨ੍ਹਾਂ ਬੱਚਿਆਂ ਦੇ ਸਿਰ ਤੋਂ ਪਿਤਾ ਦਾ ਸਾਇਆ ਉੱਠ ਗਿਆ, ਉਨ੍ਹਾਂ ਦੇ ਦਰਦ ਨੂੰ ਕੋਈ ਕਿਤਾਬੀ ਬਿਰਤਾਂਤ ਨਹੀਂ ਮਿਟਾ ਸਕਦਾ। ਅੱਜ ਵੀ ਕਈ ਸਿੱਖ ਪੀੜਤ ਪਰਿਵਾਰ ਇਨਸਾਫ਼ ਦੀ ਉਡੀਕ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਸਿੱਖ ਕੌਮ ਨੂੰ ਕਿਸੇ ਦੀ ਕਲੀਨ ਚਿੱਟ ਦੀ ਲੋੜ ਨਹੀਂ, ਸਗੋਂ ਇਤਿਹਾਸਕ ਸੱਚਾਈ ਦੀ ਸਵੀਕਾਰਤਾ, ਜਵਾਬਦੇਹੀ ਅਤੇ ਪੀੜਤਾਂ ਨੂੰ ਇਨਸਾਫ਼ ਦੀ ਲੋੜ ਹੈ।

ਇਸ ਮੌਕੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਕਿਹਾ ਕਿ 1984 ਦਾ ਸਿੱਖ ਕਤਲੇਆਮ ਸਿੱਖ ਇਤਿਹਾਸ ਦਾ ਅਜਿਹਾ ਕਾਲਾ ਸਮਾਂ ਹੈ, ਜਿਸ ਨੂੰ ਸਮੇਂ ਨਾਲ ਦਬਾਇਆ ਨਹੀਂ ਜਾ ਸਕਦਾ।

ਉਨ੍ਹਾਂ ਕਿਹਾ ਕਿ ਇਤਿਹਾਸ ਸਿਰਫ਼ ਸੱਤਾ ਵਿੱਚ ਰਹੇ ਲੋਕਾਂ ਦੇ ਬਿਆਨਾਂ ਨਾਲ ਨਹੀਂ ਬਣਦਾ, ਸਗੋਂ ਉਸ ਵਿੱਚ ਸਿੱਖ ਪੀੜਤਾਂ ਦੀਆਂ ਗਵਾਹੀਆਂ, ਉਨ੍ਹਾਂ ਦੀਆਂ ਹੱਡਬੀਤੀਆਂ ਅਤੇ ਸਮਾਜ ਦੀ ਸਾਂਝੀ ਯਾਦ ਵੀ ਸ਼ਾਮਲ ਹੁੰਦੀ ਹੈ। ਜੇਕਰ ਕਿਸੇ ਕਿਤਾਬ ਰਾਹੀਂ ਇਨ੍ਹਾਂ ਤੱਥਾਂ ਅਤੇ ਪੀੜਤਾਂ ਦੇ ਕੌੜੇ ਸੱਚ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ ਤਾਂ ਉਸ ਵਿਰੁੱਧ ਆਵਾਜ਼ ਉਠਾਉਣਾ ਸਾਡਾ ਨੈਤਿਕ ਫ਼ਰਜ਼ ਹੈ।

ਉਨ੍ਹਾਂ ਕਿਹਾ ਕਿ ਇਹ ਸੰਘਰਸ਼ ਕਿਸੇ ਇੱਕ ਸਿਆਸੀ ਪਾਰਟੀ ਦੇ ਵਿਰੋਧ ਤੱਕ ਸੀਮਤ ਨਹੀਂ, ਬਲਕਿ ਸੱਚਾਈ, ਨਿਆਂ ਅਤੇ ਮਨੁੱਖੀ ਅਧਿਕਾਰਾਂ ਦੀ ਰੱਖਿਆ ਨਾਲ ਜੁੜਿਆ ਹੋਇਆ ਹੈ। ਸਿੱਖ ਕੌਮ ਚਾਹੁੰਦੀ ਹੈ ਕਿ 1984 ਦੇ ਪੀੜਤਾਂ ਨੂੰ ਇਨਸਾਫ਼ ਮਿਲੇ ਅਤੇ ਇਸ ਦਰਦਨਾਕ ਇਤਿਹਾਸ ਨੂੰ ਬਿਨਾਂ ਕਿਸੇ ਸਿਆਸੀ ਪੱਖਪਾਤ ਦੇ ਸਵੀਕਾਰ ਕੀਤਾ ਜਾਵੇ।

ਇਸੇ ਰੋਸ ਦੇ ਪ੍ਰਗਟਾਵੇ ਵਜੋਂ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਕਿਤਾਬ ਦੀ ਲੇਖਿਕਾ ਅਤੇ ਇਸ ਦੇ ਪ੍ਰਕਾਸ਼ਨ ਨਾਲ ਜੁੜੇ ਲੋਕਾਂ ਪ੍ਰਤੀ ਆਪਣਾ ਵਿਰੋਧ ਦਰਜ ਕਰਵਾਇਆ ਗਿਆ। ਇਸ ਦੌਰਾਨ ਸੋਨੀਆ ਗਾਂਧੀ ਨਾਲ ਜੋੜੀ ਜਾ ਰਹੀ ਕਿਤਾਬ ਨੂੰ 1984 ਦੇ ਪੀੜਤਾਂ ਦੀ ਯਾਦ ਵਿੱਚ ਬਣਾਈ ਗਈ ਯਾਦਗਾਰ ਵਾਲੇ ਸਥਾਨ 'ਤੇ ਸਾੜਿਆ ਗਿਆ। ਇਹ ਪ੍ਰਦਰਸ਼ਨ ਉਨ੍ਹਾਂ ਹਜ਼ਾਰਾਂ ਬੇਕਸੂਰ ਲੋਕਾਂ ਦੀ ਯਾਦ ਨੂੰ ਸਮਰਪਿਤ ਸੀ, ਜਿਨ੍ਹਾਂ ਨੇ ਉਸ ਕਾਲੇ ਦੌਰ ਦੌਰਾਨ ਆਪਣੀਆਂ ਜਾਨਾਂ ਗੁਆਈਆਂ ਅਤੇ ਉਨ੍ਹਾਂ ਪਰਿਵਾਰਾਂ ਦੀ ਆਵਾਜ਼ ਸੀ, ਜੋ ਅੱਜ ਵੀ ਇਨਸਾਫ਼ ਲਈ ਸੰਘਰਸ਼ ਕਰ ਰਹੇ ਹਨ।

ਰੋਸ ਪ੍ਰਦਰਸ਼ਨ ਵਿੱਚ 1984 ਦੇ ਪੀੜਤ ਪਰਿਵਾਰਾਂ ਦੀਆਂ ਵੱਡੀ ਗਿਣਤੀ ਵਿੱਚ ਮਹਿਲਾਵਾਂ ਅਤੇ ਸਿੱਖ ਸੰਗਤਾਂ ਨੇ ਸ਼ਮੂਲੀਅਤ ਕੀਤੀ। ਕਾਲਕਾ ਅਤੇ ਕਾਹਲੋਂ ਨੇ ਕਿਹਾ ਕਿ ਇਨ੍ਹਾਂ ਮਹਿਲਾਵਾਂ ਦੀ ਹਾਜ਼ਰੀ ਇਸ ਗੱਲ ਦਾ ਪ੍ਰਮਾਣ ਹੈ ਕਿ 1984 ਦੀ ਤ੍ਰਾਸਦੀ ਸਿਰਫ਼ ਇਤਿਹਾਸ ਦਾ ਇੱਕ ਪੰਨਾ ਨਹੀਂ, ਸਗੋਂ ਹਜ਼ਾਰਾਂ ਪਰਿਵਾਰਾਂ ਦੀ ਅੱਜ ਵੀ ਜਿਊਂਦੀ ਹਕੀਕਤ ਹੈ।

ਦੋਵੇਂ ਆਗੂਆਂ ਨੇ ਕਿਹਾ ਕਿ ਸਿੱਖ ਕੌਮ ਆਪਣੀਆਂ ਸ਼ਹਾਦਤਾਂ, ਕੁਰਬਾਨੀਆਂ ਅਤੇ ਇਤਿਹਾਸਕ ਵਿਰਾਸਤ ਬਾਰੇ ਕਿਸੇ ਵੀ ਇਕਪਾਸੜ ਪੇਸ਼ਕਾਰੀ ਨੂੰ ਚੁੱਪਚਾਪ ਸਵੀਕਾਰ ਨਹੀਂ ਕਰੇਗੀ। ਜਦੋਂ ਤੱਕ ਆਖ਼ਰੀ ਪੀੜਤ ਪਰਿਵਾਰ ਨੂੰ ਇਨਸਾਫ਼ ਨਹੀਂ ਮਿਲਦਾ ਅਤੇ 1984 ਦੀਆਂ ਘਟਨਾਵਾਂ ਨਾਲ ਜੁੜੀ ਸੱਚਾਈ ਨੂੰ ਪੂਰੀ ਇਮਾਨਦਾਰੀ ਨਾਲ ਸਵੀਕਾਰ ਨਹੀਂ ਕੀਤਾ ਜਾਂਦਾ, ਉਦੋਂ ਤੱਕ ਇਨਸਾਫ਼ ਦੀ ਇਹ ਆਵਾਜ਼ ਬੁਲੰਦ ਰਹੇਗੀ।

ਮੇਜਰ (ਡਾ.) ਸੁਮਿਤ ਮੁੱਧ ਨੇ ਏ.ਡੀ.ਸੀ. (ਜਨਰਲ) ਵਜੋਂ ਸੰਭਾਲਿਆ ਅਹੁਦਾ

ਹੁਸ਼ਿਆਰਪੁਰ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੀ.ਸੀ.ਐਸ. ਅਧਿਕਾਰੀ ਮੇਜਰ (ਡਾ.) ਸੁਮਿਤ ਮੁੱਧ ਨੇ ਬੁੱਧਵਾਰ ਨੂੰ ਇੱਥੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਵਜੋਂ ਅਹੁਦਾ ਸੰਭਾਲਿਆ।

ਪੰਜਾਬ ਸਿਵਲ ਸੇਵਾਵਾਂ ਦੇ 2016 ਬੈਚ ਦੇ ਅਧਿਕਾਰੀ ਮੇਜਰ (ਡਾ.) ਸੁਮਿਤ ਮੁੱਧ ਨੇ ਅਹੁਦਾ ਸੰਭਾਲਣ ਉਪਰੰਤ ਸੰਬੰਧਤ ਬਰਾਂਚਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕਰਦਿਆਂ ਨਾਗਰਿਕ ਸੇਵਾਵਾਂ ਨਾਲ ਸੰਬੰਧਤ ਅਰਜ਼ੀਆਂ ਦੀ ਪੈਂਡੈਂਸੀ ਆਦਿ ਦਾ ਜਾਇਜ਼ਾ ਲਿਆ। ਉਨ੍ਹਾਂ ਕਿਹਾ ਕਿ ਘੱਟ ਤੋਂ ਘੱਟ ਸਮੇਂ ਵਿੱਚ ਜਨਤਕ ਸਮੱਸਿਆਵਾਂ ਦਾ ਹੱਲ, ਨਾਗਰਿਕ ਸੇਵਾਵਾਂ ਦੀ ਸਮੇਂ ਸਿਰ ਮੁਹੱਈਆ ਕਰਵਾਉਣਾ ਅਤੇ ਜ਼ਿਲ੍ਹੇ ਵਿੱਚ ਹੋਰ ਵੀ ਬੇਹਤਰ ਢੰਗ ਨਾਲ ਪ੍ਰਸ਼ਾਸਕੀ ਕੰਮਾਂ ਨੂੰ ਨੇਪਰੇ ਚਾੜ੍ਹਨਾ ਉਨ੍ਹਾਂ ਦੀ ਮੁੱਖ ਤਰਜੀਹ ਰਹੇਗੀ। ਮੇਜਰ (ਡਾ.) ਸੁਮਿਤ ਮੁੱਧ ਇਸ ਤੋਂ ਪਹਿਲਾਂ ਕਪੂਰਥਲਾ, ਫਗਵਾੜਾ, ਬਾਬਾ ਬਕਾਲਾ ਤੇ। ਪਠਾਨਕੋਟ ਵਿਖੇ ਐਸ.ਡੀ.ਐਮ. ਤੋਂ ਇਲਾਵਾ ਲੁਧਿਆਣਾ ਵਿਖੇ ਜੁਆਇੰਟ ਕਮਿਸ਼ਨਰ ਅਤੇ ਹੁਸ਼ਿਆਰਪੁਰ ਵਿਖੇ ਸਹਾਇਕ ਕਮਿਸ਼ਨਰ (ਜਨਰਲ) ਵਜੋਂ ਸੇਵਾਵਾਂ ਨਿਭਾਅ ਚੁੱਕੇ ਹਨ। ਉਨ੍ਹਾਂ ਕਿਹਾ ਕਿ ਆਮ ਜਨਤਾ ਦੀ ਸਹੂਲਤ ਲਈ ਜ਼ਿਲ੍ਹੇ ਵਿੱਚ ਚੱਲ ਰਹੇ ਵੱਖ-ਵੱਖ ਪ੍ਰੋਜੈਕਟਾਂ ਦੀ ਗਤੀ ਨੂੰ ਵੀ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਿਰਧਾਰਤ ਸਮੇਂ ਦੇ ਅੰਦਰ ਸਾਰੇ ਸੇਵਾ ਕੇਂਦਰਾਂ ਵਿੱਚ ਸੇਵਾਵਾਂ ਦੀ ਲ ਪ੍ਰਸ਼ਾਸਨਿਕ ਸੁਧਾਰਾਂ ਨੂੰ ਹੋਰ ਮਜ਼ਬੂਤ ਕਰਨ ਦੇ ਯਤਨ ਕੀਤੇ ਜਾਣਗੇ। ਉਨ੍ਹਾਂ ਅਧਿਕਾਰੀਆਂ/ਕਰਮਚਾਰੀਆਂ ਨੂੰ ਆਪਣੀ ਡਿਊਟੀ ਪੂਰੀ ਲਗਨ ਅਤੇ ਪੇਸ਼ੇਵਾਰਾਨਾ ਢੰਗ ਨਾਲ ਨਿਭਾਉਣ ਦੀ ਤਾਕੀਦ ਕੀਤੀ।

ਪੰਜਾਬ ਸਰਕਾਰ ਵੱਲੋਂ ਟੀ.ਏ. ਆਰਮੀ ਭਰਤੀ ਲਈ ਮੁਫ਼ਤ ਫਿਜ਼ੀਕਲ ਕੈਂਪ ਸ਼ੁਰੂ

ਫਾਜ਼ਿਲਕਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਸਰਕਾਰ ਦੇ ਰੋਜ਼ਗਾਰ ਉਤਪੱਤੀ ਤੇ ਟ੍ਰੇਨਿੰਗ ਵਿਭਾਗ ਦੇ ਅਦਾਰੇ ਸੀ-ਪਾਈਟ ਕੈਂਪ, ਪਿੰਡ ਕਾਲਝਰਾਣੀ ਜ਼ਿਲ੍ਹਾ ਬਠਿੰਡਾ (ਬਾਦਲ - ਲੰਬੀ ਰੋਡ) ਵੱਲੋਂ ਫਾਜ਼ਿਲਕਾ, ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ, ਬਠਿੰਡਾ ਦੇ ਯੁਵਕਾਂ ਲਈ ਟੀ.ਏ. ਆਰਮੀ (Territorial Army) ਦੇ ਫਿਜ਼ੀਕਲ ਟੈਸਟ ਦੀ ਤਿਆਰੀ ਲਈ ਮੁਫਤ ਸਿਖਲਾਈ ਕੈਂਪ ਸ਼ੁਰੂ ਕੀਤਾ ਜਾ ਰਿਹਾ ਹੈ, ਇਹ ਜਾਣਕਾਰੀ ਸਿਖਲਾਈ ਅਧਿਕਾਰੀ, ਸੀ-ਪਾਈਟ ਕੈਂਪ ਕਾਲਝਰਾਣੀ ਕੈਂਪਟਨ ਲਖਵਿੰਦਰ ਸਿੰਘ ਨੇ ਦਿੱਤੀ।

ਉਨ੍ਹਾਂ ਦੱਸਿਆ ਕਿ ਟੀ.ਏ. (Territorial Army) ਭਰਤੀ ਲਈ ਉਕਤ ਜ਼ਿਲਿਆਂ ਦੇ ਸਿਖਲਾਈ ਲੈਣ ਦੇ ਚਾਹਵਾਨ ਯੁਵਕ ਦਸਵੀਂ ਜਮਾਤ ਦੇ ਸਰਟੀਫਿਕੇਟ ਦੀ ਫੋਟੋ ਕਾਪੀ, ਅਧਾਰ ਕਾਰਡ ਅਤੇ ਜਾਤੀ ਸਰਟੀਫਿਕੇਟ ਦੀ ਫੋਟੋ ਕਾਪੀ ਅਤੇ 02 ਪਾਸਪੋਰਟ ਸਾਈਜ਼ ਫੋਟੋਆਂ ਸਮੇਤ ਬਾਦਲ - ਲੰਬੀ ਮੇਨ ਰੋਡ 'ਤੇ ਪੈਂਦੇ ਪਿੰਡ ਕਾਲਝਰਾਣੀ ਵਿਖੇ ਸੀ-ਪਾਈਟ ਕੈਂਪ ਵਿੱਚ ਨਿੱਜੀ ਤੌਰ 'ਤੇ ਮਿਤੀ 13 ਨਵੰਬਰ 2026 ਤੋਂ ਸਵੇਰੇ 09:00 ਵਜੇ ਪਹੁੰਚ ਕੇ ਸਿਖਲਾਈ ਲਈ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਐਸ.ਐਸ.ਸੀ. (ਜੀ.ਡੀ.) ਦੇ ਲਿਖਤੀ ਪੇਪਰ ਦੀ ਤਿਆਰੀ ਵੀ ਕਰਵਾਈ ਜਾਵੇਗੀ, ਜਿਨ੍ਹਾਂ ਯੁਵਕਾਂ ਨੇ ਐਸ.ਐਸ.ਸੀ. ਵਿੱਚ ਅਪਲਾਈ ਕੀਤਾ ਹੋਇਆ ਹੈ, ਉਹ ਵੀ ਲਿਖਤੀ ਪ੍ਰੀਖਿਆ ਦੀ ਤਿਆਰੀ ਲਈ ਆ ਸਕਦੇ ਹਨ। ਉਨ੍ਹਾਂ ਦੱਸਿਆ ਕਿ ਸਿਖਲਾਈ ਦੌਰਾਨ ਯੁਵਕਾਂ ਨੂੰ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਖਾਣਾ ਅਤੇ ਰਿਹਾਇਸ਼ ਮੁਫਤ ਦਿੱਤੀ ਜਾਵੇਗੀ। ਵਧੇਰੇ ਜਾਣਕਾਰੀ ਲਈ 94641-52013 ਅਤੇ 94638-31615 ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ।

ਮਾਨ ਸਰਕਾਰ ਵਿੱਚ ਆਲਮੀ ਕੰਪਨੀਆਂ ਦਾ ਭਰੋਸਾ ਵਧਿਆ: 2 ਲੱਖ ਕਰੋੜ ਰੁਪਏ ਦੇ ਨਿਵੇਸ਼ ਪ੍ਰਸਤਾਵ ਪ੍ਰਾਪਤ ਹੋਏ, 6.63 ਲੱਖ ਨੌਕਰੀਆਂ ਪੈਦਾ ਹੋਣਗੀਆਂ: ਅਮਨ ਅਰੋੜਾ

ਚੰਡੀਗੜ੍ਹ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਪੰਜਾਬ ਦੇ ਉਦਯੋਗਿਕ ਢਾਂਚੇ ਨੂੰ ਵੱਡਾ ਹੁਲਾਰਾ ਦਿੰਦਿਆਂ ਪੰਜਾਬ ਦੇ ਉਦਯੋਗ ਅਤੇ ਵਣਜ ਤੇ ਨਿਵੇਸ਼ ਪ੍ਰੋਤਸਾਹਨ ਮੰਤਰੀ ਸ੍ਰੀ ਅਮਨ ਅਰੋੜਾ ਨੇ ਅੱਜ ਦੱਸਿਆ ਕਿ ਜਾਪਾਨੀ ਪੈਕੇਜਿੰਗ ਕੰਪਨੀ 'ਟੋਪਨ ਸਪੈਸ਼ਲਿਟੀ ਫਿਲਮਜ਼ ਪ੍ਰਾਈਵੇਟ ਲਿਮਟਿਡ' (ਟੀਐਸਐਵੀ) ਵੱਲੋਂ ਆਪਣੇ ਪਲਾਂਟ ਦੇ ਵਿਆਪਕ ਵਿਸਤਾਰ ਦਾ ਐਲਾਨ ਕੀਤਾ ਗਿਆ ਹੈ। ਜਾਪਾਨ ਦੀ 'ਟੋਪਨ ਹੋਲਡਿੰਗਜ਼ ਇੰਕ.' ਦੀ ਸਹਾਇਕ ਕੰਪਨੀ, 'ਟੋਪਨ ਸਪੈਸ਼ਲਿਟੀ ਫਿਲਮਜ਼' ਵੱਲੋਂ ਸ਼ਹੀਦ ਭਗਤ ਸਿੰਘ ਨਗਰ ਜ਼ਿਲ੍ਹੇ ਦੇ ਪਿੰਡ ਰੈਲ ਮਾਜਰਾ ਵਿਖੇ ਸਥਿਤ ਆਪਣੀ ਨਿਰਮਾਣ ਇਕਾਈ ਦਾ 244 ਕਰੋੜ ਰੁਪਏ ਦੇ ਨਿਵੇਸ਼ ਨਾਲ ਵਿਸਤਾਰ ਕੀਤਾ ਜਾ ਰਿਹਾ ਹੈ।

ਇਹ ਐਲਾਨ ਉਦਯੋਗ ਮੰਤਰੀ ਨੇ ਇੱਥੇ ਪੰਜਾਬ ਭਵਨ ਵਿਖੇ ਇੱਕ ਪ੍ਰੈਸ ਕਾਨਫਰੰਸ ਦੌਰਾਨ ਕੀਤਾ। ਇਸ ਮੌਕੇ ਉਨ੍ਹਾਂ ਦੇ ਨਾਲ 'ਟੋਪਨ ਸਪੈਸ਼ਲਿਟੀ ਫਿਲਮਜ਼' ਦੇ ਮੁੱਖ ਵਿੱਤੀ ਅਧਿਕਾਰੀ (ਸੀਐਫਓ) ਅਤੇ ਹੋਲ-ਟਾਈਮ ਡਾਇਰੈਕਟਰ ਸ੍ਰੀ ਅਮਿਤ ਜੈਨ ਵੀ ਮੌਜੂਦ ਸਨ। ਇਸ ਮੌਕੇ ਉਦਯੋਗ ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰ

ਫਿਲਪੀਨਜ਼ 'ਚ ਨਰਿੰਦਰ ਮੋਦੀ ਤੇ ਡੋਨਲਡ ਟਰੰਪ ਦੀ ਮੁਲਾਕਾਤ

ਮਨੀਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਅਮਰੀਕੀ ਰਾਸ਼ਟਰਪਤੀ ਡੋਨਲਡ ਟਰੰਪ ਨੇ ਮੰਗਲਵਾਰ ਨੂੰ ਫਿਲਪੀਨਜ਼ ਦੀ ਰਾਜਧਾਨੀ ਮਨੀਲਾ ਵਿੱਚ ਮੁਲਾਕਾਤ ਕੀਤੀ। ਦੋਵੇਂ ਆਗੂ ਇੱਥੇ ਹੋ ਰਹੀ ਕੁਆਡ ਬੈਠਕ ਵਿੱਚ ਸ਼ਾਮਲ ਹੋਏ। ਇਸ ਮੌਕੇ ਟਰੰਪ ਨੇ ਮੋਦੀ ਦੀ ਤਾਰੀਫ਼ ਕਰਦਿਆਂ ਉਨ੍ਹਾਂ ਨੂੰ ਬੇਹੱਦ ਮਜ਼ਬੂਤ ਅਤੇ ਸਖ਼ਤ ਇਨਸਾਨ ਦੱਸਿਆ।

ਮੋਦੀ ਨੇ ਵੀ ਟਰੰਪ ਨਾਲ ਆਪਣੇ ਨੇੜਲੇ ਸੰਪਰਕ ਦਾ ਜ਼ਿਕਰ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਅਮਰੀਕੀ ਰਾਸ਼ਟਰਪਤੀ ਨਾਲ ਅਕਸਰ ਗੱਲਬਾਤ ਹੁੰਦੀ ਰਹਿੰਦੀ ਹੈ। ਉਨ੍ਹਾਂ ਕਿਹਾ ਕਿ ਅੱਜ ਦੀ ਕੁਆਡ ਬੈਠਕ ਭਵਿੱਖ ਦੀ ਮਜ਼ਬੂਤ ਨੀਂਹ ਰੱਖੇਗੀ।

ਛੇ ਮਹੀਨਿਆਂ ਵਿੱਚ ਦੋਵਾਂ ਆਗੂਆਂ ਦੀ ਇਹ ਦੂਜੀ ਮੁਲਾਕਾਤ ਹੈ। ਇਸ ਤੋਂ ਪਹਿਲਾਂ ਉਹ 17 ਜੂਨ ਨੂੰ ਫਰਾਂਸ ਵਿੱਚ ਹੋਏ ਜੀ-7 ਸਿਖਰ ਸੰਮੇਲਨ ਦੌਰਾਨ ਮਿਲੇ ਸਨ।

ਮਨੀਲਾ ਵਿੱਚ ਹੋਈ ਕੁਆਡ ਮੀਟਿੰਗ ਵਿੱਚ ਮੋਦੀ ਅਤੇ ਟਰੰਪ ਤੋਂ ਇਲਾਵਾ ਜਾਪਾਨ ਦੀ ਪ੍ਰਧਾਨ ਮੰਤਰੀ ਸਾਨੇ ਤਾਕਾਇਚੀ ਅਤੇ ਆਸਟਰੇਲੀਆ ਦੇ ਪ੍ਰਧਾਨ ਮੰਤਰੀ ਐਂਥਨੀ ਅਲਬਨੀਜ਼ ਨੇ ਵੀ ਹਿੱਸਾ ਲਿਆ।

ਟਰੰਪ ਦੀ ਇਰਾਨ ਨੂੰ ਸਖ਼ਤ ਚਿਤਾਵਨੀ ਇਸ ਦੌਰਾਨ ਇਰਾਨ ਵੱਲੋਂ ਅਮਰੀਕਾ 'ਤੇ ਹਮਲੇ ਦੇ ਖ਼ਤਰੇ ਬਾਰੇ ਪੁੱਛੇ ਸਵਾਲ ਦੇ ਜਵਾਬ ਵਿੱਚ ਟਰੰਪ ਨੇ ਸਖ਼ਤ ਚਿਤਾਵਨੀ ਦਿੱਤੀ। ਉਨ੍ਹਾਂ ਕਿਹਾ ਕਿ ਜੇ ਇਰਾਨ ਵੱਲੋਂ ਅਜਿਹਾ ਕੋਈ ਖ਼ਤਰਾ ਪੈਦਾ ਕੀਤਾ ਗਿਆ ਤਾਂ ਉਸ ਨੂੰ ਅਜਿਹੀ ਭਾਰੀ ਕੀਮਤ ਚੁਕਾਉਣੀ ਪਵੇਗੀ, ਜਿਹੀ ਜਿਹੀ ਅੱਜ ਤੱਕ ਕਿਸੇ ਦੇਸ਼ ਨੇ ਨਹੀਂ ਚੁਕਾਈ।

ਭਾਜਪਾ ਪੰਜਾਬ ਦੀਆਂ ਸਾਰੀਆਂ 117 ਵਿਧਾਨ ਸਭਾ ਸੀਟਾਂ 'ਤੇ ਚੋਣ ਲੜੇਗੀ: ਪਾਟਿਲ

ਕੇਂਦਰੀ ਮੰਤਰੀ ਨੇ ਅਕਾਲੀ ਦਲ ਨਾਲ ਗੱਠਜੋੜ ਬਾਰੇ ਕੋਈ ਜਾਣਕਾਰੀ ਹੋਣ ਤੋਂ ਕੀਤਾ ਇਨਕਾਰ; ਪੰਜਾਬ ਵਿੱਚ ਭਾਜਪਾ ਦੀ ਸਰਕਾਰ ਬਣਾਉਣ ਦਾ ਦਾਅਵਾ

ਚੰਡੀਗੜ੍ਹ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਕੇਂਦਰੀ ਮੰਤਰੀ ਅਤੇ ਪੰਜਾਬ ਭਾਜਪਾ ਦੇ ਚੋਣ ਇੰਚਾਰਜ ਸੀ ਆਰ ਪਾਟਿਲ ਨੇ ਅੱਜ ਕਿਹਾ ਕਿ ਭਾਜਪਾ ਪੰਜਾਬ ਵਿਧਾਨ ਸਭਾ ਦੀਆਂ ਸਾਰੀਆਂ 117 ਸੀਟਾਂ 'ਤੇ ਚੋਣ ਲੜੇਗੀ। ਉਨ੍ਹਾਂ ਅਕਾਲੀ ਦਲ ਜਾਂ ਕਿਸੇ ਹੋਰ ਪਾਰਟੀ ਨਾਲ ਗੱਠਜੋੜ ਬਾਰੇ ਮੀਟਿੰਗ ਵਿੱਚ ਸ਼ਾਮਲ ਹੋਣ ਤੋਂ ਇਨਕਾਰ ਕਰਦਿਆਂ ਕਿਹਾ ਕਿ ਗੱਠਜੋੜ ਬਾਰੇ ਫ਼ੈਸਲਾ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਨੇ ਕਰਨਾ ਹੈ ਅਤੇ ਇਹ ਮਾਮਲਾ ਉਨ੍ਹਾਂ ਦੇ ਅਧਿਕਾਰ ਖੇਤਰ ਵਿੱਚ ਨਹੀਂ ਆਉਂਦਾ।

ਚੰਡੀਗੜ੍ਹ ਸਥਿਤ ਭਾਜਪਾ ਦੇ ਸੂਬਾਈ ਦਫ਼ਤਰ ਵਿੱਚ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਾਟਿਲ ਨੇ ਦਾਅਵਾ ਕੀਤਾ ਕਿ ਭਾਜਪਾ ਪੰਜਾਬ ਵਿੱਚ ਸਰਕਾਰ ਬਣਾਏਗੀ। ਉਨ੍ਹਾਂ ਕਿਹਾ, ਜਿਵੇਂ ਹੋਰਨਾਂ ਸੂਬਿਆਂ ਵਿੱਚ ਭਾਜਪਾ ਜਿੱਤ ਰਹੀ ਹੈ, ਉਸੇ ਤਰ੍ਹਾਂ ਪੰਜਾਬ ਵਿੱਚ ਵੀ ਵਿਧਾਨ ਸਭਾ ਚੋਣਾਂ ਜਿੱਤੇਗੀ। ਮੇਰੇ ਅਨੁਸਾਰ ਪੰਜਾਬ ਦੀ ਸਿਆਸੀ ਸਥਿਤੀ ਇਹੀ ਕਹਿੰਦੀ ਹੈ।

ਸੁਖਬੀਰ ਬਾਦਲ ਨਾਲ ਮੀਟਿੰਗ ਤੋਂ ਕੀਤਾ ਇਨਕਾਰ

ਭਾਜਪਾ-ਅਕਾਲੀ ਗੱਠਜੋੜ ਬਾਰੇ ਪੁੱਛੇ ਸਵਾਲ 'ਤੇ ਉਨ੍ਹਾਂ ਕਿਹਾ ਕਿ ਪਾਰਟੀ ਜੋ ਵੀ ਫ਼ੈਸਲਾ ਕਰੇਗੀ, ਉਸ ਬਾਰੇ ਸਭ ਨੂੰ ਪਤਾ ਲੱਗ ਜਾਵੇਗਾ। ਸੁਖਬੀਰ ਸਿੰਘ ਬਾਦਲ ਨਾਲ ਮੀਟਿੰਗ ਬਾਰੇ ਪੁੱਛਣ 'ਤੇ ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਕੋਈ ਮੁਲਾਕਾਤ ਨਹੀਂ ਹੋਈ। ਉਨ੍ਹਾਂ ਕਿਹਾ, ਮੈਂ ਭਾਜਪਾ ਦਾ ਇਕ ਆਮ ਵਰਕਰ ਹਾਂ। ਜੇ ਕੋਈ ਮੀਟਿੰਗ ਹੋਣੀ ਹੈ ਤਾਂ ਸਾਡੇ ਸੀਨੀਅਰ ਆਗੂ ਕਰਨਗੇ। ਮੈਂ ਇਸ ਵਿੱਚ ਸ਼ਾਮਲ ਨਹੀਂ ਹਾਂ।

ਉਨ੍ਹਾਂ ਸਪੱਸ਼ਟ ਕੀਤਾ ਕਿ ਉਹ ਪਾਰਟੀ ਦਫ਼ਤਰ ਵਿੱਚ ਕੋਈ ਮੀਟਿੰਗ ਕਰਨ ਨਹੀਂ ਆਏ ਸਗੋਂ ਵਰਕਰਾਂ ਨੂੰ ਮਿਲਣ ਆਏ ਹਨ। ਇਸ ਮੌਕੇ ਸੂਬਾ ਪ੍ਰਧਾਨ ਕੇਵਲ ਢਿੱਲੋਂ, ਮੀਡੀਆ ਇੰਚਾਰਜ ਵਿਨੀਤ ਜੋਸ਼ੀ ਅਤੇ ਮੀਤ ਪ੍ਰਧਾਨ ਡਾ. ਸੁਭਾਸ਼ ਸ਼ਰਮਾ ਮੌਜੂਦ ਸਨ। ਰਾਜ ਸਭਾ ਮੈਂਬਰ ਸਤਨਾਮ ਸਿੰਘ ਸੰਧੂ ਉਨ੍ਹਾਂ ਨੂੰ ਦਫ਼ਤਰ ਲੈ ਕੇ ਆਏ।

ਕਰਤਾਰਪੁਰ ਲਾਂਘਾ ਮੁੜ ਖੋਲ੍ਹਣ ਦੀ ਉਮੀਦ

ਕਰਤਾਰਪੁਰ ਲਾਂਘਾ ਮੁੜ ਖੋਲ੍ਹਣ ਦੇ ਯਤਨਾਂ ਬਾਰੇ ਪਾਟਿਲ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਪਹਿਲਾਂ ਵੀ ਇਸ ਨੂੰ ਖੁਲ੍ਹਵਾਉਣ ਲਈ ਯਤਨ ਕੀਤੇ ਸਨ ਅਤੇ ਉਹ ਇਸ ਵਿੱਚ ਸਫ਼ਲ ਰਹੇ ਸਨ। ਉਨ੍ਹਾਂ ਭਰੋਸਾ ਜਤਾਇਆ ਕਿ ਪ੍ਰਧਾਨ ਮੰਤਰੀ ਸਿੱਖ ਭਾਈਚਾਰੇ ਦੀਆਂ ਭਾਵਨਾਵਾਂ ਦਾ ਸਤਿਕਾਰ ਕਰਦਿਆਂ ਮੁੜ ਯਤਨ ਕਰਨਗੇ।

ਪੰਜਾਬ ਵਿੱਚ 2027 ਦੀਆਂ ਚੋਣਾਂ ਦੀਆਂ ਤਿਆਰੀਆਂ ਬਾਰੇ ਉਨ੍ਹਾਂ ਕਿਹਾ ਕਿ ਉਹ ਜਨਤਕ ਰੈਲੀਆਂ ਨਹੀਂ ਕਰਦੇ, ਸਗੋਂ ਪਾਰਟੀ ਵਰਕਰਾਂ ਨਾਲ ਮੁਲਾਕਾਤ ਕਰਨਗੇ ਅਤੇ ਸੀਨੀਅਰ ਆਗੂਆਂ ਦੀ ਸਲਾਹ ਅਨੁਸਾਰ ਕੰਮ ਕਰਨਗੇ। ਉਹ ਅੱਜ ਸਨਅਤਕਾਰਾਂ ਨਾਲ ਵੀ ਮੁਲਾਕਾਤ ਕਰ ਕੇ ਉਨ੍ਹਾਂ ਨੂੰ ਪਾਰਟੀ ਨਾਲ ਜੋੜਨ ਦੇ ਯਤਨ ਕਰਨਗੇ।

ਕੈਪਟਨ ਅਮਰਿੰਦਰ ਸਿੰਘ ਵੱਲੋਂ ਸੋਨੀਆ ਗਾਂਧੀ ਦੀ ਕਿਤਾਬ ਦੇ ਸਮਾਗਮ ਵਿੱਚ ਸ਼ਾਮਲ ਹੋਣ ਬਾਰੇ ਉਨ੍ਹਾਂ ਕਿਹਾ ਕਿ ਕਿਸੇ ਨੂੰ ਵੀ ਅਜਿਹੇ ਸਮਾਗਮਾਂ ਵਿੱਚ ਜਾਣ ਤੋਂ ਰੋਕਿਆ ਨਹੀਂ ਜਾ ਸਕਦਾ। ਸੋਨੀਆ ਗਾਂਧੀ ਦੀ ਕਿਤਾਬ ਵਿੱਚ 1984 ਦੇ ਸਿੱਖ ਕਤਲੇਆਮ ਦਾ ਜ਼ਿਕਰ ਨਾ ਹੋਣ ਬਾਰੇ ਉਨ੍ਹਾਂ ਕਿਹਾ ਕਿ ਉਨ੍ਹਾਂ ਨੇ ਕਿਤਾਬ ਪੜ੍ਹੀ ਨਹੀਂ, ਇਸ ਲਈ ਕੋਈ ਟਿੱਪਣੀ ਨਹੀਂ ਕਰ ਸਕਦੇ।

ਨੂਰਪੁਰਬੇਦੀ ਬਲਾਕ ਦੇ ਪਿੰਡਾਂ ਨੂੰ ਖੇਤਾਂ ਲਈ ਨਹਿਰੀ ਪਾਣੀ ਮਿਲਣ ਦਾ ਸੁਪਨਾ ਹੁਣ ਸਾਕਾਰ ਹੋਣ ਕੰਢੇ

ਨੂਰਪੁਰਬੇਦੀ 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਨੂਰਪੁਰ ਬੇਦੀ ਬਲਾਕ ਦੇ ਕਿਸਾਨਾਂ ਦਾ ਦਹਾਕਿਆਂ ਪੁਰਾਣਾ ਸੁਪਨਾ ਹੁਣ ਹਕੀਕਤ ਬਣਨ ਦੇ ਕੰਢੇ ਪਹੁੰਚ ਗਿਆ ਹੈ। ਹਰ ਸਾਲ ਸਤਲੁਜ ਦਰਿਆ ਅਤੇ ਵੱਖ-ਵੱਖ ਖੱਡਾਂ ਦੇ ਪਾਣੀ ਕਾਰਨ ਹੜ੍ਹਾਂ ਦੀ ਮਾਰ ਝੱਲਣ ਵਾਲੇ ਇਸ ਇਲਾਕੇ ਦੇ ਖੇਤਾਂ ਤੱਕ ਹੁਣ ਦਰਿਆਈ ਪਾਣੀ ਸਿੰਚਾਈ ਲਈ ਪਹੁੰਚਣ ਜਾ ਰਿਹਾ ਹੈ। ਇਸ ਮਹੱਤਵਪੂਰਨ ਬਦਲਾਅ ਪਿੱਛੇ ਹਲਕਾ ਰੂਪਨਗਰ ਦੇ ਵਿਧਾਇਕ ਐਡਵੋਕੇਟ ਦਿਨੇਸ਼ ਚੱਢਾ ਦੀ ਲੰਮੇ ਸਮੇਂ ਤੋਂ ਕੀਤੀ ਜਾ ਰਹੀ ਮਿਹਨਤ, ਲਗਾਤਾਰ ਕੋਸ਼ਿਸ਼ਾਂ ਅਤੇ ਸਬੰਧਤ ਵਿਭਾਗਾਂ ਕੋਲ ਕੀਤੀ ਪੈਰਵਾਈ ਅਹਿਮ ਮੰਨੀ ਜਾ ਰਹੀ ਹੈ।

ਇਲਾਕੇ ਦੀ ਇਸ ਵੱਡੀ ਸਮੱਸਿਆ ਨੂੰ ਗੰਭੀਰਤਾ ਨਾਲ ਉਠਾਉਂਦਿਆਂ ਉਨ੍ਹਾਂ ਵੱਲੋਂ ਸਤਲੁਜ ਦੇ ਪਾਣੀ ਦੀ ਖੇਤੀਬਾੜੀ ਲਈ ਵਰਤੋਂ ਕਰਨ ਦਾ ਮੁੱਦਾ ਲਗਾਤਾਰ ਸਰਕਾਰ ਅਤੇ ਜਲ ਸਰੋਤ ਵਿਭਾਗ ਦੇ ਧਿਆਨ ਵਿੱਚ ਲਿਆਂਦਾ ਗਿਆ, ਜਿਸ ਦੇ ਨਤੀਜੇ ਵਜੋਂ ਹੁਣ 650 ਕਰੋੜ ਰੁਪਏ ਦੀ ਲਾਗਤ ਵਾਲੇ ਸਿੰਚਾਈ ਪ੍ਰੋਜੈਕਟ 'ਤੇ ਜੰਗੀ ਪੱਧਰ 'ਤੇ ਕੰਮ ਚੱਲ ਰਿਹਾ ਹੈ। ਇਸ ਯੋਜਨਾ ਦਾ ਮੁੱਖ ਟੀਚਾ ਨੂਰਪੁਰ ਬੇਦੀ ਬਲਾਕ ਦੇ ਪੂਰੇ ਪਿੰਡਾਂ ਨੂੰ ਪੜਾਅਵਾਰ ਨਹਿਰੀ ਅਤੇ ਦਰਿਆਈ ਪਾਣੀ ਦੀ ਸਿੰਚਾਈ ਸਹੂਲਤ ਨਾਲ ਜੋੜਨਾ ਹੈ। ਪਹਿਲੇ ਪੜਾਅ ਤਹਿਤ 9 ਪਿੰਡਾਂ ਦੀ ਚੋਣ ਕੀਤੀ ਗਈ ਹੈ, ਜਿਨ੍ਹਾਂ ਨੂੰ ਆਉਣ ਵਾਲੇ ਇੱਕ ਮਹੀਨੇ ਦੇ ਅੰਦਰ ਸਿੰਚਾਈ ਲਈ ਪਾਣੀ ਦੀ ਸਪਲਾਈ ਸ਼ੁਰੂ ਹੋਣ ਦੀ ਉਮੀਦ ਹੈ। ਇਨ੍ਹਾਂ ਪਿੰਡਾਂ ਵਿੱਚ ਅਬਿਆਣਾ ਕਲਾਂ, ਅਬਿਆਣਾ ਖੁਰਦ, ਛੰਟਾ, ਛੱਜਾ, ਬਜਰੂਰ, ਭੱਟੋ, ਨੰਗਲ, ਮਾਧੋਪੁਰ ਅਤੇ ਸਰਥਲੀ ਸ਼ਾਮਲ ਹਨ। ਇਸ ਪਹਿਲੇ ਪੜਾਅ ਰਾਹੀਂ 2,785 ਏਕੜ ਖੇਤੀਬਾੜੀ ਰਕਬੇ ਨੂੰ ਸਿੰਚਾਈ ਦੀ ਸਹੂਲਤ ਮਿਲੇਗੀ। ਇਸ ਤੋਂ ਬਾਅਦ ਬਾਕੀ ਪਿੰਡਾਂ ਵਿੱਚ ਵੀ ਕੰਮ ਨੂੰ ਤੇਜ਼ੀ ਨਾਲ ਅੱਗੇ ਵਧਾਉਂਦਿਆਂ ਪੂਰੇ ਬਲਾਕ ਨੂੰ ਇਸ ਸਹੂਲਤ ਨਾਲ ਜੋੜਨ ਦਾ ਟੀਚਾ ਹੈ।



ਸਤਲੁਜ ਅਤੇ ਸਵਾਂ ਨਦੀ ਬਣਨਗੇ ਸਿੰਚਾਈ ਦੇ ਮੁੱਖ ਸਰੋਤ

650 ਕਰੋੜ ਰੁਪਏ ਦੀ ਇਸ ਸਮੁੱਚੀ ਯੋਜਨਾ ਵਿੱਚ ਸਤਲੁਜ ਦਰਿਆ ਤੋਂ ਲਿਫਟ ਸਿੰਚਾਈ ਪ੍ਰਣਾਲੀ ਰਾਹੀਂ ਪਾਣੀ ਖੇਤਾਂ ਤੱਕ ਪਹੁੰਚਾਉਣ ਦੇ ਨਾਲ-ਨਾਲ ਸਵਾਂ ਨਦੀ ਅਤੇ ਇਲਾਕੇ ਦੇ ਚੋਆਂ ਦੇ ਪਾਣੀ ਦੀ ਸੰਭਾਲ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਸ ਤਹਿਤ 8 ਤੋਂ 14 ਪਿੰਡਾਂ ਦੇ ਸਮੂਹ ਬਣਾ ਕੇ ਛੋਟੀਆਂ-ਛੋਟੀਆਂ ਲਿਫਟ ਸਿੰਚਾਈ ਸਕੀਮਾਂ ਵਿਕਸਤ ਕੀਤੀਆਂ ਜਾ ਰਹੀਆਂ ਹਨ, ਤਾਂ ਜੋ ਹਰੇਕ ਖੇਤਰ ਦੀ ਲੋੜ ਅਨੁਸਾਰ ਪਾਣੀ ਦੀ ਸਪਲਾਈ ਕੀਤੀ ਜਾ ਸਕੇ।

ਪਹਿਲੇ ਪੜਾਅ ਵਿੱਚ ਪਿੰਡ ਛੱਜਾ ਨੇੜੇ ਨਹਿਰੀ ਸਰੋਤ ਤੋਂ ਪਾਣੀ ਚੁੱਕ ਕੇ ਪਾਈਪਲਾਈਨਾਂ ਰਾਹੀਂ ਅਬਿਆਣਾ ਖੁਰਦ ਅਤੇ ਭੱਟੋ ਵਿਖੇ ਬਣਾਏ ਜਲ ਭੰਡਾਰਾਂ ਤੱਕ ਪਹੁੰਚਾਉਣ ਦੀ ਵਿਵਸਥਾ ਕੀਤੀ ਗਈ ਹੈ। ਇੱਥੋਂ ਅੱਗੇ ਪਾਈਪਲਾਈਨਾਂ ਰਾਹੀਂ ਖੇਤਾਂ ਤੱਕ ਪਾਣੀ ਪਹੁੰਚਾਇਆ ਜਾਵੇਗਾ। ਇਸੇ ਤਰ੍ਹਾਂ ਅਗਲੇ ਪੜਾਵਾਂ ਵਿੱਚ ਹੋਰ ਪਿੰਡਾਂ ਨੂੰ ਵੀ ਇਸ ਪ੍ਰਣਾਲੀ ਨਾਲ ਜੋੜਿਆ ਜਾਵੇਗਾ।

ਹੜ੍ਹਾਂ ਦੇ ਪਾਣੀ ਨੂੰ ਖੇਤੀ ਲਈ ਵਰਤਣ ਦੀ ਤਿਆਰੀ

ਇਸ ਯੋਜਨਾ ਦਾ ਇੱਕ ਹੋਰ ਮਹੱਤਵਪੂਰਨ ਪੱਖ ਸਵਾਂ ਨਦੀ ਨੂੰ ਚੈਨਲਾਈਜ਼ ਕਰਨ ਅਤੇ ਵੱਖ-ਵੱਖ ਚੋਆਂ 'ਤੇ ਬੰਨ੍ਹ ਬਣਾ ਕੇ ਬਰਸਾਤੀ ਪਾਣੀ ਨੂੰ ਸਟੋਰ ਕਰਨਾ ਹੈ। ਇਸ ਨਾਲ ਇੱਕ ਪਾਸੇ ਨਾਲ ਲੱਗਦੇ ਪਿੰਡਾਂ ਨੂੰ ਹੜ੍ਹਾਂ ਦੇ ਖਤਰੇ ਤੋਂ ਰਾਹਤ ਮਿਲਣ ਦੀ ਸੰਭਾਵਨਾ ਹੈ, ਦੂਜੇ ਪਾਸੇ ਇਕੱਠੇ ਕੀਤੇ ਪਾਣੀ ਨੂੰ ਬਾਅਦ ਵਿੱਚ ਸਿੰਚਾਈ ਲਈ ਵਰਤਿਆ ਜਾ ਸਕੇਗਾ। ਇਸ ਤਰ੍ਹਾਂ ਜਿਹੜਾ ਪਾਣੀ ਪਹਿਲਾਂ ਬਰਸਾਤ ਦੌਰਾਨ ਨੁਕਸਾਨ ਦਾ ਕਾਰਨ ਬਣਦਾ ਸੀ, ਉਸ ਨੂੰ ਖੇਤੀਬਾੜੀ ਲਈ ਲਾਭਦਾਇਕ ਬਣਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਧਰਤੀ ਹੇਠਲੇ ਪਾਣੀ 'ਤੇ ਨਿਰਭਰਤਾ ਹੋਵੇਗੀ ਘੱਟ

ਨੂਰਪੁਰ ਬੇਦੀ ਬਲਾਕ ਦੇ ਕਿਸਾਨਾਂ ਨੂੰ ਹੁਣ ਤੱਕ ਸਿੰਚਾਈ ਲਈ ਮੁੱਖ ਤੌਰ 'ਤੇ ਧਰਤੀ ਹੇਠਲੇ ਪਾਣੀ ਅਤੇ ਬਰਸਾਤ 'ਤੇ ਨਿਰਭਰ ਰਹਿਣਾ ਪੈਂਦਾ ਰਿਹਾ ਹੈ। ਸਤਲੁਜ ਦੇ ਪਾਣੀ ਦੀ ਸਪਲਾਈ ਸ਼ੁਰੂ ਹੋਣ ਨਾਲ ਕਿਸਾਨਾਂ ਨੂੰ ਸਿੰਚਾਈ ਦਾ ਇੱਕ ਨਵਾਂ ਸਰੋਤ ਮਿਲੇਗਾ। ਇਸ ਨਾਲ ਟਿਊਬਵੈੱਲਾਂ ਦੀ ਵਰਤੋਂ ਘਟਾਉਣ, ਧਰਤੀ ਹੇਠਲੇ ਪਾਣੀ ਦੀ ਬੱਚਤ ਕਰਨ ਅਤੇ ਖੇਤੀਬਾੜੀ ਦੀ ਲਾਗਤ ਘਟਾਉਣ ਵਿੱਚ ਮਦਦ ਮਿਲ ਸਕਦੀ ਹੈ।

ਵਿਧਾਇਕ ਦਿਨੇਸ਼ ਚੱਢਾ ਦੀ ਲਗਾਤਾਰ ਪੈਰਵਾਈ ਨਾਲ ਅੱਗੇ ਵਧ ਰਹੀ ਇਹ ਯੋਜਨਾ ਹੁਣ ਆਪਣੇ ਪਹਿਲੇ ਪੜਾਅ ਦੇ ਨਤੀਜੇ ਦੇਣ ਵੱਲ ਵਧ ਰਹੀ ਹੈ। ਇੱਕ ਮਹੀਨੇ ਅੰਦਰ ਨੌਂ ਪਿੰਡਾਂ ਦੇ ਖੇਤਾਂ ਤੱਕ ਪਾਣੀ ਪਹੁੰਚਣ ਦੀ ਉਮੀਦ ਅਤੇ ਬਾਕੀ ਪਿੰਡਾਂ ਵਿੱਚ ਕੰਮ ਨੂੰ ਜਲਦ ਮੁਕੰਮਲ ਕਰਨ ਦੇ ਟੀਚੇ ਨੇ ਇਲਾਕੇ ਦੇ ਕਿਸਾਨਾਂ ਵਿੱਚ ਨਵੀਂ ਆਸ ਜਗਾਈ ਹੈ। ਜੇਕਰ ਯੋਜਨਾ ਤੈਅ ਸਮੇਂ ਅਨੁਸਾਰ ਪੂਰੀ ਹੁੰਦੀ ਹੈ ਤਾਂ ਨੂਰਪੁਰ ਬੇਦੀ ਬਲਾਕ ਦੀ ਖੇਤੀਬਾੜੀ ਲਈ ਇਹ ਇੱਕ ਇਤਿਹਾਸਕ ਤਬਦੀਲੀ ਸਾਬਤ ਹੋ ਸਕਦੀ ਹੈ।

ਸਾਬਕਾ ਡੀ.ਐਸ.ਪੀ. ਸੁਰੇਂਦਰ ਧੋਗੜੀ, ਭਾਜਪਾ ਨੇਤਾ ਪ੍ਰਸ਼ਾਂਤ ਗੰਭੀਰ ਅਤੇ ਡੀ.ਐਸ.ਪੀ. ਸੁਰਿੰਦਰ ਪਾਲ ਡੋਗਰੀ 'ਆਪ' ਚ ਸ਼ਾਮਿਲ

ਜਲੰਧਰ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਟਵੀਟ ਕਰਦੇ ਹੋਏ ਕਿਹਾ ਕਿ ਅੱਜ 'ਆਮ ਆਦਮੀ ਪਾਰਟੀ' ਦੇ ਪਰਿਵਾਰ 'ਚ ਕਈ ਅਹਿਮ ਸ਼ਖਸੀਅਤਾਂ ਸ਼ਾਮਲ ਹੋਈਆਂ... ਜਲੰਧਰ ਕਾਂਗਰਸ ਦੇ ਮੌਜੂਦਾ ਉਪ-ਪ੍ਰਧਾਨ ਮਾਈਕ ਖੋਸਲਾ ਜੀ ਅਤੇ ਭਾਜਪਾ ਯੁਵਾ ਮੋਰਚਾ ਦੇ ਮੁੱਖ ਬੁਲਾਰੇ ਤੇ ਉਦਯੋਗਪਤੀ ਪ੍ਰਸ਼ਾਂਤ ਗੰਭੀਰ ਜੀ ਨੇ ਪਾਰਟੀ ਦੀਆਂ ਨੀਤੀਆਂ 'ਚ ਵਿਸ਼ਵਾਸ ਜਤਾਇਆ ਹੈ... ਇਸਦੇ ਨਾਲ ਹੀ ਪੰਜਾਬ ਪੁਲਿਸ 'ਚ ਬਤੌਰ ਡੀ.ਐਸ.ਪੀ. ਬੇਦਾਗ਼ ਅਤੇ ਸ਼ਾਨਦਾਰ ਸੇਵਾਵਾਂ ਨਿਭਾਉਣ ਵਾਲੇ ਸੁਰਿੰਦਰ ਪਾਲ ਡੋਗਰੀ ਜੀ ਦਾ ਵੀ ਪਾਰਟੀ 'ਚ ਨਿੱਘਾ ਸਵਾਗਤ ਹੈ।

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕੀਤੀ ਸ਼ਹਿਰੀ ਸਵਾਮਿਤਵ ਯੋਜਨਾ ਦੀ ਸਮੀਖਿਆ

ਸ਼ਹਿਰੀ ਸਵਾਮਿਤਵ ਯੋਜਨਾ ਤਹਿਤ ਦੁਕਾਨਾਂ ਦੇ ਮਾਲਕਾਨਾ ਹੱਕ ਦੇ ਲੰਬਿਤ ਮਾਮਲਿਆਂ ਦਾ ਇੱਕ ਮਹੀਨੇ ਵਿੱਚ ਨਿਪਟਾਰਾ ਕਰਨ ਦੇ ਦਿੱਤੇ ਸਪੱਸ਼ਟ ਨਿਰਦੇਸ਼



ਚੰਡੀਗੜ੍ਹ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਸਪੱਸ਼ਟ ਨਿਰਦੇਸ਼ ਦਿੱਤੇ ਕਿ ਸ਼ਹਿਰੀ ਸਵਾਮਿਤਵ ਯੋਜਨਾ 1.0 ਅਤੇ ਸ਼ਹਿਰੀ ਸਵਾਮਿਤਵ ਯੋਜਨਾ 2.0 ਤਹਿਤ ਦੁਕਾਨਦਾਰਾਂ ਨੂੰ ਮਾਲਕਾਨਾ ਹੱਕ ਪ੍ਰਦਾਨ ਕਰਨ ਨਾਲ ਸਬੰਧਤ ਸਾਰੇ ਲੰਬਿਤ ਮਾਮਲਿਆਂ ਦਾ ਇੱਕ ਮਹੀਨੇ ਦੇ ਅੰਦਰ ਨਿਪਟਾਰਾ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਯੋਗ ਦੁਕਾਨਦਾਰਾਂ ਨੂੰ ਉਨ੍ਹਾਂ ਦੀਆਂ ਦੁਕਾਨਾਂ ਦਾ ਮਾਲਕਾਨਾ ਹੱਕ ਦੇਣ ਵਿੱਚ ਕਿਸੇ ਕਿਸਮ ਦੀ ਬੇਲੋੜੀ ਦੇਰੀ ਨਹੀਂ ਹੋਣੀ ਚਾਹੀਦੀ। ਇਸ ਦੇ ਲਈ ਸਬੰਧਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਲੰਬਿਤ ਮਾਮਲਿਆਂ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਨ।

ਮੁੱਖ ਮੰਤਰੀ ਮੰਗਲਵਾਰ ਨੂੰ ਚੰਡੀਗੜ੍ਹ ਵਿੱਚ ਸਵਾਮਿਤਵ ਯੋਜਨਾ ਦੀ ਸਮੀਖਿਆ ਮੀਟਿੰਗ

ਹਰਿਆਣਾ ਸਰਕਾਰ ਨੇ ਸੂਬੇ ਦੇ ਕਰਮਚਾਰੀਆਂ ਅਤੇ ਸਫ਼ਾਈ ਕਰਮਚਾਰੀਆਂ ਦੀ ਭਲਾਈ ਲਈ ਕਈ ਵੱਡੇ ਕਦਮ ਚੁੱਕੇ

ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਇੱਕ ਸਰਕਾਰੀ ਬੁਲਾਰੇ ਨੇ ਜਾਣਕਾਰੀ ਦਿੱਤੀ ਹੈ ਕਿ 'ਨਾਨ ਸਟਾਪ ਹਰਿਆਣਾ - ਸਮਰੱਥ ਕਰਮਚਾਰੀ, ਸਸ਼ਕਤ ਪ੍ਰਦੇਸ਼' ਦੇ ਵਿਜ਼ਨ ਤਹਿਤ ਸਰਕਾਰ ਕਰਮਚਾਰੀਆਂ ਦੇ ਹਿੱਤਾਂ ਦੀ ਰਾਖੀ ਅਤੇ ਉਨ੍ਹਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸੇ ਕੜੀ ਤਹਿਤ ਪੇਂਡੂ ਸਫ਼ਾਈ ਕਰਮਚਾਰੀਆਂ ਦੀ ਤਨਖਾਹ ਵਿੱਚ ਵਾਧਾ ਕਰਦਿਆਂ ਇਸ ਨੂੰ ਪਹਿਲਾਂ 15,000 ਰੁਪਏ ਤੋਂ ਵਧਾ ਕੇ 16,000 ਰੁਪਏ ਅਤੇ ਫਿਰ ਮੁੜ ਵਧਾ ਕੇ 18,100 ਰੁਪਏ ਕਰ ਦਿੱਤਾ ਗਿਆ ਹੈ।

ਬੁਲਾਰੇ ਨੇ ਦੱਸਿਆ ਕਿ ਸਰਕਾਰ ਨੇ ਕਰਮਚਾਰੀਆਂ ਦੀ ਸੁਰੱਖਿਆ ਅਤੇ ਬੀਮਾ ਕਵਰ ਨੂੰ ਵੀ ਕਾਫ਼ੀ ਮਜ਼ਬੂਤ ਕੀਤਾ ਹੈ। ਕਰਮਚਾਰੀਆਂ ਦਾ ਅੰਸ਼ਕ ਦਿਵਿਆਂਗਤਾ ਬੀਮਾ ਕਵਰ 10 ਗੁਣਾ ਵਧਾ ਕੇ 5 ਲੱਖ ਰੁਪਏ ਤੋਂ ਸਿੱਧਾ 50 ਲੱਖ ਰੁਪਏ ਕਰ ਦਿੱਤਾ ਗਿਆ ਹੈ, ਜਦੋਂਕਿ ਪੱਕੇ ਕਰਮਚਾਰੀਆਂ ਦੀ ਨਿੱਜੀ ਦੁਰਘਟਨਾ ਬੀਮਾ ਰਾਸ਼ੀ ਨੂੰ 30 ਲੱਖ ਰੁਪਏ ਤੋਂ ਵਧਾ ਕੇ 50 ਲੱਖ ਰੁਪਏ ਕੀਤਾ ਗਿਆ ਹੈ। ਇਸ ਦੇ ਨਾਲ ਹੀ, ਪੱਕੇ ਕਰਮਚਾਰੀਆਂ ਦਾ ਪਰਮਾਨੈਂਟ ਟਰਮ ਇੰਸ਼ੋਰੈਂਸ ਵੀ ਦੁੱਗਣਾ ਕਰਦਿਆਂ 2 ਲੱਖ ਰੁਪਏ ਤੋਂ ਵਧਾ ਕੇ 4 ਲੱਖ ਰੁਪਏ ਕਰ ਦਿੱਤਾ ਗਿਆ ਹੈ। ਕਰਮਚਾਰੀਆਂ ਦੀ ਮੌਤ-ਸਹਿ-ਸੇਵਾਮੁਕਤੀ ਗ੍ਰੈਚੁਟੀ ਦੀ ਵੱਧ ਤੋਂ ਵੱਧ ਹੱਦ ਨੂੰ 20 ਲੱਖ ਰੁਪਏ ਤੋਂ ਵਧਾ ਕੇ 25 ਲੱਖ ਰੁਪਏ ਕਰ ਦਿੱਤਾ ਗਿਆ ਹੈ।

ਪਰਿਵਾਰਾਂ ਨੂੰ ਆਰਥਿਕ ਸਹਾਰਾ ਪ੍ਰਦਾਨ ਕਰਨ ਲਈ ਇੱਕ ਨਵੀਂ ਐਕਸ-ਗ੍ਰੇਸ਼ੀਆ ਸਕੀਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਸਰਕਾਰੀ ਕਰਮਚਾਰੀ ਦਾ 52 ਸਾਲ ਦੀ ਉਮਰ ਤੋਂ ਪਹਿਲਾਂ ਦਿਹਾਂਤ ਹੋਣ 'ਤੇ ਉਸ ਦੇ ਆਸ਼ਰਿਤ ਨੂੰ ਤਰਸ ਦੇ ਆਧਾਰ 'ਤੇ ਨੌਕਰੀ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਤੋਂ ਇਲਾਵਾ, ਐਡਹਾਕ, ਠੇਕੇ ਅਤੇ ਡੀ.ਸੀ. ਰੇਟ 'ਤੇ ਲੱਗੇ ਕਰਮਚਾਰੀਆਂ ਦੀ ਸੇਵਾ ਦੌਰਾਨ ਮੌਤ ਹੋ ਜਾਣ 'ਤੇ ਉਨ੍ਹਾਂ ਦੇ ਪਰਿਵਾਰ ਨੂੰ 3 ਲੱਖ ਰੁਪਏ ਦੀ ਐਕਸ-ਗ੍ਰੇਸ਼ੀਆ ਰਾਸ਼ੀ ਦਿੱਤੇ ਜਾਣ ਦਾ ਪ੍ਰਬੰਧ ਕੀਤਾ ਗਿਆ ਹੈ।

ਮਹਿਲਾ ਕਰਮਚਾਰੀਆਂ ਦੇ ਅਧਿਕਾਰਾਂ ਦਾ ਵਿਸ਼ੇਸ਼ ਧਿਆਨ ਰੱਖਦਿਆਂ ਆਊਟਸੋਰਸਿੰਗ ਨੀਤੀ ਤਹਿਤ ਕੰਮ ਕਰ ਰਹੀਆਂ ਮਹਿਲਾ ਕਰਮਚਾਰੀਆਂ ਨੂੰ ਰੈਗੂਲਰ ਮਹਿਲਾ ਕਰਮਚਾਰੀਆਂ ਦੇ ਬਰਾਬਰ ਜਣੇਪਾ ਛੁੱਟੀ ਦੀ ਸਹੂਲਤ ਪ੍ਰਦਾਨ ਕੀਤੀ ਗਈ ਹੈ, ਅਤੇ ਦਿਵਿਆਂਗ ਮਹਿਲਾ ਕਰਮਚਾਰੀਆਂ ਨੂੰ ਬੱਚਿਆਂ ਦੀ ਦੇਖਭਾਲ ਲਈ 1,500 ਰੁਪਏ ਪ੍ਰਤੀ ਮਹੀਨਾ ਪ੍ਰਤੀ ਬੱਚਾ ਵਿਸ਼ੇਸ਼ ਭੱਤਾ ਦਿੱਤੇ ਜਾਣ ਦਾ ਪ੍ਰਬੰਧ ਕੀਤਾ ਗਿਆ ਹੈ। ਸਰਕਾਰ ਦਾ ਇਹ ਕਦਮ ਸੂਬੇ ਦੇ ਹਰ ਵਰਗ ਦੇ ਕਰਮਚਾਰੀਆਂ ਦੇ ਸਸ਼ਕਤੀਕਰਨ ਨੂੰ ਯਕੀਨੀ ਬਣਾਉਂਦਾ ਹੈ।

ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ



ਫਾਜ਼ਿਲਕਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ, ਫਾਜ਼ਿਲਕਾ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਨੇ ਦੱਸਿਆ ਕਿ ਪੰਜਾਬ ਵਿਧਾਨ ਸਭਾ ਚੋਣਾਂ-2027 ਦੇ ਮੱਦੇਨਜ਼ਰ ਜ਼ਿਲ੍ਹਾ ਫਾਜ਼ਿਲਕਾ ਵਿੱਚ ਅੱਜ ਮਿਤੀ 12 ਨਵੰਬਰ 2026 ਤੋਂ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈ.ਵੀ.ਐਮ.) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀ.ਵੀ.ਪੀ.ਏ.ਟੀ.) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫ.ਐਲ.ਸੀ.) ਸ਼ੁਰੂ ਕਰ ਦਿੱਤੀ ਗਈ ਹੈ।

ਉਨ੍ਹਾਂ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਇਹ ਚੈਕਿੰਗ ਜ਼ਿਲ੍ਹੇ ਦੇ 4 ਵਿਧਾਨ ਸਭਾ ਹਲਕਿਆਂ - ਫਾਜ਼ਿਲਕਾ, ਜਲਾਲਾਬਾਦ, ਅਬੋਹਰ ਅਤੇ ਬੱਲੂਆਣਾ ਲਈ ਕੀਤੀ ਜਾ ਰਹੀ ਹੈ।ਉਨ੍ਹਾਂ ਦੱਸਿਆ ਕਿ ਇਹ ਚੈਕਿੰਗ ਜ਼ਿਲ੍ਹਾ ਚੋਣ ਅਫ਼ਸਰ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀ.ਈ.ਐਲ.) ਦੇ ਅਧਿਕਾਰਤ ਇੰਜੀਨੀਅਰਾਂ ਵੱਲੋਂ ਕੀਤੀ ਜਾ ਰਹੀ ਹੈ। ਫਰਸਟ ਲੈਵਲ ਚੈਕਿੰਗ ਵਿੱਚ ਸਫਲ ਹੋਣ ਵਾਲੀਆਂ ਮਸ਼ੀਨਾਂ ਦੀ ਹੀ ਵਿਧਾਨ ਸਭਾ ਚੋਣਾਂ-2027 ਵਿੱਚ ਵਰਤੋਂ ਕੀਤੀ ਜਾਵੇਗੀ।

ਜ਼ਿਲ੍ਹਾ ਚੋਣ ਅਫ਼ਸਰ ਨੇ ਹੋਰ ਦੱਸਿਆ ਕਿ ਪੂਰੀ ਪ੍ਰਕਿਰਿਆ ਵਿੱਚ ਪੂਰੀ ਪਾਰਦਰਸ਼ਤਾ ਨੂੰ ਯਕੀਨੀ ਬਣਾਉਣ ਲਈ ਫਰਸਟ ਲੈਵਲ ਚੈਕਿੰਗ ਦੀ ਲਾਈਵ ਵੈਬਕਾਸਟਿੰਗ ਕੀਤੀ ਜਾ ਰਹੀ ਹੈ। ਇਸ ਮੌਕੇ ਮਾਨਤਾ ਪ੍ਰਾਪਤ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਵੀ ਹਾਜ਼ਰ ਸਨ।ਉਨ੍ਹਾਂ ਕਿਹਾ ਕਿ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਹਰੇਕ ਮਸ਼ੀਨ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇਗੀ, ਤਾਂ ਜੋ ਚੋਣਾਂ ਦੌਰਾਨ ਕਿਸੇ ਵੀ ਤਰ੍ਹਾਂ ਦੀ ਤਕਨੀਕੀ ਦਿੱਕਤ ਨਾ ਆਵੇ।

ਵਿਧਾਇਕ ਜਿੰਪਾ ਨੇ ਹੁਸ਼ਿਆਰਪੁਰ 'ਚ ਬਾਕਸ ਕ੍ਰਿਕਟ ਅਤੇ ਸਕੇਟਿੰਗ ਟਰੈਕ ਦੇ ਨਿਰਮਾਣ ਕਾਰਜ ਦੀ ਕਰਵਾਈ ਸ਼ੁਰੂਆਤ

ਹੁਸ਼ਿਆਰਪੁਰ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਪੰਜਾਬ ਸਰਕਾਰ ਦੀ 'ਰੰਗਲਾ ਪੰਜਾਬ'ਪਹਿਲਕਦਮੀ ਤਹਿਤ ਹੁਸ਼ਿਆਰਪੁਰ ਵਿੱਚ ਖੇਡ ਸਹੂਲਤਾਂ ਨੂੰ ਹੋਰ ਬਿਹਤਰ ਬਣਾਉਣ ਦੀ ਦਿਸ਼ਾ ਵਿੱਚ ਕਦਮ ਚੁੱਕਦਿਆਂ ਵਿਧਾਇਕ ਬ੍ਰਮ ਸ਼ੰਕਰ ਜਿੰਪਾ ਨੇ ਜ਼ਿਲ੍ਹਾ ਪ੍ਰੀਸ਼ਦ ਕੰਪਲੈਕਸ ਵਿੱਚ 35 ਲੱਖ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਬਾਕਸ ਕ੍ਰਿਕਟ ਮੈਦਾਨ ਅਤੇ ਸਕੇਟਿੰਗ ਟਰੈਕ ਦੇ ਨਿਰਮਾਣ ਕਾਰਜ ਦੀ ਸ਼ੁਰੂਆਤ ਕਰਵਾਈ।

ਵਿਧਾਇਕ ਜਿੰਪਾ ਨੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਪ੍ਰਤੀ ਉਤਸ਼ਾਹਿਤ ਕਰਨਾ ਅਤੇ ਉਨ੍ਹਾਂ ਨੂੰ ਬਿਹਤਰ ਖੇਡ ਸਹੂਲਤਾਂ ਮੁਹੱਈਆ ਕਰਵਾਉਣਾ ਉਨ੍ਹਾਂ ਦੀਆਂ ਤਰਜੀਹਾਂ ਵਿੱਚ ਸ਼ਾਮਲ ਹੈ। ਉਨ੍ਹਾਂ ਦੱਸਿਆ ਕਿ ਵਿਧਾਨ ਸਭਾ ਹਲਕੇ ਵਿੱਚ ਪੇਂਡੂ ਪੱਧਰ 'ਤੇ 30 ਤੋਂ ਵੱਧ ਸਪੋਰਟਸ ਪਾਰਕ ਬਣਾਏ ਜਾ ਚੁੱਕੇ ਹਨ, ਤਾਂ ਜੋ ਪਿੰਡਾਂ ਦੇ ਬੱਚਿਆਂ ਅਤੇ ਨੌਜਵਾਨਾਂ ਨੂੰ ਆਪਣੇ ਆਲੇ-ਦੁਆਲੇ ਹੀ ਖੇਡਾਂ ਲਈ ਢੁਕਵੀਂ ਜਗ੍ਹਾ ਮਿਲ ਸਕੇ। ਉਨ੍ਹਾਂ ਕਿਹਾ ਕਿ ਖੇਡ ਸਹੂਲਤਾਂ ਦੇ ਵਿਸਥਾਰ ਦੇ ਨਾਲ-ਨਾਲ ਇਡੋਰ ਸਟੇਡੀਅਮ ਵਿੱਚ ਜੂਡੋ ਹਾਲ ਦਾ ਵੀ ਵਿਸਥਾਰ ਕੀਤਾ ਗਿਆ ਹੈ ਅਤੇ ਸਟੇਡੀਅਮ ਦੀਆਂ ਸਹੂਲਤਾਂ ਵਿੱਚ ਸੁਧਾਰ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਬੱਚਿਆਂ ਨੂੰ ਖੇਡਾਂ ਨਾਲ ਜੋੜਨਾ ਬੇਹੱਦ ਜ਼ਰੂਰੀ ਹੈ ਖ਼ਾਸ ਤੌਰ 'ਤੇ ਛੋਟੇ ਬੱਚਿਆਂ ਨੂੰ ਸਕੇਟਿੰਗ ਲਈ ਢੁਕਵੀਂ ਜਗ੍ਹਾ ਮੁਹੱਈਆ ਕਰਵਾਉਣਾ ਜ਼ਰੂਰੀ ਹੈ, ਕਿਉਂਕਿ ਪਹਿਲਾਂ ਕਈ ਬੱਚੇ ਸੜਕਾਂ 'ਤੇ ਸਕੇਟਿੰਗ ਕਰਨ ਲਈ ਮਜਬੂਰ ਹੁੰਦੇ ਸਨ, ਜਿਸ ਕਾਰਨ ਹਾਦਸਿਆਂ ਦਾ ਖ਼ਤਰਾ ਬਣਿਆ ਰਹਿੰਦਾ ਸੀ। ਵਿਧਾਇਕ ਨੇ ਕਿਹਾ ਕਿ ਨਵੇਂ ਸਕੇਟਿੰਗ ਟਰੈਕ ਦੇ ਨਿਰਮਾਣ ਨਾਲ ਬੱਚਿਆਂ ਨੂੰ ਸੁਰੱਖਿਅਤ ਮਾਹੌਲ ਮਿਲੇਗਾ। ਇਸ ਦੇ ਨਾਲ ਹੀ ਬੱਚਿਆਂ ਨੂੰ ਸਕੇਟਿੰਗ ਦੀ ਸਿਖਲਾਈ ਦੇਣ ਲਈ ਟ੍ਰੇਨਰ ਦੀ ਸਹੂਲਤ ਵੀ ਮੁਹੱਈਆ ਕਰਵਾਈ ਜਾਵੇਗੀ, ਤਾਂ ਜੋ ਉਹ ਸਹੀ ਮਾਰਗਦਰਸ਼ਨ ਹੇਠ ਆਪਣੀ ਪ੍ਰਤਿਭਾ ਨੂੰ ਨਿਖਾਰ ਸਕਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਮਜ਼ਬੂਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖ ਕੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਲਈ ਲਗਾਤਾਰ ਯਤਨ ਕਰ ਰਹੀ ਹੈ।

ਇਸ ਮੌਕੇ ਮੇਅਰ ਪ੍ਰਵੀਨ ਸੈਣੀ, ਹੁਸ਼ਿਆਰਪੁਰ ਕੋਆਪਰੇਟਿਵ ਬੈਂਕ ਦੇ ਚੇਅਰਮੈਨ ਵਿਕਰਮ ਸ਼ਰਮਾ, ਕੌਂਸਲਰ ਮੁਖੀ ਰਾਮ, ਕੌਂਸਲਰ ਅਜੇ ਵਰਮਾ, ਵਰਿੰਦਰ ਸ਼ਰਮਾ ਬਿੰਦੂ, ਸੁਦਰਸ਼ਨ ਧੀਰ, ਵਰਿੰਦਰ ਵੈਦ, ਪ੍ਰਮੋਦ ਸ਼ਰਮਾ, ਐਸ.ਡੀ.ਓ. ਯਾਦਵਿੰਦਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਵੋਟਰ ਸੂਚੀ ਦੀ ਕਰਵਾਈ ਮੁੱਢਲੀ ਪ੍ਰਕਾਸ਼ਨਾ, ਅੰਤਿਮ ਪ੍ਰਕਾਸ਼ਨਾ 4 ਜਨਵਰੀ 2027 ਨੂੰ : ਜ਼ਿਲ੍ਹਾ ਚੋਣ ਅਫ਼ਸਰ

ਹੁਸ਼ਿਆਰਪੁਰ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-



ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹੇ ਵਿਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਤਹਿਤ ਅੱਜ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫ਼ਸਰਾਂ ਵਲੋਂ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾਂ ਕਰਵਾਈ ਗਈ ਅਤੇ ਹਰੇਕ ਵਿਧਾਨ ਸਭਾ ਚੋਣ ਹਲਕਾ ਵਾਈਜ਼ ਤਿਆਰ ਵੋਟਰ ਸੂਚੀਆਂ ਦਾ ਇਕ-ਇਕ ਸੈੱਟ ਅਤੇ ਬਿਨਾ ਫੋਟੋ ਵੋਟਰ ਸੂਚੀ ਦੀ ਸੀ.ਡੀ. ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਦਿੱਤੀ ਗਈ।

ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨਾਲ ਵੋਟਰ ਸੂਚੀਆਂ ਦੀ ਵਿਸ਼ੇਸ਼ ਸਰਸਰੀ ਸੁਧਾਈ ਦੇ ਸ਼ਡਿਊਲ ਬਾਰੇ ਲੋੜੀਂਦੀ ਜਾਣਕਾਰੀ ਸਾਂਝੀ ਕੀਤੀ ਗਈ। ਉਨ੍ਹਾਂ ਦੱਸਿਆ ਕਿ ਅੱਜ ਵੋਟਰ ਸੂਚੀ ਦੀ ਡਰਾਫਟ ਪ੍ਰਕਾਸ਼ਨਾ ਉਪਰੰਤ 11 ਦਸੰਬਰ 2026 ਤੱਕ ਇਸ ਸਬੰਧੀ ਦਾਅਵੇ ਅਤੇ ਇਤਰਾਜ ਲਏ ਜਾਣਗੇ ਜਿਨ੍ਹਾਂ ਦਾ 28 ਦਸੰਬਰ 2026 ਤੱਕ ਨਿਪਟਾਰਾ ਕਰਨ ਉਪਰੰਤ 4 ਜਨਵਰੀ 2027 ਨੂੰ ਵੋਟਰ ਸੂਚੀ ਦੀ ਅੰਤਿਮ ਪ੍ਰਕਾਸ਼ਨਾ ਹੋਵੇਗੀ। ਉਨ੍ਹਾਂ ਦੱਸਿਆ ਕਿ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਵੋਟਰ ਸੂਚੀ ਦੀ ਮੁੱਢਲੀ ਪ੍ਰਕਾਸ਼ਨਾ ਅਤੇ ਨਵੇਂ ਬਣਾਏ ਗਏ ਪੁਲਿੰਗ ਬੂਥਾਂ ਦੇ ਨਾਲ-ਨਾਲ ਵੋਟਰਾਂ ਦੀ ਗਿਣਤੀ ਦੇ ਵੇਰਵਿਆਂ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਵੋਟਰਾਂ ਦੀ ਸਹੂਲਤ ਲਈ ਜ਼ਿਲ੍ਹਾ ਚੋਣ ਦਫ਼ਤਰ ਅਤੇ ਸਬੰਧਤ ਚੋਣਕਾਰ ਰਜਿਸਟ੍ਰੇਸ਼ਨ ਦੇ ਦਫ਼ਤਰ ਵਿਚ ਮੁੱਢਲੀ ਵੋਟਰ ਸੂਚੀ ਉਪਲਬੱਧ ਹੈ ਜਿਥੇ ਕੋਈ ਵੀ ਵੋਟਰ ਆਪਣੀ ਵੋਟ ਬਾਰੇ ਲੋੜੀਂਦੀ ਜਾਣਕਾਰੀ ਹਾਸਲ ਕਰ ਸਕਦਾ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਮੁੱਖ ਅਫ਼ਸਰ ਦੀ ਵੈਬਸਾਈਟ https://www.ceopunjab.gov.in ਜਾਂ ਜ਼ਿਲ੍ਹਾ ਚੋਣ ਦਫ਼ਤਰ ਦੀ ਸਾਈਟ Hoshiarpur.nic.in 'ਤੇ ਵੀ ਵੋਟਰ ਸੂਚੀ ਉਪਲਬੱਧ ਹੈ ਅਤੇ ਜੇਕਰ ਕਿਸੇ ਵੀ ਵੋਟਰ /ਵਿਅਕਤੀ ਨੇ ਆਪਣੀ ਵੋਟ ਦੇਖਣੀ ਹੋਵੇ ਤਾਂ ਉਹ ਚੋਣਕਾਰ ਰਜਿਸਟ੍ਰੇਸ਼ਨ ਦੇ ਅਫ਼ਸਰਾਂ ਦੇ ਦਫ਼ਤਰਾਂ ਜਾਂ ਆਨਲਾਈਨ ਢੰਗ ਨਾਲ ਦੇਖ ਸਕਦਾ ਹੈ। ਉਨ੍ਹਾਂ ਦੱਸਿਆ ਕਿ 11 ਦਸੰਬਰ ਤੱਕ ਵੋਟਰ ਸੂਚੀ ਨੂੰ ਲੈ ਕੇ ਦਾਅਵੇ ਅਤੇ ਇਤਰਾਜ ਦਿੱਤੇ ਜਾ ਸਕਦੇ ਹਨ ਅਤੇ ਜੇਕਰ ਕੋਈ ਵੀ ਵਿਅਕਤੀ ਜਿਸ ਦੀ ਉਮਰ 1-1-2027 ਨੂੰ 18 ਸਾਲ ਜਾਂ ਇਸ ਤੋਂ ਵੱਧ ਹੋਵੇ ਤੇ ਉਹ ਵੋਟ ਬਣਾਉਣ ਤੋਂ ਰਹਿ ਗਿਆ ਹੋਵੇ ਉਹ ਆਪਣਾ ਫਾਰਮ ਨੰਬਰ-6 ਸਮੇਤ ਦਸਤਾਵੇਜ਼ਾਂ ਭਰ ਕੇ ਸਬੰਧਤ ਬੀ.ਐਲ.ਓਜ਼ /ਏ.ਆਰ.ਓਜ਼ ਦਫ਼ਤਰ ਵਿਚ ਜਾਂ ਆਨਲਾਈਨ ਢੰਗ ਨਾਲ ਅਪਲਾਈ ਕਰ ਸਕਦਾ ਹੈ। ਉਨ੍ਹਾਂ ਨੇ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਨੂੰ ਅਪੀਲ ਕੀਤੀ ਕਿ ਉਹ ਬੂਥ ਲੈਵਲ ਏਜੰਟਾਂ ਨਾਲ ਰਾਬਤਾ ਕਰਕੇ ਵੋਟਰ ਸੂਚੀ ਦੀ ਵਿਸ਼ੇਸ਼ ਸਰਸਰੀ ਸੁਧਾਈ (ਐਸ.ਐਸ.ਆਰ) ਬਾਰੇ ਪੂਰਨ ਸਹਿਯੋਗ ਕਰਨ ਤਾਂ ਜੋ ਕੋਈ ਵੀ ਯੋਗ ਵਿਅਕਤੀ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਸਕੇ।

ਸੁਨੀਲ ਨੇ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਅਹੁਦਾ ਸੰਭਾਲਿਆ



ਪਟਿਆਲਾ, 18 ਨਵੰਬਰ
-ਕੌਮੀ ਪੱਤ੍ਰਿਕਾ ਬਿਊਰੋ-

2023-ਬੈਚ ਦੇ ਆਈ.ਏ.ਐਸ. ਅਧਿਕਾਰੀ ਸੁਨੀਲ ਨੇ ਪਟਿਆਲਾ ਵਿਖੇ ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਵਜੋਂ ਅਹੁਦਾ ਸੰਭਾਲ ਲਿਆ ਹੈ। ਇਸ ਤੋਂ ਪਹਿਲਾਂ, ਉਹ ਰਾਮਪੁਰਾ ਫੂਲ ਅਤੇ ਬਲਾਚੌਰ ਵਿਖੇ ਐਸ.ਡੀ.ਐਮ ਵਜੋਂ ਸੇਵਾ ਨਿਭਾ ਚੁੱਕੇ ਹਨ।

ਕੰਪਿਊਟਰ ਸਾਇੰਸ ਵਿੱਚ ਬੀ.ਟੈਕ ਦੀ ਡਿਗਰੀ ਪ੍ਰਾਪਤ ਇੰਜੀਨੀਅਰ, ਸੁਨੀਲ ਆਪਣੇ ਪਿਛਲੇ ਕਾਰਜਕਾਲ ਦੌਰਾਨ ਪ੍ਰਾਪਤ ਪ੍ਰਸ਼ਾਸਕੀ ਤਜਰਬੇ ਨਾਲ ਲੈਸ ਹਨ। ਅਹੁਦਾ ਸੰਭਾਲਣ ਉਪਰੰਤ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਸੁਨੀਲ ਨੇ ਕਿਹਾ ਕਿ ਉਹ ਜ਼ਿਲ੍ਹੇ ਵਿੱਚ ਸਰਕਾਰੀ ਸਕੀਮਾਂ ਅਤੇ ਵਿਕਾਸ ਪ੍ਰੋਗਰਾਮਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਪੂਰੀ ਲਗਨ ਅਤੇ ਵਚਨਬੱਧਤਾ ਨਾਲ ਕੰਮ ਕਰਨਗੇ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਸ੍ਰੀ ਹਿਮਾਂਸ਼ੂ ਜੈਨ ਦੀ ਅਗਵਾਈ ਹੇਠ, ਉਹ ਪੇਂਡੂ ਵਿਕਾਸ ਵਿੱਚ ਤੇਜ਼ੀ ਲਿਆਉਣ, ਜਨਤਕ ਸੇਵਾਵਾਂ ਤੇਜ਼ੀ ਨਾਲ ਲੋਕਾਂ ਤੱਕ ਪਹੁੰਚਾਉਣ ਨੂੰ ਮਜ਼ਬੂਤ ?ਕਰਨ ਅਤੇ ਇਹ ਯਕੀਨੀ ਬਣਾਉਣ ਲਈ ਹਰ ਸੰਭਵ ਯਤਨ ਕਰਨਗੇ ਕਿ ਸਰਕਾਰੀ ਭਲਾਈ ਸਕੀਮਾਂ ਦਾ ਲਾਭ ਯੋਗ ਲਾਭਪਾਤਰੀਆਂ ਤੱਕ ਪਾਰਦਰਸ਼ੀ ਢੰਗ ਨਾਲ ਅਤੇ ਸਮੇਂ ਸਿਰ ਪਹੁੰਚੇ।

ਏ.ਡੀ.ਸੀ. ਸੁਨੀਲ ਨੇ ਇਸ ਗੱਲ 'ਤੇ ਵੀ ਜ਼ੋਰ ਦਿੱਤਾ ਕਿ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਅਤੇ ਜ਼ਿਲ੍ਹੇ ਭਰ ਦੇ ਪਿੰਡਾਂ ਦੇ ਸਰਵਪੱਖੀ ਵਿਕਾਸ ਨੂੰ ਯਕੀਨੀ ਬਣਾਉਣ ਲਈ ਪੇਂਡੂ ਵਿਕਾਸ ਵਿਭਾਗਾਂ ਅਤੇ ਸਥਾਨਕ ਸੰਸਥਾਵਾਂ ਨਾਲ ਨੇੜਲਾ ਤਾਲਮੇਲ ਬਣਾ ਕੇ ਰੱਖਿਆ ਜਾਵੇਗਾ।

ਯੁੱਧ ਨਸ਼ਿ

ਪੰਜਾਬ ਪੁਲਸ ਦੇ ਗਜਬ ਕਾਰਨਾਮੇ 'ਤੇ ਅਦਾਲਤ ਨੇ ਸੁਣਾਇਆ ਵੱਡਾ ਫ਼ੈਸਲਾ

ਕੌਮੀ ਪੜ੍ਹਿਕਾ

ਮੋਹਾਲੀ 18 ਨਵੰਬਰ। ਮੋਹਾਲੀ ਵਿਖੇ ਪੰਜਾਬ ਪੁਲਸ ਦਾ ਅਨੋਖਾ ਕਾਰਨਾਮਾ ਸਾਹਮਣੇ ਆਇਆ ਹੈ। ਦਰਅਸਲ ਨਸ਼ਿਆਂ ਖ਼?ਲਾਫ਼ ਬਣਾਈ ਗਈ ਐੱਸ. ਟੀ. ਐੱਫ ਵਲੋਂ ਨਸ਼ੀਲੀਆਂ ਗੋਲੀਆਂ ਸਮੇਤ 2 ਮੋਟਰਸਾਈਕਲ ਸਵਾਰਾਂ ਨੂੰ ਗ੍ਰਿਫ਼ਤਾਰ ਕਰਨ ਵਾਲੀ ਕਹਾਣੀ ਅਦਾਲਤ 'ਚ ਝੂਠੀ ਨਿਕਲੀ। ਵਧੀਕ ਜ਼ਿਲ੍ਹਾ ਸੈਸ਼ਨ ਜੱਜ ਨੀਤਿਕਾ ਵਰਮਾ ਦੀ ਅਦਾਲਤ ਵਲੋਂ ਐੱਸ. ਟੀ. ਐੱਫ. ਦੀ ਇਸ ਕਹਾਣੀ ਨੂੰ ਚਿੰਤਾਜਨਕ ਦੱਸਦਿਆਂ ਕਿਹਾ ਗਿਆ ਕਿ ਇਸ 'ਚ ਕੋਈ ਸੱਚਾਈ ਨਹੀਂ ਹੈ, ਭਾਵੇਂ ਉਹ ਮੁਲਜ਼ਮਾਂ ਦੇ ਫੜ੍ਹੇ ਜਾਣ ਦੀ ਥਾਂ ਹੋਵੇ, ਸਮਾਂ ਹੋਵੇ ਜਾਂ ਉਸ ਘਟਨਾ ਵਾਲੇ ਦਿਨ ਵਾਪਰੀਆਂ ਘਟਨਾਵਾਂ ਦਾ ਕ੍ਰਮ ਹੋਵੇ। ਇਸ ਘਟਨਾ ਦੀ ਵੀਡੀਓ ਇਕ ਬਿਲਕੁਲ ਵੱਖਰੀ ਹੀ ਕਹਾਣੀ ਬਿਆਨ ਕਰਦੀ ਹੈ ਅਤੇ ਦਿਖਾਉਂਦੀ ਹੈ ਕਿ ਅਸਲ 'ਚ ਪੁਲਸ ਸਭ ਤੋਂ ਪਹਿਲਾਂ ਮੁਲਜ਼ਮਾਂ ਨੂੰ ਕਿੱਥੇ ਮਿਲੀ ਸੀ। ਵੀਡੀਓ 'ਚ ਮੁਲਜ਼ਮਾਂ ਦੇ ਨਾਲ ਇਕ ਹੋਰ ਵਿਅਕਤੀ ਵੀ ਦਿਖਾਈ ਦਿੰਦਾ ਹੈ, ਜਿਸਨੇ ਨੀਲੀ ਡੈਨਿਮ ਜੈਕਟ ਪਾਈ ਹੋਈ ਹੈ, ਉਸ ਨੂੰ ਵੀ ਮੁਲਜ਼ਮ ਸੰਨੀ ਵਲੇਚਾ ਦੇ ਨਾਲ ਹੀ ਲੈ ਜਾਇਆ ਗਿਆ ਸੀ ਪਰ ਸਰਕਾਰੀ ਧਿਰ ਨੇ ਕਦੇ ਇਹ ਸਪੱਸ਼ਟ ਨਹੀਂ ਕੀਤਾ ਕਿ ਉਹ ਵਿਅਕਤੀ ਕੌਣ ਸੀ ਅਤੇ ਉਸ ਨਾਲ ਕੀ ਵਾਪਰਿਆ। ਇਸ ਬਾਰੇ ਸਪੱਸ਼ਟੀਕਰਨ ਦੇਣ ਦੀ ਬਜਾਏ, ਸਰਕਾਰੀ ਧਿਰ ਨੇ ਪੂਰੀ ਕਹਾਣੀ ਹੀ ਬਦਲ ਦਿੱਤੀ ਅਤੇ ਉਸ ਵਿਅਕਤੀ ਦੀ ਥਾਂ ਕਿਸੇ ਹੋਰ ਮੁਲਜ਼ਮ ਨੂੰ ਪੇਸ਼



ਕਰ ਦਿੱਤਾ। ਇਹ ਸਭ ਦਰਸਾਉਂਦਾ ਹੈ ਕਿ ਜਾਂਚ ਏਜੰਸੀ ਨੇ ਇਕ ਝੂਠੀ ਅਤੇ ਤੋੜ-ਮਰੋੜ ਕੇ ਪੇਸ਼ ਕੀਤੀ ਗਈ ਕਹਾਣੀ ਘੜੀ ਅਤੇ ਇਸਨੂੰ ਸੱਚ ਵਜੋਂ ਪੇਸ਼ ਕਰਨ ਦੀ ਕੋਸ਼ਿਸ਼ ਕੀਤੀ, ਜੋ ਕਿ ਬਹੁਤ ਮੰਦਭਾਗਾ ਅਤੇ ਚਿੰਤਾਜਨਕ ਹੈ। ਸਰਕਾਰੀ ਧਿਰ ਨੇ ਪੂਰੇ ਬਿਰਤਾਂਤ ਨੂੰ ਨਾਟਕੀ ਢੰਗ ਨਾਲ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਅਜਿਹੀ ਸਥਿਤੀ 'ਚ ਅਦਾਲਤ ਕੋਲ ਸਰਕਾਰੀ ਪੱਖ ਦੀ ਕਹਾਣੀ ਨੂੰ ਪੂਰੀ ਤਰ੍ਹਾਂ ਰੱਦ ਕਰਨ ਅਤੇ ਮੁਲਜ਼ਮਾਂ ਨੂੰ 'ਸ਼ੱਕ ਦਾ ਲਾਭ' ਦੇਣ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ ਬਚਦਾ। ਅਦਾਲਤ ਨੇ ਅੱਗੇ ਕਿਹਾ ਕਿ ਸਰਕਾਰੀ ਧਿਰ ਮੁਲਜ਼ਮ ਦੀ ਗ੍ਰਿਫ਼ਤਾਰੀ ਨੂੰ ਸ਼ਾਮ 5:20 ਵਜੇ ਅਤੇ ਮੋਹਾਲੀ ਦੇ ਸੈਕਟਰ-89 'ਚ 'ਗੁਰੂ ਨਾਨਕ ਸਵੀਟਸ' ਦੇ ਨੇੜਲੇ ਇਲਾਕੇ 'ਚ ਹੋਈ ਸਾਬਤ ਕਰਨ 'ਚ ਬੁਰੀ ਤਰ੍ਹਾਂ ਅਸਫਲ ਰਹੀ ਹੈ। ਇਸ ਦੇ ਉਲਟ ਬਚਾਅ ਪੱਖ ਨੇ ਇਕ ਸੀ. ਸੀ. ਟੀ. ਵੀ ਫੁਟੇਜ ਪੇਸ਼ ਕੀਤੀ ਹੈ, ਜਿਸ ਤੋਂ ਪਤਾ ਲੱਗਦਾ ਹੈ ਕਿ ਮੁਲਜ਼ਮ ਸੰਨੀ ਵਲੇਚਾ ਨੂੰ ਉਸਦੀ ਦੁਕਾਨ ਤੋਂ ਫੜਿ ਆ ਗਿਆ ਅਤੇ ਉਹ ਵੀ ਸ਼ਾਮ ਕਰੀਬ 4:20 ਵਜੇ। 12 ਫਰਵਰੀ 2024 ਨੂੰ ਸ਼ਾਮ ਕਰੀਬ 3:40 ਵਜੇ ਸਾਦੇ ਕੱਪੜਿਆਂ 'ਚ ਪੁਲਸ ਅਧਿਕਾਰੀ ਇਕ ਨਿੱਜੀ ਗੱਡੀ 'ਚ ਮੁਲਜ਼ਮ ਸੰਨੀ ਵਲੇਚਾ ਦੀ ਦੁਕਾਨ ਦੇ ਸਾਹਮਣੇ ਆਉਂਦੇ ਦਿਖਾਈ ਦਿੰਦੇ ਹਨ। ਫਿਰ ਸ਼ਾਮ ਕਰੀਬ 4:20 ਵਜੇ ਉਹ ਮੁਲਜ਼ਮ ਸੰਨੀ ਵਲੇਚਾ ਨੂੰ ਇੱਕ ਚਿੱਟੇ ਰੰਗ ਦੀ ਕਾਰ 'ਚ ਲੈ ਜਾਂਦੇ ਹੋਏ ਨਜ਼ਰ ਆਉਂਦੇ ਹਨ। ਰਿਕਾਰਡ 'ਤੇ ਅਜਿਹਾ ਕੋਈ ਸਬੂਤ ਨਹੀਂ ਹੈ, ਜੋ ਇਹ ਦਰਸਾਉਂਦਾ ਹੋਵੇ ਕਿ ਸਹਿ-ਮੁਲਜ਼ਮ ਰਣਜੀਤ ਸਿੰਘ ਉਰਫ਼ ਰਾਨੀਆ ਦਾ ਮੁਲਜ਼ਮ ਸੰਨੀ ਵਲੇਚਾ ਨਾਲ ਕੋਈ ਸਬੰਧ ਜਾਂ ਨਾਤਾ ਹੈ। ਇਸ ਆਧਾਰ 'ਤੇ ਮੁਲਜ਼ਮਾਂ ਖ਼?ਲਾਫ਼ ਐੱਫ. ਆਈ. ਆਰ. ਦਰਜ ਕੀਤੀ ਗਈ ਸੀ, ਸਰਕਾਰੀ ਧਿਰ ਨੇ ਆਪਣੇ ਬਿਆਨ ਦੀ ਸੱਚਾਈ ਸਾਬਤ ਕਰਨ ਲਈ ਇਸਦੇ ਉਲਟ ਕੋਈ ਸਬੂਤ ਪੇਸ਼ ਨਹੀਂ ਕੀਤਾ। ਅਜਿਹੀ ਸਥਿਤੀ 'ਚ ਇਹ ਸਾਬਤ ਕਰਨ ਲਈ ਕਿ ਸਰਕਾਰੀ ਧਿਰ ਵਲੋਂ ਦੱਸੀ ਗਈ ਬਰਾਮਦਗੀ ਅਸਲ 'ਚ ਮੁਲਜ਼ਮਾਂ ਕੋਲੋਂ ਹੀ ਕੀਤੀ ਗਈ ਸੀ, ਸਰਕਾਰੀ ਧਿਰ ਲਈ ਕਿਸੇ ਸੁਤੰਤਰ ਗਵਾਹ ਦੀ ਗਵਾਹੀ ਕਰਵਾਉਣੀ ਜ਼ਰੂਰੀ ਸੀ। ਉਪਰੋਕਤ ਸਾਰੀ ਚਰਚਾ ਪੁਲਸ ਅਧਿਕਾਰੀਆਂ ਦੀ ਧੱਕੇਸ਼ਾਹੀ ਨੂੰ ਦਰਸਾਉਂਦੀ ਹੈ ਅਤੇ ਸਰਕਾਰੀ ਪੱਖ ਦੇ ਬਿਆਨ ਦੀ ਪ੍ਰਮਾਣਿਕਤਾ 'ਤੇ ਸ਼ੱਕ ਪੈਦਾ ਕਰਦੀ ਹੈ। ਇਸ ਲਈ, ਸ਼ੱਕ ਦਾ ਲਾਭ ਮੁਲਜ਼ਮਾਂ ਨੂੰ ਦਿੰਦਿਆ ਰਣਜੀਤ ਸਿੰਘ ਉਰਫ਼ ਰਾਨੀਆ ਅਤੇ ਸੰਨੀ ਵਲੇਚਾ ਨੂੰ ਉਨ੍ਹਾਂ 'ਤੇ ਲਗਾਏ ਗਏ ਦੋਸ਼ਾਂ ਤੋਂ ਬਰੀ ਕਰ ਦਿੱਤਾ ਗਿਆ ਹੈ।

ਚਰਨਜੀਤ ਚੰਨੀ ਭਲਕੇ ਸ਼ੁਰੂ ਕਰਨਗੇ ਸਾਈਕਲ ਯਾਤਰਾ, ਸਚਿਨ ਪਾਇਲਟ ਯਾਤਰਾ ਨੂੰ ਵਿਖਾਉਣਗੇ ਹਰੀ ਝੰਡੀ

ਕੌਮੀ ਪੜ੍ਹਿਕਾ

ਚੰਡੀਗੜ੍ਹ/ਚਮਕੌਰ ਸਾਹਿਬ 18 ਨਵੰਬਰ। ਜਲੰਧਰ ਤੋਂ ਸੰਸਦ ਮੈਂਬਰ ਚਰਨਜੀਤ ਸਿੰਘ ਚੰਨੀ ਕੱਲ੍ਹ ਤੋਂ ਸੂਬੇ 'ਚ 'ਜਵਾਨੀ ਸੰਭਾਲ ਸਾਈਕਲ ਯਾਤਰਾ' ਦੀ ਸ਼ੁਰੂਆਤ ਕਰਨ ਜਾ ਰਹੇ ਹਨ। ਕਾਂਗਰਸ ਪਾਰਟੀ ਦੇ ਰਾਸ਼ਟਰੀ ਜਨਰਲ ਸਕੱਤਰ ਅਤੇ ਪੰਜਾਬ ਇੰਚਾਰਜ ਸਚਿਨ ਪਾਇਲਟ ਇਸ ਯਾਤਰਾ ਨੂੰ ਹਰੀ ਝੰਡੀ ਵਿਖਾ ਕੇ ਰਵਾਨਾ ਕਰਨਗੇ। ਇਸ ਮੌਕੇ ਪੰਜਾਬ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ, ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਅਤੇ ਪਾਰਟੀ ਦੀ ਹੋਰ ਸੀਨੀਅਰ ਲੀਡਰਸ਼ਿਪ ਵੀ ਮੌਜੂਦ ਰਹੇਗੀ। ਉਥੇ ਹੀ ਅੱਜ ਚੰਡੀਗੜ੍ਹ ਤੋਂ 'ਪੰਜਾਬ ਮੰਗਦਾ ਹੈ ਇਨਸਾਫ਼' ਕੈਂਪੇਨ ਸ਼ੁਰੂ ਕੀਤੀ ਗਈ ਹੈ। ਚਰਨਜੀਤ ਸਿੰਘ ਚੰਨੀ ਨੇ ਸਪੱਸ਼ਟ ਕੀਤਾ ਕਿ ਕਾਂਗਰਸ ਪਾਰਟੀ ਦੀ ਅਸਲ ਕੈਂਪੇਨ ਦਾ ਨਾਂ 'ਪੰਜਾਬ ਮੰਗਦਾ ਹੈ ਇਨਸਾਫ਼' ਹੈ ਅਤੇ ਇਹ ਸਾਈਕਲ ਯਾਤਰਾ ਇਸੇ ਕੈਂਪੇਨ ਦਾ ਹਿੱਸਾ ਹੈ। ਇਹ ਯਾਤਰਾ ਆਪਣੇ ਪਹਿਲੇ ਪੜ੍ਹਾਅ 'ਚ ਮਾਲਵਾ ਖੇਤਰ ਦੇ 28 ਵਿਧਾਨ ਸਭਾ ਹਲਕਿਆਂ



ਵਿੱਚੋਂ ਲੰਘੇਗੀ। ਯਾਤਰਾ ਦੀ ਸ਼ੁਰੂਆਤ ਸ਼ਹੀਦਾਂ ਦੀ ਧਰਤੀ ਚਮਕੌਰ ਸਾਹਿਬ ਤੋਂ ਨਤਮਸਤਕ ਹੋ ਕੇ ਹੋਵੇਗੀ। ਚਮਕੌਰ ਸਾਹਿਬ ਤੋਂ ਸ਼ੁਰੂ ਹੋ ਕੇ ਯਾਤਰਾ ਖਮਾਣੋਂ ਅਤੇ ਬੱਸੀ ਪਠਾਣਾ ਹਲਕੇ ਵਿੱਚੋਂ ਹੁੰਦੀ ਹੋਈ ਰਾਤ ਨੂੰ ਸਮਰਾਲਾ ਵਿਖੇ ਰੁਕੇਗੀ। ਸਮਰਾਲਾ ਤੋਂ ਬਾਅਦ ਯਾਤਰਾ ਲੁਧਿਆਣਾ ਦੇ 4 ਹਲਕਿਆਂ ਵਿੱਚੋਂ ਲੰਘੇਗੀ ਅਤੇ ਅਗਲੇ ਦਿਨ ਨਕੋਦਰ ਅਤੇ ਸ਼ਾਹਕੋਟ ਹੁੰਦੀ ਹੋਈ ਧਰਮਕੋਟ ਵਿਖੇ ਪੜਾਅ ਕਰੇਗੀ। 18 ਨਵੰਬਰ ਨੂੰ ਯਾਤਰਾ ਫਰੀਦਕੋਟ, ਕੋਟਕਪੂਰਾ ਅਤੇ ਜੈਤੋ ਹਲਕਿਆਂ ਵਿੱਚੋਂ ਲੰਘੇਗੀ। 18 ਨਵੰਬਰ ਨੂੰ ਤਲਵੰਡੀ ਸਾਬੋ, ਮਾਨਸਾ ਅਤੇ ਰਾਮਪੁਰਾ ਫੂਲ ਵਿੱਚ ਯਾਤਰਾ ਕੱਢੀ ਜਾਵੇਗੀ। ਇਸੇ ਤਰ੍ਹਾਂ 18 ਨਵੰਬਰ ਇਹ ਯਾਤਰਾ ਬਰਨਾਲਾ ਵਿਖੇ ਪਹੁੰਚੇਗੀ। ਚਰਨਜੀਤ ਸਿੰਘ ਚੰਨੀ ਨੇ ਦੱਸਿਆ ਕਿ ਜਿਨ੍ਹਾਂ ਹਲਕਿਆਂ 'ਚ ਇਹ ਯਾਤਰਾ ਸਿੱਧੀ ਨਹੀਂ ਜਾ ਰਹੀ, ਉੱਥੇ ਕਾਂਗਰਸ ਦੇ ਬਾਕੀ ਸੀਨੀਅਰ ਆਗੂ, ਜਿਵੇਂ ਪ੍ਰਤਾਪ ਸਿੰਘ ਬਾਜਵਾ, ਪਰਗਟ ਸਿੰਘ, ਰਾਜਾ ਵੜਿੰਗ, ਰਾਣਾ ਗੁਰਜੀਤ ਸਿੰਘ, ਸੁਖਪਾਲ ਸਿੰਘ ਖਹਿਰਾ, ਭਾਰਤ ਭੂਸ਼ਣ ਆਸ਼ੂ ਅਤੇ ਓਮ ਪ੍ਰਕਾਸ਼ ਸੋਨੀ ਆਪਣੇ-ਆਪਣੇ ਖੇਤਰਾਂ 'ਚ ਜਾ ਕੇ ਮੁਹਿੰਮ ਚਲਾਉਣਗੇ। ਕਾਂਗਰਸ ਪਾਰਟੀ ਸਮੂਹਿਕ ਤੌਰ 'ਤੇ ਇਸ ਪੂਰੇ ਪ੍ਰੋਗਰਾਮ ਨੂੰ ਅੱਗੇ ਵਧਾਏਗੀ।

ਪੀ. ਸੀ. ਐੱਸ. ਪ੍ਰੀਖਿਆ ਦੇ ਨਤੀਜੇ ਨੂੰ ਲੈ ਕੇ ਸੁਨੀਲ ਜਾਖੜ ਨੇ ਪੰਜਾਬ ਸਰਕਾਰ 'ਤੇ ਲਾਏ ਗੰਭੀਰ ਦੋਸ਼

ਕੌਮੀ ਪੜ੍ਹਿਕਾ

ਚੰਡੀਗੜ੍ਹ 18 ਨਵੰਬਰ। ਪੰਜਾਬ ਸਿਵਲ ਸਰਵਿਸਿਜ਼ ਪ੍ਰੀਖਿਆ ਦੇ ਨਤੀਜਿਆਂ 'ਚ ਸਾਹਮਣੇ ਆਈਆਂ ਕਥਿਤ ਧਾਂਦਲੀਆਂ ਅਤੇ ਗੜਬੜੀਆਂ ਨੂੰ ਲੈ ਕੇ ਭਾਜਪਾ ਆਗੂ ਸੁਨੀਲ ਜਾਖੜ ਨੇ ਪੰਜਾਬ ਸਰਕਾਰ 'ਤੇ ਤਿੱਖੇ ਹਮਲੇ ਕੀਤੇ ਹਨ। ਪੀ. ਸੀ. ਐੱਸ. ਪ੍ਰੀਖਿਆਰਥੀਆਂ ਨਾਲ ਗੱਲਬਾਤ ਕਰਦਿਆਂ ਜਾਖੜ ਨੇ ਦੋਸ਼ ਲਾਇਆ ਕਿ ਇਸ ਪ੍ਰੀਖਿਆ ਪ੍ਰਕਿਰਿਆ 'ਚ ਪਾਰਦਰਸ਼ਤਾ ਦੀ ਭਾਰੀ ਕਮੀ ਹੈ ਅਤੇ ਦਾਲ 'ਚ ਕੁਝ ਕਾਲਾ ਨਹੀਂ, ਸਗੋਂ ਸਾਰੀ ਦਾਲ ਹੀ ਕਾਲੀ ਹੈ। ਸੁਨੀਲ ਜਾਖੜ ਨੇ ਪ੍ਰੀਖਿਆ ਦੇ ਨਤੀਜਿਆਂ ਤੋਂ ਪੈਦਾ ਹੋਏ ਮਾਨਸਿਕ ਤਣਾਅ ਵੱਲ ਧਿਆਨ ਦਿਵਾਉਂਦਿਆਂ ਦੱਸਿਆ ਕਿ ਲੁਧਿਆਣਾ ਦੇ ਸਾਹਨੇਵਾਲ ਨਾਲ ਸਬੰਧਤ ਇਕ ਵਿਦਿਆਰਥੀ ਨੇ ਪ੍ਰੀਖਿਆ ਨਤੀਜਿਆਂ ਦੀ ਅਸੰਤੁਸ਼ਟੀ ਕਾਰਨ ਖ਼ੁਦਕੁਸ਼ੀ ਕਰ ਲਈ ਹੈ। ਉਨ੍ਹਾਂ ਕਿਹਾ ਕਿ 6-6 ਸਾਲਾਂ ਤੋਂ ਤਿਆਰੀ ਕਰ ਰਹੇ ਮਿਹਨਤੀ ਬੱਚਿਆਂ ਨੂੰ ਨਤੀਜਿਆਂ



ਦੀ ਚੋਣ ਲਿਸਟ ਵਿੱਚੋਂ ਬਾਹਰ ਕਰ ਦਿੱਤਾ ਗਿਆ ਹੈ। ਪ੍ਰੀਖਿਆ ਪ੍ਰਕਿਰਿਆ 'ਚ ਹੋਈਆਂ ਗੜਬੜੀਆਂ ਦਾ ਜ਼ਿਕਰ ਕਰਦੇ ਉਨ੍ਹਾਂ ਦੱਸਿਆ ਗਿਆ ਕਿ ਇਕ-ਇਕ ਪ੍ਰੀਖਿਆ ਕੇਂਦਰ ਜਾਂ ਕਮਰੇ 'ਚੋਂ ਲਗਾਤਾਰ ਕਈ-ਕਈ ਉਮੀਦਵਾਰ (ਕਲੱਸਟਰ ਸਿਲੈਕਸ਼ਨ) ਪਾਸ ਹੋਏ ਹਨ। ਜਾਖੜ ਨੇ ਕਿਹਾ ਕਿ ਸੁਪਰੀਮ ਕੋਰਟ ਦੇ ਹੁਕਮਾਂ ਮੁਤਾਬਕ ਅਜਿਹੇ ਕਲੱਸਟਰ ਨਤੀਜਿਆਂ ਦੀ ਉੱਚ ਪੱਧਰੀ ਜਾਂਚ ਹੋਣੀ ਲਾਜ਼ਮੀ ਹੈ। ਇਸ ਤੋਂ ਇਲਾਵਾ ਪ੍ਰਸ਼ਨ ਪੱਤਰਾਂ ਦੇ ਸੀਲ ਬੰਡਲ ਖੋਲ੍ਹਣ ਸਬੰਧੀ ਸਟੈਂਡਰਡ ਓਪਰੇਟਿੰਗ ਪ੍ਰੋਸੀਜਰ ਅਤੇ ਮੁਲਾਂਕਣਕਰਤਾਵਾਂ ਦੀ ਯੋਗਤਾ ਦੀਆਂ ਉਲੰਘਣਾਵਾਂ 'ਤੇ ਵੀ ਸਵਾਲ ਖੜ੍ਹੇ ਕੀਤੇ ਗਏ। ਜਦੋਂ ਤੱਕ ਪ੍ਰੀਖਿਆ ਪ੍ਰਕਿਰਿਆ 'ਤੇ ਬਣੇ ਸ਼ੱਕ ਦੂਰ ਨਹੀਂ ਹੁੰਦੇ, ਉਦੋਂ ਤੱਕ ਇੰਟਰਵਿਊ ਅਤੇ ਅਗਲੀ ਭਰਤੀ ਪ੍ਰਕਿਰਿਆ ਨੂੰ ਤੁਰੰਤ ਮੁਅੱਤਲ ਕੀਤਾ ਜਾਵੇ। ਸਿਰਫ਼ ਰੋਲ ਨੰਬਰ ਜਾਰੀ ਕਰਨ ਦੀ ਬਜਾਏ ਪਾਸ ਹੋਏ ਉਮੀਦਵਾਰਾਂ ਦੇ ਨਾਂ, ਪ੍ਰਾਪਤ ਅੰਕ ਅਤੇ ਸ਼੍ਰੇਣੀ ਵਾਰ ਪੂਰੀ ਲਿਸਟ ਜਾਰੀ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਸਾਰੇ ਮਾਮਲੇ ਦੀ ਨਿਰਪੱਖ ਸੀ. ਬੀ. ਆਈ. ਜਾਂਚ ਕਰਵਾਈ ਜਾਵੇ। ਸੁਨੀਲ ਜਾਖੜ ਨੇ 'ਆਪ' ਸਰਕਾਰ ਦੇ 'ਸਿੱਖਿਆ ਕ੍ਰਾਂਤੀ' ਦੇ ਦਾਅਵਿਆਂ 'ਤੇ ਨਿਸ਼ਾਨਾ ਸਾਧਦਿਆਂ ਅਰਵਿੰਦ ਕੇਜਰੀਵਾਲ ਅਤੇ ਸਰਕਾਰ ਨੂੰ ਸਥਿਤੀ ਸਪੱਸ਼ਟ ਕਰਨ ਦੀ ਅਪੀਲ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਉਹ ਪੀੜਤ ਵਿਦਿਆਰਥੀਆਂ ਦੀ ਆਵਾਜ਼ ਕੇਂਦਰੀ ਗ੍ਰਹਿ ਮੰਤਰੀ ਤੱਕ ਵੀ ਪਹੁੰਚਾਉਣਗੇ।

ਹਾਈ ਕੋਰਟ ਨੇ ਨਗਰ ਨਿਗਮਾਂ ਦੇ ਸੇਵਾਮੁਕਤ ਮੁਲਾਜ਼ਮਾਂ ਦੇ ਬਕਾਏ ਸਬੰਧੀ ਮੰਗੀ ਵਿਸਥਾਰਤ ਰਿਪੋਰਟ

ਚੰਡੀਗੜ੍ਹ 18 ਨਵੰਬਰ। ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਪੰਜਾਬ ਦੇ ਨਗਰ ਨਿਗਮਾਂ, ਨਗਰ ਕੌਂਸਲਾਂ, ਨਗਰ ਪੰਚਾਇਤਾਂ ਅਤੇ ਸੁਧਾਰ ਟਰੱਸਟਾਂ ਦੇ ਮੁਲਾਜ਼ਮਾਂ ਦੇ ਬਕਾਇਆ ਸੇਵਾਮੁਕਤੀ ਲਾਭਾਂ ਅਤੇ ਜਨਰਲ ਪ੍ਰਾਵੀਡੈਂਟ ਫੰਡ ਦੀਆਂ ਜਮ?ਹਾਂ ਨਾ ਹੋਈਆਂ ਰਕਮਾਂ ਬਾਰੇ ਸਰਕਾਰ ਤੋਂ ਵਿਸਥਾਰਤ ਰਿਪੋਰਟ ਮੰਗੀ ਹੈ। ਜਸਟਿਸ ਨਮਿਤ ਕੁਮਾਰ ਨੇ ਸਰਕਾਰ ਨੂੰ ਕੁੱਲ ਬਕਾਇਆ ਰਕਮ, ਇਸ ਦੀ ਅਦਾਇਗੀ ਲਈ ਲੋੜੀਂਦੇ ਫੰਡਾਂ ਅਤੇ ਬਜਟ ਦਾ ਵੇਰਵਾ ਦੇਣ ਦੇ ਨਾਲ-ਨਾਲ ਅਦਾਇਗੀ ਦੀ ਸਮਾਂ-ਸੀਮਾ ਵੀ ਦੱਸਣ ਦੇ ਨਿਰਦੇਸ਼ ਦਿੱਤੇ ਹਨ। ਇਸ ਬਾਰੇ ਦੋ ਪਟੀਸ਼ਨਾਂ ਦੀ ਸੁਣਵਾਈ ਦੌਰਾਨ ਅਦਾਲਤ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਦਾਇਰ ਕੀਤੀ ਪਾਲਣਾ ਰਿਪੋਰਟ ਵਿਚ ਕਈ ਅਹਿਮ ਸਵਾਲਾਂ ਦੇ ਜਵਾਬ ਨਹੀਂ ਦਿੱਤੇ ਗਏ। ਅਦਾਲਤ ਨੇ ਪੁੱਛਿਆ ਕਿ ਕਿੰਨੇ ਮੁਲਾਜ਼ਮਾਂ ਦੀਆਂ ਤਨਖ਼ਾਹਾਂ ਵਿੱਚੋਂ ਕੱਟੀ ਗਈ ਜੀਪੀਐੱਫ ਦੀ ਰਕਮ ਉਨ੍ਹਾਂ ਦੇ ਖਾਤਿਆਂ ਵਿੱਚ ਜਮ?ਹਾਂ ਨਹੀਂ ਕਰਵਾਈ ਗਈ। ਇਸ ਤੋਂ ਇਲਾਵਾ ਪੀਐੱਫ ਅਤੇ ਯੋਗਦਾਨੀ ਭਵਿੱਖ ਨਿਧੀ ਦੀਆਂ ਬਕਾਇਆ ਰਕਮਾਂ ਦਾ ਵੇਰਵਾ ਅਤੇ ਇਨ੍ਹਾਂ ਦੀ ਅਦਾਇਗੀ ਲਈ ਲੋੜੀਂਦੇ ਫੰਡਾਂ ਬਾਰੇ ਵੀ ਜਾਣਕਾਰੀ ਮੰਗੀ ਗਈ ਹੈ। ਇਸ ਦੌਰਾਨ ਜਸਟਿਸ ਕੁਮਾਰ ਨੇ ਕਿਹਾ ਕਿ ਅਦਾਲਤ ਨੇ ਕਈ ਮਾਮਲਿਆਂ ਵਿਚ ਦੇਖਿਆ ਹੈ ਕਿ ਸੇਵਾਮੁਕਤ ਹੋਣ ਵਾਲੇ ਮੁਲਾਜ਼ਮਾਂ ਨੂੰ ਸਮੇਂ ਸਿਰ ਉਨ੍ਹਾਂ ਦੇ ਬਣਦੇ ਲਾਭ ਨਹੀਂ ਦਿੱਤੇ ਜਾਂਦੇ। ਪਹਿਲੀ ਤੇ ਦੂਜੀ ਸ਼੍ਰੇਣੀ ਦੇ ਮੁਲਾਜ਼ਮਾਂ ਨੂੰ ਅਕਸਰ ਜਲਦੀ ਅਦਾਇਗੀ ਹੋ ਜਾਂਦੀ ਹੈ, ਜਦੋਂਕਿ ਤੀਜੀ ਤੇ ਚੌਥੀ ਸ਼੍ਰੇਣੀ ਦੇ ਮੁਲਾਜ਼ਮਾਂ ਨੂੰ ਕਈ ਮਹੀਨਿਆਂ ਤਕ ਉਡੀਕ ਕਰਨੀ ਪੈਂਦੀ ਹੈ।

ਆਪ ਨੇ ਚਮਕੌਰ ਸਾਹਿਬ ਤੋਂ ਚਰਨਜੀਤ ਚੰਨੀ ਦੇ ਖ਼ਿਲਾਫ਼ ਜਸਵੀਰ ਸਿੰਘ ਗੜ੍ਹੀ ਨੂੰ ਉਤਾਰਿਆ ਮੈਦਾਨ 'ਚ

ਹੁਸ਼ਿਆਰਪੁਰ 18 ਨਵੰਬਰ। ਫਿਲੌਰ ਖੇਤਰ ਨਾਲ ਸਬੰਧਤ ਜਸਵੀਰ ਸਿੰਘ ਗੜ੍ਹੀ ਦਲਿਤ ਭਾਈਚਾਰੇ ਦੇ ਪ੍ਰਮੁੱਖ ਆਗੂਆਂ ਵਿੱਚੋਂ ਇੱਕ ਹਨ। ਸਿਆਸਤ ਵਿੱਚ ਆਉਣ ਤੋਂ ਪਹਿਲਾਂ, ਉਹ ਪੰਜਾਬ ਸਰਕਾਰ ਵਿੱਚ ਵੈਟਰਨਰੀ ਇੰਸਪੈਕਟਰ ਸਨ। ਉਨ੍ਹਾਂ ਨੇ 2019 ਵਿੱਚ ਆਪਣੀ ਨੌਕਰੀ ਛੱਡ ਦਿੱਤੀ ਅਤੇ ਬਸਪਾ ਨਾਲ ਆਪਣੇ ਸਿਆਸੀ ਸਫ਼ਰ ਦੀ ਸ਼ੁਰੂਆਤ ਕੀਤੀ; ਉਹ 2019 ਤੋਂ 2024 ਤੱਕ ਬਸਪਾ ਪੰਜਾਬ ਦੇ ਸੂਬਾ ਪ੍ਰਧਾਨ ਰਹੇ। ਗੜ੍ਹੀ ਨੇ 2022 ਵਿੱਚ ਫਗਵਾੜਾ ਵਿਧਾਨ ਸਭਾ ਸੀਟ ਤੋਂ ਅਤੇ 2024 ਵਿੱਚ ਸ੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਤੋਂ ਬਸਪਾ ਦੀ ਟਿਕਟ 'ਤੇ ਚੋਣ ਲੜੀ ਸੀ। ਨਵੰਬਰ 2024 ਵਿੱਚ, ਅਨੁਸ਼ਾਸਨਹੀਣਤਾ ਦੇ ਦੋਸ਼ਾਂ ਕਾਰਨ ਉਨ੍ਹਾਂ ਨੂੰ ਪਾਰਟੀ ਵਿੱਚੋਂ ਕੱਢ ਦਿੱਤਾ ਗਿਆ ਸੀ। ਇਸ ਤੋਂ ਬਾਅਦ, 1 ਜਨਵਰੀ 2025 ਨੂੰ, ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਮੌਜੂਦਗੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ। ਮਾਰਚ 2025 ਵਿੱਚ, ਉਨ੍ਹਾਂ ਨੂੰ ਪੰਜਾਬ ਰਾਜ ਅਨੁਸੂਚਿਤ